ਸ਼ਨੀਵਾਰ, 22 ਮਾਰਚ, 2025
9 ਚੇਤ { ਨਾਨਕਸ਼ਾਹੀ 557 / ਬਿਕਰਮੀ 2081
ਜਿਲਦ/VOL. : 73
ਅੰਕ/NO. : 290

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • SATURDAY, 22 MARCH, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਨੋਟਾਂ ਵਾਲੇ ਜੱਜ ਦੀ ਜਾਂਚ ਸ਼ੁਰੂ

ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਦੇ ਜੱਜ ਯਸ਼ਵੰਤ ਵਰਮਾ ਦੇ ਘਰੋਂ ਕਰੀਬ 15 ਕਰੋੜ ਰੁਪਏ ਬਰਾਮਦ ਹੋਣ ਦੇ ਬਾਅਦ ਸੁਪਰੀਮ ਕੋਰਟ ਦੇ ਕਾਲੇਜਿਅਮ ਨੇ ਉਸਨੂੰ ਵਾਪਸ ਇਲਾਹਾਬਾਦ ਹਾਈ ਕੋਰਟ ਬਦਲਣ ਦਾ ਫੈਸਲਾ ਕੀਤਾ ਹੈ। ਉਸ ਵਿਰੁੱਧ ਦਿੱਲੀ ਹਾਈ ਕੋਰਟ ਦੇ ਚੀਫ ਜਸਟਿਸ ਨੇ ਜਾਂਚ ਵੀ ਸ਼ੁਰੂ ਕਰ ਦਿੱਤੀ ਹੈ। ਚੀਫ ਜਸਟਿਸ ਸੁਪਰੀਮ ਕੋਰਟ ਨੂੰ ਰਿਪੋਰਟ ਕਰਨਗੇ। ਹੋਲੀ ਦੀਆਂ ਛੁੱਟੀਆਂ ਦੌਰਾਨ ਜਸਟਿਸ ਵਰਮਾ ਦੇ ਸਰਕਾਰੀ ਬੰਗਲੇ ਵਿੱਚ ਅੱਗ ਲੱਗ ਗਈ ਸੀ। ਉਦੋਂ ਉਹ ਘਰ ਵਿੱਚ ਨਹੀਂ ਸੀ। ਪਰਵਾਰ ਨੇ ਫਾਇਰ ਬ੍ਰਿਗੇਡ ਨੂੰ ਫੋਨ ਕੀਤਾ। ਅੱਗ ਬੁਝਾਉਣ ਤੋਂ ਬਾਅਦ ਕੈਸ਼ ਮਿਲਿਆ। ਸੂਤਰਾਂ ਮੁਤਾਬਕ ਸੁਪਰੀਮ ਕੋਰਟ ਦੇ ਚੀਫ ਜਸਟਿਸ ਸੰਜੀਵ ਖੰਨਾ ਨੂੰ ਜਦੋਂ ਜਾਣਕਾਰੀ ਮਿਲੀ ਤਾਂ ਉਨ੍ਹਾ ਪੰਜ ਮੈਂਬਰੀ ਕਾਲੇਜਿਅਮ, ਜਿਸ ਵਿੱਚ ਸੀਨੀਅਰ ਜੱਜ ਹੁੰਦੇ ਹਨ, ਦੀ ਮੀਟਿੰਗ ਕਰਕੇ ਜਸਟਿਸ ਵਰਮਾ ਦੀ ਬਦਲੀ ਦਾ ਫੈਸਲਾ ਕੀਤਾ। ਹਾਲਾਂਕਿ ਸ਼ਾਮ ਨੂੰ ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਜਸਟਿਸ ਵਰਮਾ ਦੀ ਬਦਲੀ ਦਾ ਉਸ ਬਾਰੇ ਫੈਲੀਆਂ ਖ਼ਬਰਾਂ ਨਾਲ ਸੰਬੰਧ ਨਹੀਂ ਹੈ। ਇਹ ਸਿਰਫ ਬਦਲੀਆਂ ਦੀ ਪ੍ਰਕਿਰਿਆ ਦਾ ਹੀ ਹਿੱਸਾ ਹੈ।

ਉਧਰ, ਇਲਾਹਾਬਾਦ ਹਾਈ ਕੋਰਟ ਬਾਰ ਐਸੋਸੀਏਸ਼ਨ ਨੇ ਜਸਟਿਸ ਵਰਮਾ ਦੀ ਇਲਾਹਾਬਾਦ ਦੀ ਬਦਲੀ ਦਾ ਵਿਰੋਧ ਕਰਦਿਆਂ ਕਾਲੇਜਿਅਮ ਦੇ ਫੈਸਲੇ 'ਤੇ ਗੰਭੀਰ ਸਵਾਲ ਉਠਾਇਆ ਹੈ ਕਿ ਕੀ ਇਲਾਹਾਬਾਦ ਵਾਲੇ ਕੂੜਾਦਾਨ ਹਨ। ਜਸਟਿਸ ਵਰਮਾ ਨੂੰ ਇੱਕ ਫਰਵਰੀ 2016 ਨੂੰ ਇਲਾਹਾਬਾਦ ਤੋਂ ਹੀ ਦਿੱਲੀ ਬਦਲਿਆ ਗਿਆ ਸੀ।

ਇਹ ਮਾਮਲਾ ਸ਼ੁੱਕਰਵਾਰ ਨੂੰ ਰਾਜ ਸਭਾ ਵਿੱਚ ਉਠਾਇਆ ਗਿਆ, ਜਿਸ ਬਾਰੇ ਚੇਅਰਮੈਨ ਜਗਦੀਪ ਧਨਖੜ ਨੇ ਕਿਹਾ ਕਿ ਉਹ ਇਸ ਮੁੱਦੇ 'ਤੇ ਢਾਂਚਾਗਤ ਚਰਚਾ ਕਰਨ ਲਈ ਇਕ ਵਿਧੀ ਲੱਭਣਗੇ। ਮੁੱਦਾ ਉਠਾਉਂਦੇ ਹੋਏ ਕਾਂਗਰਸ ਮੈਂਬਰ ਜੈਰਾਮ ਰਮੇਸ਼ ਨੇ ਨਿਆਂਇਕ ਜਵਾਬਦੇਹੀ 'ਤੇ ਚੇਅਰਪਰਸਨ ਤੋਂ ਜਵਾਬ ਵੀ ਮੰਗਿਆ ਅਤੇ ਉਨ੍ਹਾ ਨੂੰ ਇਲਾਹਾਬਾਦ ਹਾਈ ਕੋਰਟ ਦੇ ਇੱਕ ਜੱਜ ਦੇ ਮਹਾਂਦੋਸ਼ ਸੰਬੰਧੀ ਪੈਂਡਿੰਗ ਨੋਟਿਸ ਬਾਰੇ ਯਾਦ ਕਰਾਇਆ।

ਜੈਰਾਮ ਰਮੇਸ਼ ਨੇ ਕਿਹਾ, "ਅੱਜ ਸਵੇਰੇ, ਅਸੀਂ ਦਿੱਲੀ ਹਾਈ ਕੋਰਟ ਦੇ ਇੱਕ ਜੱਜ ਦੇ ਘਰੋਂ ਵੱਡੀ ਮਾਤਰਾ ਵਿੱਚ ਨਕਦੀ ਮਿਲਣ ਦੇ ਹੈਰਾਨ ਕਰਨ ਵਾਲੇ ਮਾਮਲੇ ਬਾਰੇ ਪੜ੍ਹਿਆ ਹੈ। ਇਸ ਤੋਂ ਪਹਿਲਾਂ ਸੰਸਦ ਦੇ 50 ਮੈਂਬਰਾਂ ਨੇ ਇਲਾਹਾਬਾਦ ਹਾਈ ਕੋਰਟ ਦੇ ਇੱਕ ਜੱਜ ਵੱਲੋਂ ਕੀਤੀਆਂ ਗਈਆਂ ਕੁਝ ਟਿੱਪਣੀਆਂ ਬਾਰੇ ਚੇਅਰਮੈਨ ਨੂੰ ਨੋਟਿਸ ਸੌਂਪਿਆ ਸੀ। ਮੈਂ ਬੇਨਤੀ ਕਰਦਾ ਹਾਂ ਕਿ ਤੁਸੀਂ ਕ੍ਰਿਪਾ ਕਰਕੇ ਇਸ 'ਤੇ ਕੁਝ ਟਿੱਪਣੀਆਂ ਕਰੋ ਤੇ ਸਰਕਾਰ ਨੂੰ ਨਿਆਂਇਕ ਜਵਾਬਦੇਹੀ ਵਧਾਉਣ ਲਈ 1 ਪ੍ਰਸਤਾਵ ਲਿਆਉਣ ਲਈ ਜ਼ਰੂਰੀ ਨਿਰਦੇਸ਼ ਦਿਓ। ਜੇ ਅਜਿਹੀ ਘਟਨਾ ਕਿਸੇ ਸਿਆਸਤਦਾਨ, ਨੌਕਰਸ਼ਾਹ ਜਾਂ ਉਦਯੋਗਪਤੀ ਨਾਲ ਸੰਬੰਧਤ ਹੁੰਦੀ ਤਾਂ ਉਹ ਤੁਰੰਤ ਨਿਸ਼ਾਨਾ ਬਣ ਜਾਂਦਾ ਹੈ। ਚੇਅਰਮੈਨ ਨੇ ਕਿਹਾ ਕਿ ਉਹ ਸਦਨ ਦੇ ਨੇਤਾ ਅਤੇ ਵਿਰੋਧੀ ਧਿਰ ਦੇ ਨੇਤਾ ਨਾਲ ਸੰਪਰਕ ਕਰਨਗੇ ਅਤੇ ਸੈਸ਼ਨ ਦੌਰਾਨ ਇੱਕ ਢਾਂਚਾਗਤ ਚਰਚਾ ਲਈ ਇੱਕ ਵਿਧੀ ਲੱਭਣਗੇ। ਸੀਨੀਅਰ ਵਕੀਲ ਤੇ ਸੁਪਰੀਮ ਕੋਰਟ ਬਾਰ ਕੌਂਸਲ ਦੇ ਪ੍ਰਧਾਨ ਕਪਿਲ ਸਿੱਬਲ ਨੇ ਸਦਨ ਵਿੱਚ ਕਿਹਾ ਕਿ ਉਨ੍ਹਾ ਨੂੰ ਮਾਮਲੇ ਦੀ ਬਾਰੀਕੀਆਂ ਦਾ ਨਹੀਂ ਪਤਾ ਪਰ ਨਿਆਪਾਲਿਕਾ ਅੰਦਰ ਭ੍ਰਿਸ਼ਟਾਚਾਰ ਦਾ ਮੁੱਦਾ ਬਹੁਤ ਗੰਭੀਰ ਮੁੱਦਾ ਹੈ। ਵਕਤ ਆ ਗਿਆ ਹੈ ਕਿ ਸੁਪਰੀਮ ਕੋਰਟ ਇਸ ਮੁੱਦੇ 'ਤੇ ਵਿਚਾਰ ਕਰਨਾ ਸ਼ੁਰੂ ਕਰੇ ਕਿ ਜੱਜਾਂ ਦੀ ਨਿਯੁਕਤੀ ਪ੍ਰਕਿਰਿਆ ਕਿਹੋ ਜਿਹੀ ਹੋਣੀ ਚਾਹੀਦੀ ਹੈ। ਇਸਨੂੰ ਵਧੇਰੇ ਪਾਰਦਰਸ਼ੀ ਬਣਾਉਣਾ ਪੈਣਾ ਹੈ।

'ਵਾਲਾਂ 'ਤੇ ਟਿੱਪਣੀ ਸੈਕਸੁਅਲ ਹਰਾਸਮੈਂਟ ਨਹੀਂ'

ਮੁੰਬਈ : ਮਹਿਲਾ ਸਾਥੀ ਦੇ ਵਾਲਾਂ ਬਾਰੇ ਗਾਣਾ ਗਾਉਣਾ ਜਾਂ ਕੋਈ ਟਿੱਪਣੀ ਕਰਨ ਤੋਂ ਇਹ ਅਰਥ ਨਹੀਂ ਕੱਢਿਆ ਜਾ ਸਕਦਾ ਕਿ ਕੰਮ ਵਾਲੀ ਥਾਂ 'ਤੇ ਉਸਨੂੰ ਜਿਸਮਾਨੀ ਤੌਰ 'ਤੇ ਤੰਗ ਕੀਤਾ ਗਿਆ। ਬੰਬੇ ਹਾਈ ਕੋਰਟ ਦੇ ਇਸ ਫੈਸਲੇ ਨਾਲ ਇੱਕ ਪ੍ਰਾਈਵੇਟ ਬੈਂਕ ਦੇ ਸੀਨੀਅਰ ਐਗਜ਼ੈਕਟਿਵ ਨੂੰ ਕਾਫੀ ਰਾਹਤ ਮਿਲੀ ਹੈ। ਜਸਟਿਸ ਸੰਦੀਪ ਮਾਰਨੇ ਨੇ 18 ਮਾਰਚ ਦੇ ਫੈਸਲੇ ਵਿੱਚ ਕਿਹਾ ਕਿ ਜੇ ਪਟੀਸ਼ਨਰ ਖਿਲਾਫ ਦੋਸ਼ਾਂ ਨੂੰ ਸੱਚ ਵੀ ਮੰਨ ਲਿਆ ਜਾਵੇ, ਉਨ੍ਹਾਂ ਤੋਂ ਜਿਸਮਾਨੀ ਛੇੜਛਾੜ ਦਾ ਠੋਸ ਪ੍ਰਭਾਵ ਨਹੀਂ ਕਬੂਲਿਆ ਜਾ ਸਕਦਾ। ਐੱਚ ਡੀ ਐੱਫ ਸੀ ਬੈਂਕ ਦੇ ਪੁਣੇ ਸਥਿਤ ਐਸੋਸੀਏਟ ਰਿਜਨਲ ਮੈਨੇਜਰ ਵਿਨੋਦ ਕਚਾਵੇ ਨੇ ਇੰਡਸਟ੍ਰੀਅਲ ਕੋਰਟ ਦੇ ਜੁਲਾਈ 2024 ਦੇ ਫੈਸਲੇ ਨੂੰ ਹਾਈ ਕੋਰਟ ਵਿੱਚ ਚੈਲੰਜ ਕੀਤਾ ਸੀ। ਇੰਡਸਟ੍ਰੀਅਲ ਕੋਰਟ ਨੇ ਕੰਮ ਵਾਲੀ ਥਾਂ ਜਿਸਮਾਨੀ ਤੌਰ 'ਤੇ ਪ੍ਰੇਸ਼ਾਨ ਕਰਨ ਲਈ ਉਸਨੂੰ ਦੋਸ਼ੀ ਠਹਿਰਾਉਂਦੀ ਬੈਂਕ ਦੀ ਅੰਦਰੂਨੀ ਸ਼ਿਕਾਇਤ ਕਮੇਟੀ ਦੀ ਰਿਪੋਰਟ ਵਿਰੁੱਧ ਉਸਦੀ ਅਪੀਲ ਨੂੰ ਰੱਦ ਕਰ ਦਿੱਤਾ ਸੀ। ਕਮੇਟੀ ਦੀ ਰਿਪੋਰਟ ਤੋਂ ਬਾਅਦ ਕਚਾਵੇ ਦਾ ਅਹੁਦਾ ਘਟਾ ਕੇ ਉਸਨੂੰ ਡਿਪਟੀ ਰਿਜਨਲ ਮੈਨੇਜਰ ਬਣਾ ਦਿੱਤਾ ਗਿਆ ਸੀ। ਮਹਿਲਾ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਕਚਾਵੇ ਨੇ ਉਸਦੇ ਵਾਲਾਂ ਬਾਰੇ ਟਿੱਪਣੀ ਕੀਤੀ ਤੇ ਇੱਕ ਗਾਣਾ ਵੀ ਗਾਇਆ। ਉਸਨੇ ਹੋਰਨਾਂ ਮਹਿਲਾ ਸਾਥੀਆਂ ਦੀ ਮੌਜੂਦਗੀ ਵਿੱਚ ਇੱਕ ਮਰਦ ਸਾਥੀ ਦੇ ਗੁਪਤਾਂਗ ਬਾਰੇ ਵੀ ਟਿੱਪਣੀ ਕੀਤੀ। ਹਾਈ ਕੋਰਟ ਨੇ ਕਿਹਾ ਹੈ ਕਿ ਬੈਂਕ ਦੀ ਸ਼ਿਕਾਇਤ ਕਮੇਟੀ ਨੇ ਇਹ ਵਿਚਾਰ ਨਹੀਂ ਕੀਤਾ ਕਿ ਕੀ ਕਚਾਵੇ ਦਾ ਕਥਿਤ ਵਿਹਾਰ ਜਿਸਮਾਨੀ ਹਰਾਸਮੈਂਟ ਮੰਨਿਆ ਜਾ ਸਕਦਾ ਹੈ। ਜੇ ਦੋਸ਼ ਸਹੀ ਵੀ ਮੰਨ ਲਏ ਜਾਣ, ਇਹ ਸਾਬਤ ਕਰਨਾ ਔਖਾ ਹੈ ਕਿ ਉਸਨੇ ਸੈਕਸੁਅਲ ਹਰਾਸਮੈਂਟ ਦਾ ਕੋਈ ਕਾਰਾ ਕੀਤਾ। ਕਚਾਵੇ ਦੀ ਵਕੀਲ ਸਨਾ ਰਈਸ ਖਾਨ ਨੇ ਦਲੀਲ ਦਿੱਤੀ ਸੀ ਕਿ ਕਚਾਵੇ ਦਾ ਵਿਹਾਰ ਪ੍ਰਿਵੈਨਸ਼ਨ, ਪ੍ਰੋਹਿਬਸ਼ਨ ਐਂਡ ਰੀਡਰੈਸਲ (ਪੋਸ਼) ਐਕਟ 2013 ਦੀ ਉਲੰਘਣਾ ਨਹੀਂ ਮੰਨਿਆ ਜਾ ਸਕਦਾ। ਕਚਾਵੇ ਨੇ ਇਹੀ ਕਿਹਾ ਸੀ ਕਿ ਉਹ ਵਾਲਾਂ ਨੂੰ ਸੰਵਾਰਨ ਲਈ ਜੇ ਸੀ ਬੀ ਵਰਤਦੀ ਹੋਣੀ। ਦੂਜੇ ਮਾਮਲੇ ਵਿੱਚ ਜਦੋਂ ਉਸਨੇ ਟਿੱਪਣੀ ਕੀਤੀ, ਮਹਿਲਾ ਉੱਥੇ ਮੌਜੂਦ ਨਹੀਂ ਸੀ। ਵਕੀਲ ਨੇ ਇਹ ਵੀ ਧਿਆਨ ਵਿੱਚ ਲਿਆਂਦਾ ਕਿ ਮਹਿਲਾ ਨੇ ਅਸਤੀਫਾ ਦੇਣ ਤੋਂ ਬਾਅਦ ਜਿਸਮਾਨੀ ਹਰਾਸਮੈਂਟ ਦੀ ਸ਼ਿਕਾਇਤ ਕੀਤੀ ਸੀ। ਕੋਰਟ ਨੇ ਵੀ ਨੋਟ ਕੀਤਾ ਕਿ ਕਚਾਵੇ ਨੇ ਟਿੱਪਣੀ ਜੂਨ 2022 ਵਿੱਚ ਕੀਤੀ। ਉਸਤੋਂ ਬਾਅਦ ਦੋਹਾਂ ਵਿਚਾਲੇ ਵ੍ਹਟਸਐਪ 'ਤੇ ਸੁਨੇਹਿਆਂ ਦਾ ਵਟਾਂਦਰਾ ਹੁੰਦਾ ਰਿਹਾ। ਉਸ ਦੌਰਾਨ ਕਚਾਵੇ ਨੇ ਉਸਨੂੰ ਕਿਹਾ ਕਿ ਉਹ ਕੰਮ 'ਤੇ ਪਰਤ ਆਵੇ। ਮਹਿਲਾ ਨੇ ਉਸਦਾ ਸ਼ੁਕਰੀਆ ਵੀ ਕੀਤਾ। ਦੂਜੀ ਘਟਨਾ ਵਾਲੀ ਟਿੱਪਣੀ ਵੀ ਮਹਿਲਾ ਵੱਲ ਸੇਧਤ ਨਹੀਂ ਸੀ। ਇਸ ਕਰਕੇ ਸੈਕਸੁਅਲ ਹਰਾਸਮੈਂਟ ਵਾਲੀ ਗੱਲ ਜਚਦੀ ਨਹੀਂ।

ਬਲਦੇਵ ਨਿਹਾਲਗੜ੍ਹ ਪ੍ਰਧਾਨ, ਬਲਕਰਨ ਬਰਾੜ ਜਨਰਲ ਸਕੱਤਰ ਤੇ ਮਹਾਂਬੀਰ ਗਿੱਲ ਵਰਕਿੰਗ ਪ੍ਰਧਾਨ ਚੁਣੇ ਗਏ

ਜਾਬਰ ਸਰਕਾਰਾਂ ਨੂੰ ਮੂੰਹ ਦੀ ਖਾਣੀ ਪਊ : ਕੁੱਲ ਹਿੰਦ ਕਿਸਾਨ ਸਭਾ

ਤਰਨ ਤਾਰਨ/ਝਬਾਲ (ਹਰਜਿੰਦਰ ਸੋਨੀ) ਕੁੱਲ ਹਿੰਦ ਕਿਸਾਨ ਸਭਾ ਦੀ 31ਵੀਂ ਸੂਬਾਈ ਕਾਨਫਰੰਸ ਸ਼ੁੱਕਰਵਾਰ ਨਵੀਂ ਸੂਬਾ ਟੀਮ ਦੀ ਚੋਣ ਨਾਲ ਖ਼ਤਮ ਹੋ ਗਈ। ਸਰਬ-ਸੰਮਤੀ ਨਾਲ ਹੋਈ ਚੋਣ ਵਿੱਚ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਤੇ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ, ਡਿਪਟੀ ਜਨਰਲ ਸਕੱਤਰ ਕੁਲਵੰਤ ਸਿੰਘ ਮੌਲਵੀਵਾਲ, ਸਕੱਤਰ ਸੁਰਿੰਦਰ ਸਿੰਘ ਢੰਡੀਆਂ ਤੇ ਲਖਬੀਰ ਸਿੰਘ ਨਿਜ਼ਾਮਪੁਰ ਅਤੇ ਪ੍ਰੈੱਸ ਸਕੱਤਰ ਬਲਕਾਰ ਸਿੰਘ ਵਲਟੋਹਾ ਚੁਣੇ ਗਏ। 45 ਮੈਂਬਰੀ ਨਵੀਂ ਸੂਬਾ ਕੌਂਸਲ ਬਣਾਈ ਗਈ। ਇਸ ਮੌਕੇ ਕਾਨਫਰੰਸ ਵੱਲੋਂ ਸਰਬ-ਸੰਮਤੀ ਨਾਲ ਮਤੇ ਪਾਸ ਕਰਕੇ ਮੰਗ ਕੀਤੀ ਗਈ ਕਿ ਨਵਾਂ ਖੇਤੀ ਮੰਡੀ ਖਰੜਾ ਵਾਪਸ ਲਿਆ ਜਾਵੇ।ਪੰਜਾਬ ਦੇ ਦਰਿਆਈ ਪਾਣੀਆਂ ਦੀ ਵੰਡ ਨੂੰ ਉਸੇ ਤਰ੍ਹਾਂ ਕਾਇਮ ਰੱਖਿਆ ਜਾਵੇ, ਜਿਹੜਾ ਹਰਿਆਣਾ ਵੱਖਰਾ ਰਾਜ ਬਣਾਉਣ ਸਮੇਂ ਕੀਤੀ ਸੀ ਤੇ ਭਾਖੜਾ ਡੈਮ ਸਮੇਤ ਪੰਜਾਬ ਦੇ ਸਾਰੇ ਡੈਮ ਪੰਜਾਬ ਹਵਾਲੇ ਕੀਤੇ ਜਾਣ। ਰਾਜਸਥਾਨ ਨੂੰ ਬਿਨਾਂ ਹਿੱਸੇ ਦਿੱਤੇ ਜਾ ਰਹੇ ਪਾਣੀ ਦੀ ਰਿਆਲਿਟੀ ਪੰਜਾਬ ਨੂੰ ਦਿੱਤੀ ਜਾਵੇ। ਪਾਕਿਸਤਾਨ ਨਾਲ ਵਪਾਰ ਲਈ ਵਾਹਘਾ ਤੇ ਹੁਸੈਨੀਵਾਲਾ ਬਾਰਡਰ ਤੁਰੰਤ ਖੋਲ੍ਹੇ ਜਾਣ। ਸਿੱਖਿਆ ਬਾਰੇ ਮਤਾ ਪਾਸ ਕਰਦਿਆਂ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀ ਨਵੀਂ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ ਅਤੇ ਇਸ ਦੀ ਜਗ੍ਹਾ 1968 ਵਿੱਚ ਭਾਰਤ ਦੀ ਪਾਰਲੀਮੈਂਟ ਵੱਲੋਂ ਸਰਵਸੰਮਤੀ ਨਾਲ ਪਾਸ ਕੀਤੀ 'ਸਾਂਝਾ ਸਕੂਲ ਪ੍ਰਬੰਧ' ਨੀਤੀ ਲਾਗੂ ਕਰਕੇ ਕੇਂਦਰ ਸਰਕਾਰ ਬੱਜਟ ਦਾ ਦਸ ਫੀਸਦੀ ਤੇ ਸੂਬਾ ਸਰਕਾਰਾਂ ਬੱਜਟ ਦਾ ਤੀਹ ਫੀਸਦੀ ਸਿੱਖਿਆ ਲਈ ਰਾਖਵਾਂ ਰੱਖਣ। ਬਾਹਰਵੀਂ ਜਮਾਤ ਤੱਕ ਮੁਫ਼ਤ ਲਾਜ਼ਮੀ ਸਿੱਖਿਆ ਸਾਂਝੀ ਸਕੂਲ ਵਿਵਸਥਾ ਅਧੀਨ ਦਿੱਤੀ ਜਾਵੇ ਤੇ ਉਚ ਸਿੱਖਿਆ ਮੁਫ਼ਤ ਕੀਤੀ ਜਾਵੇ। ਹਰ ਇੱਕ ਨੂੰ ਰੁਜ਼ਗਾਰ ਦੀ ਗਰੰਟੀ ਦਿੱਤੀ ਜਾਵੇ। ਨਸ਼ਿਆਂ ਦੇ ਵੱਡੇ ਸਮਗਲਰ ਪਹਿਲਾਂ ਫੜੇ ਜਾਣ ਤੇ ਨਸ਼ੇ ਬੰਦ ਕਰਨ ਲਈ ਸਰਕਾਰ ਪੱਕੀ ਨੀਤੀ ਬਣਾਵੇ। ਕਾਰਪੋਰੇਟ ਘਰਾਣਿਆਂ ਵੱਲੋਂ ਬਣਾਏ ਸੈਲੋਆਂ ਦਾ ਕੌਮੀਕਰਨ ਕੀਤਾ ਜਾਵੇ ਅਤੇ ਲੋੜ ਅਨੁਸਾਰ ਹੋਰ ਸੈਲੋ ਸਰਕਾਰ ਆਪ ਬਣਾਵੇ। ਲੁਧਿਆਣਾ ਖੇਤੀ ਯੂਨੀਵਰਸਿਟੀ ਨੂੰ ਪਹਿਲਾਂ ਦੀ ਤਰ੍ਹਾਂ ਫੰਡ ਦੇ ਕੇ ਮਜ਼ਬੂਤ ਕੀਤਾ ਜਾਵੇ। ਹਰੇਕ ਫਸਲ 'ਤੇ ਐੱਮ. ਐੱਸ. ਪੀ. ਦਿੱਤੀ ਜਾਵੇ ਅਤੇ ਨਾਲ ਹੀ ਐੱਮ.ਆਰ.ਪੀ. ਵੀ ਮਿੱਥੀ ਜਾਵੇ ਤਾਂ ਕਿ ਗਾਹਕ ਦੀ ਲੁੱਟ ਵੀ ਨਾ ਹੋਵੇ।

ਕਿਸਾਨ ਆਗੂ ਸਰਕਾਰ ਵੱਲੋਂ ਸੱਦੀ ਮੀਟਿੰਗ 'ਚ ਨਹੀਂ ਗਏ

ਚੰਡੀਗੜ੍ਹ : ਸੰਯੁਕਤ ਕਿਸਾਨ ਮੋਰਚੇ (ਐੱਸ ਕੇ ਐੱਮ) ਨੇ ਸ਼ੁੱਕਰਵਾਰ ਸਰਕਾਰ ਵੱਲੋਂ ਸੱਦੀ ਮੀਟਿੰਗ ਵਿੱਚ ਨਾ ਜਾਣ ਦਾ ਫੈਸਲਾ ਕੀਤਾ। ਕਿਸਾਨ ਭਵਨ ਚੰਡੀਗੜ੍ਹ ਵਿਖੇ ਵਿਚਾਰ-ਵਟਾਂਦਰੇ ਤੋਂ ਬਾਅਦ ਕਿਸਾਨ ਆਗੂਆਂ ਰੁਲਦੂ ਸਿੰਘ ਅਤੇ ਬੂਟਾ ਸਿੰਘ ਬੁਰਜਗਿੱਲ ਨੇ ਦੱਸਿਆ ਕਿ ਮੀਟਿੰਗ ਵਿੱਚ ਨਾ ਸ਼ਾਮਲ ਹੋਣ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਗਿਆ ਹੈ।

ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਨੇ ਪਹਿਲਾਂ ਹੀ ਪੰਜਾਬ ਸਰਕਾਰ ਵਲੋਂ ਸੱਦੀ ਗਈ ਸ਼ੁੱਕਰਵਾਰ ਦੀ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਨਾਂਹ ਕਰ ਦਿੱਤੀ ਸੀ। ਐੱਸ ਕੇ ਐੱਮ ਦੀ ਮੀਟਿੰਗ ਤੋਂ ਬਾਅਦ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਗੱਲਬਾਤ ਤੋਂ ਪਹਿਲਾਂ ਮਾਹੌਲ ਨੂੰ ਸੁਖਾਵਾਂ ਬਣਾਵੇ। ਸੁਖਾਵੇਂ ਮਾਹੌਲ ਤੋਂ ਬਾਅਦ ਹੀ ਮੀਟਿੰਗ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਜਬਰ ਦੇ ਵਿਰੋਧ ਵਿੱਚ 28 ਮਾਰਚ ਨੂੰ ਪੰਜਾਬ ਭਰ ਵਿੱਚ ਜਬਰ ਵਿਰੋਧੀ ਦਿਵਸ ਮਨਾਇਆ ਜਾਵੇਗਾ ਅਤੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦੇ ਬਾਹਰ ਧਰਨੇ ਦਿੱਤੇ ਜਾਣਗੇ। ਇਸ ਦੇ ਨਾਲ ਹੀ ਸੰਯੁਕਤ ਕਿਸਾਨ ਮੋਰਚੇ ਵਲੋਂ 26 ਮਾਰਚ ਨੂੰ ਚੰਡੀਗੜ੍ਹ ਵਿੱਚ ਵਿਧਾਨ ਸਭਾ ਵੱਲ ਕੀਤਾ ਜਾਣ ਵਾਲਾ ਮਾਰਚ ਵੀ ਮੁਲਤਵੀ ਕਰ ਦਿੱਤਾ ਗਿਆ ਹੈ। ਮੋਰਚੇ ਨੇ ਸਾਰੇ ਫੜੇ ਹੋਏ ਕਿਸਾਨਾਂ ਨੂੰ ਫੌਰੀ ਰਿਹਾਅ ਕਰਨ ਅਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਦੀ ਜਾਣਕਾਰੀ ਸਾਂਝੀ ਕਰਨ ਲਈ ਵੀ ਸਰਕਾਰ ਨੂੰ ਕਿਹਾ ਹੈ।

ਖਨੌਰੀ ਵਾਲਾ ਪਾਸਾ ਵੀ ਖੁੱਲ੍ਹ ਗਿਆ

ਪਾਤੜਾਂ : ਹਰਿਆਣਾ ਪੁਲਸ ਨੇ ਢਾਬੀ ਗੁੱਜਰਾਂ (ਖਨੌਰੀ) ਬਾਰਡਰ 'ਤੇ ਦਿੱਲੀ ਵੱਲ ਵਧਦੇ ਕਿਸਾਨਾਂ ਨੂੰ ਰੋਕਣ ਲਈ ਕੰਕਰੀਟ ਦੇ ਬਣਾਏ ਬੈਰੀਕੇਡਾਂ ਨੂੰ ਬੁਲਡੋਜ਼ਰ ਨਾਲ ਹਟਾ ਕੇ ਆਵਾਜਾਈ ਬਹਾਲ ਕਰ ਦਿੱਤੀ ਹੈ। ਬੁੱਧਵਾਰ ਦੇਰ ਰਾਤ ਪੰਜਾਬ ਪੁਲਸ ਨੇ ਧਰਨਾ ਸਥਾਨ ਤੋਂ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਕੇ ਮੋਰਚਾ ਉਠਾ ਦਿੱਤਾ ਸੀ। ਉਸ ਤੋਂ ਬਾਅਦ ਵੀਰਵਾਰ ਸਵੇਰ ਤੋਂ ਹਰਿਆਣਾ ਪੁਲਸ ਨੇ ਬਾਰਡਰ 'ਤੇ ਲਾਏ ਬੈਰੀਕੇਡ ਹਟਾਉਣੇ ਸ਼ੁਰੂ ਕਰ ਦਿੱਤੇ ਸਨ ਅਤੇ ਸ਼ੁੱਕਰਵਾਰ ਮੁੱਖ ਮਾਰਗ 'ਤੇ ਆਵਾਜਾਈ ਸ਼ੁਰੂ ਕਰਵਾ ਦਿੱਤੀ ਗਈ ਹੈ।

ਨਾਨਕਪੁਰਾ 'ਚ 23 ਪਰਵਾਰਾਂ ਨੇ ਕਾਂਗਰਸ ਦਾ ਪੱਲਾ ਫੜਿਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਦਿਹਾਤੀ ਦੇ ਪਿੰਡ ਨਾਨਕਪੁਰਾ ਦੇ 23 ਪਰਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਹਲਕਾ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ ਦੀ ਯੋਗ ਅਗਵਾਈ ਵਿੱਚ ਸ਼ਾਮਲ ਹੋ ਗਏ।ਜਾਣਕਾਰੀ ਸਾਂਝੀ ਕਰਦਿਆਂ ਆਸ਼ੂ ਬੰਗੜ ਨੇ ਦੱਸਿਆ ਕਿ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਧੜਾਧੜ ਅਗਵਾਈ ਕਰ ਰਹੇ ਹਨ, ਇਸੇ ਤਰ੍ਹਾਂ ਜਸਬੀਰ ਸਿੰਘ, ਬਲਜਿੰਦਰ ਸਿੰਘ, ਬਲਵੰਤ ਸਿੰਘ, ਗੁਰਮੀਤ ਸਿੰਘ, ਜਗਦੀਸ਼ ਸਿੰਘ, ਗੁਰਮੇਲ ਸਿੰਘ, ਰਮੇਸ਼ ਸਿੰਘ, ਮਨਜੀਤ ਸਿੰਘ, ਨਿਸ਼ਾਨ ਸਿੰਘ, ਬੂਟਾ ਸਿੰਘ, ਬਚਨ ਸਿੰਘ, ਪ੍ਰਗਟ ਸਿੰਘ, ਪਿੱਪਲ ਸਿੰਘ, ਕਸ਼ਮੀਰ ਸਿੰਘ, ਕੁਲਦੀਪ ਸਿੰਘ, ਅਮਰ ਸਿੰਘ, ਕਿੱਕਰ ਸਿੰਘ, ਲਖਵਿੰਦਰ ਸਿੰਘ, ਨਛੱਤਰ ਸਿੰਘ, ਅੰਗਰੇਜ਼ ਸਿੰਘ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਆਸ਼ੂ ਬੰਗੜ ਨੇ ਸਵਾਗਤ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਪਾਰਟੀ ਦੀ ਸਰਕਾਰ ਆਉਣ 'ਤੇ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਸਰਪੰਚ ਕੁਲਦੀਪ ਸਿੰਘ, ਚੇਅਰਮੈਨ ਗੁਰਬਚਨ ਸਿੰਘ ਕਾਲਾ ਟਿੱਬਾ, ਬਲਾਕ ਪ੍ਰਧਾਨ ਗੁਰਬਖਸ਼ ਸਿੰਘ ਭਾਵੜਾ, ਬਲਾਕ ਸੰਮਤੀ ਮੈਂਬਰ ਬੋਹੜ ਸਿੰਘ, ਪ੍ਰੇਮ ਸਿੰਘ, ਕਾਲਾ ਸਿੰਘ ਜਥੇਦਾਰ ਭਾਵੜਾ, ਪਰਮਿੰਦਰ ਸਿੰਘ ਮੋਹਰੇ ਵਾਲਾ, ਰਾਮ ਸਿੰਘ, ਬਲਦੇਵ ਸਿੰਘ ਮੋਹਰੇ ਵਾਲਾ, ਮਦਨ ਸਰਪੰਚ ਬਾਲੇਵਾਲਾ, ਜਸਬੀਰ ਸਿੰਘ ਸਰਪੰਚ ਗਾਮੇਵਾਲਾ, ਗਗਨ ਗਾਮੇ ਵਾਲਾ, ਹਰਮਨ ਸਿੰਘ ਸਾਈਆਂ ਵਾਲਾ, ਬਲਵਿੰਦਰ ਸਿੰਘ ਝੋਕ ਹਰੀਹਰ, ਗੋਪੀ ਅੱਲੇਖ ਬਲਾਕ ਸੰਮਤੀ ਮੈਂਬਰ, ਗੁਲਸ਼ਨ ਸ਼ਰਮਾ ਬਜੀਦਪੁਰ, ਮਨਪ੍ਰੀਤ ਸਿੰਘ ਭੁੱਲਰ ਮੋਹਰੇ ਵਾਲਾ, ਤਰਨ ਬੁੱਟਰ ਨਿੱਜੀ ਸਕੱਤਰ, ਜੋਬਨਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਜਨਰਲ ਸੈਕਟਰੀ, ਨਿੱਜੀ ਸਕੱਤਰ ਕਮਲ ਗਿੱਲ ਸੋਨੂੰ ਤੋਂ ਇਲਾਵਾ ਹੋਰ ਹਾਜ਼ਰ ਸਨ।

ਹਥਿਆਰ ਸਪਲਾਈ ਕਰਨ ਵਾਲੇ ਚਾਰ ਮੁਲਜ਼ਮ ਗ੍ਰਿਫ਼ਤਾਰ

ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਇੱਕ ਗੁਪਤ ਸੂਚਨਾ ਦੇ ਆਧਾਰ 'ਤੇ ਮੋਗਾ ਲੁਧਿਆਣਾ ਜੀ ਟੀ ਰੋਡ ਅਜੀਤਵਾਲ ਨੇੜੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਜਦੋਂ ਫਾਜ਼ਿਲਕਾ ਦੇ ਰਹਿਣ ਵਾਲੇ ਅਜੈ ਕੁਮਾਰ ਤੇ ਸੰਗਰੂਰ ਦੇ ਰਹਿਣ ਵਾਲੇ ਸੁਖਪਾਲ ਸਿੰਘ ਦੀ ਤਲਾਸ਼ੀ ਲਈ ਗਈ ਤਾਂ ਉਨ੍ਹਾਂ ਕੋਲੋਂ ਵੱਡੀ ਮਾਤਰਾ ਵਿੱਚ 32 ਬੋਰ ਦੇਸੀ ਪਿਸਤੌਲ ਤੇ 20 ਜ਼ਿੰਦਾ ਕਾਰਤੂਸ ਬਰਾਮਦ ਹੋਏ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਨੇ ਦੱਸਿਆ ਕਿ ਫਰੀਦਕੋਟ ਜੇਲ੍ਹ ਵਿੱਚ ਬੈਠੇ ਹੈਂਡਲਰ ਨੇ ਉਨ੍ਹਾਂ ਨੂੰ ਉਨ੍ਹਾਂ ਨਾਲ ਮਿਲਾਇਆ ਸੀ।ਉਨ੍ਹਾਂ ਕਿਹਾ ਕਿ ਸ਼ੇਰਪੁਰ ਟਾਇਬਾ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਤੇ ਸੁਰਜੀਤ ਸਿੰਘ ਧਰਮਕੋਟ ਵਿੱਚ ਦੋ ਹਥਿਆਰ ਸਪਲਾਈ ਕਰਨ ਵਾਲੇ ਸਨ, ਉਨ੍ਹਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੁਖਪਾਲ ਸਿੰਘ (ਸੁੱਖ) ਵਿਰੁੱਧ ਪਟਿਆਲਾ, ਪੰਜਾਬ ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਚਾਰ ਮਾਮਲੇ ਦਰਜ ਹਨ।ਫਿਲਹਾਲ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਹੋਰ ਪੁੱਛਗਿੱਛ ਲਈ ਰਿਮਾਂਡ 'ਤੇ ਲਿਆ ਜਾਵੇਗਾ।

ਬੂਟਾ ਰਾਮ ਸ਼ੁਤਰਾਣਾ ਦੀ ਅਗਵਾਈ 'ਚ ਐੱਸ ਸੀ ਕਮਿਸ਼ਨ ਦੇ ਚੇਅਰਮੈਨ ਨੂੰ ਮੰਗ ਪੱਤਰ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)-ਐੱਸਸੀ/ਬੀਸੀ ਕਰਮਚਾਰੀ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਬੂਟਾ ਰਾਮ ਸ਼ੁਤਰਾਣਾ ਵੱਲੋਂ ਐੱਸਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜੀ ਨਾਲ ਮੁਲਾਕਾਤ ਕਰਕੇ ਨਿਯੁਕਤੀ ਦੀਆਂ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਬੂਟਾ ਰਾਮ ਸ਼ੁਤਰਾਣਾ ਵੱਲੋਂ ਚੇਅਰਮੈਨ ਗੜੀ ਨਾਲ ਮੁਲਾਜ਼ਮਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ।ਇਸ ਦੌਰਾਨ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਛੇਤੀ ਹੀ ਹੱਲ ਕਰ ਦਿੱਤਾ ਜਾਵੇਗਾ।ਮੁਲਾਜ਼ਮ ਆਗੂ ਬੂਟਾ ਰਾਮ ਸ਼ੁਤਰਾਣਾ ਨੇ ਕਿਹਾ ਕਿ 85 ਸੋਧ ਲਾਗੂ ਕਰਨਾ, 10-10-2014 ਦਾ ਪੱਤਰ ਰੱਦ ਕਰਨਾ ਤੇ ਰਜਿਸਟਰ ਏਟੂ ਅਤੇ ਸੀ ਦੇ ਵਿੱਚ ਰਿਜ਼ਰਵਰੇਸ਼ਨ ਐਕਟ 2006 ਅਨੁਸਾਰ ਬਣਦਾ ਕੋਟਾ ਦੇਣਾ ਤੇ ਹੋਰ ਸੰਬੰਧਤ ਸਮੱਸਿਆਵਾਂ ਦਾ ਹੱਲ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੀਟਿੰਗ ਦੌਰਾਨ ਲਖਵਿੰਦਰ ਸਿੰਘ ਸਕੱਤਰ ਜਨਰਲ ਪੰਜਾਬ, ਬਾਬੂ ਸਿੰਘ ਪ੍ਰਮੋਰ ਸਾਬਕਾ ਮੁੱਖ ਸਲਾਹਕਾਰ, ਗੁਰਮੀਤ ਸਿੰਘ ਪਟਿਆਲਾ ਤੇ ਜਗਜੀਵਨ ਸਿੰਘ ਲਾਅ ਅਫਸਰ ਚੰਡੀਗੜ੍ਹ ਹਾਜ਼ਰ ਸਨ।

ਮੁੜ ਵਸੇਬਾ ਕੇਂਦਰ ਵਿਖੇ ਮਰੀਜ਼ਾਂ ਦੀ ਕੌਂਸਲਿੰਗ

ਜਗਰਾਉਂ (ਸੰਜੀਵ ਅਰੋੜਾ)-ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦੇ ਹੁਕਮਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਜੀਤ ਸਿੰਘ ਦੀ ਅਗਵਾਈ ਅਤੇ ਇੰਚਾਰਜ ਡੀ ਅਡਿਕਸ਼ਨ ਤੇ ਰੀਹੈਬਲੀਟੇਸ਼ਨ ਸੈਂਟਰ ਡਾ. ਵਿਵੇਕ ਗੋਇਲ ਦੀ ਅਗਵਾਈ ਹੇਠ ਜ਼ਿਲ੍ਹਾ ਮੁੜ ਵਸੇਬਾ ਕੇਂਦਰ ਜਗਰਾਉਂ ਵਿਖੇ ਨਾਰਕੋਟਿਕਸ ਐਨੋਨੀਮਸ ਸੰਸਥਾ ਵੱਲੋਂ ਓਟ ਦੇ ਮਰੀਜ਼ਾਂ ਦੀ ਗਰੁੱਪ ਕੌਂਸਲਿੰਗ ਕੀਤੀ ਗਈ। ਇਸ ਸੈਸ਼ਨ ਵਿੱਚ ਤਕਰੀਬਨ 22 ਮਰੀਜ਼ਾਂ ਨੇ ਭਾਗ ਲਿਆ ਤੇ ਸੰਸਥਾ ਦੇ ਮੈਂਬਰਜ਼ ਦੀ ਗੱਲਬਾਤ ਧਿਆਨ ਨਾਲ ਸੁਣੀ। ਸੰਸਥਾ ਵੱਲੋਂ ਮਰੀਜ਼ਾਂ ਨੂੰ ਨਸ਼ਿਆਂ ਤੋਂ ਬਚਣ ਦੇ ਢੰਗਾਂ ਤੇ ਨਾਰਕੋਟਿਕਸ ਐਨੋਨੀਮਸ ਦੀਆਂ ਕਲਾਸਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਮੁੜ ਵਸੇਬਾ ਕੇਂਦਰ ਤੇ ਓਟ ਦਾ ਸਟਾਫ ਵੀ ਮੌਜੂਦ ਸੀ।

ਭਾਰਤੀ ਕਿਸਾਨ ਯੂਨੀਅਨ ਦੀ ਮੀਟਿੰਗ

ਦਿੜ੍ਹਬਾ (ਜਸਵੀਰ ਲਾਡੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰੈਸ ਸਕੱਤਰ ਚਰਨਜੀਤ ਸਿੰਘ ਘਨੌੜ ਸੰਤਪੁਰਾ ਤੇ ਬਲਾਕ ਆਗੂ ਹਰਜੀਤ ਸਿੰਘ ਮਹਿਲਾਂ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਦੇ ਹਸਪਤਾਲ ਦੇ ਪਾਰਕ ਵਿਖੇ ਹੋਈ। ਮੀਟਿੰਗ ਦੇ ਏਜੰਡਿਆਂ 'ਤੇ ਵਿਚਾਰ ਕੀਤਾ ਗਿਆ।23 ਮਾਰਚ ਨੂੰ ਬੀਕੇਯੂ ਉਗਰਾਹਾਂ ਵੱਲੋਂ ਸੁਨਾਮ ਦੀ ਦਾਣਾ ਮੰਡੀ ਵਿਖੇ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਜਾਵੇਗਾ। ਮੀਟਿੰਗ ਵਿੱਚ ਬਲਾਕ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਬਲਾਕ ਆਗੂ ਹਰਬੰਸ ਸਿੰਘ ਦਿੜ੍ਹਬਾ, ਜਸਵੰਤ ਸਿੰਘ ਸਮੁੰਗਾਂ, ਜੋਗਿੰਦਰ ਸਿੰਘ ਖੇੜੀ, ਮੇਜ਼ਰ ਸਿੰਘ ਕੌਹਰੀਆਂ, ਅਮਨਦੀਪ ਸਿੰਘ ਮਹਿਲਾਂ, ਜਗਜੀਤ ਸਿੰਘ ਮਹਿਲਾਂ ਪਿੰਡ ਇਕਾਈ ਪ੍ਰਧਾਨ, ਜਗਦੀਪ ਸਿੰਘ ਮਹਿਲਾਂ ਖਜ਼ਾਨਚੀ, ਕੁਲਦੀਪ ਸਿੰਘ ਮਹਿਲਾਂ, ਨਰਿੰਦਰ ਕੁਮਾਰ ਮਹਿਲਾਂ, ਮਾਸਟਰ ਰੂਪ ਸਿੰਘ ਮੌੜਾਂ, ਰਘਵੀਰ ਸਿੰਘ ਕੌਹਰੀਆਂ, ਗੁਰਪ੍ਰੀਤ ਸਿੰਘ ਛਾਹੜ, ਅਮਰਜੀਤ ਸਿੰਘ ਛਾਹੜ ਅਤੇ ਪਿੰਡ ਇਕਾਈਆਂ ਦੇ ਪ੍ਰਧਾਨ/ਜਨਰਲ ਸਕੱਤਰ/ਖਜ਼ਾਨਚੀ ਤੇ ਕਿਸਾਨ ਹਾਜ਼ਰ ਸਨ।

ਭਾਕਿਯੂ ਕਾਦੀਆਂ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਬਲਾਕ ਪੱਧਰੀ ਮੀਟਿੰਗ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਹੋਈ।ਜਥੇਬੰਦੀ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਢੀਂਡਸਾ, ਗਗਨਦੀਪ ਸਿੰਘ ਸਹਿਜੜਾ, ਜਸਵਿੰਦਰ ਸਿੰਘ ਛੀਨੀਵਾਲ, ਉਦੇ ਸਿੰਘ ਹਮੀਦੀ ਨੇ ਕਿਸਾਨ ਆਗੂਆਂ, ਵਰਕਰਾਂ ਨੂੰ ਜਬਰੀ ਗ੍ਰਿਫ਼ਤਾਰ ਕਰਨ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੀ ਧੱਕੇਸ਼ਾਹੀ ਦੀ ਸਖਤ ਸ਼ਬਦਾਂ 'ਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਸੂਬਾ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬਾ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾਇਆ ਜਾਵੇਗਾ। ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਜ਼ਿਲ੍ਹੇ ਭਰ ਅੰਦਰ ਜਥੇਬੰਦੀ ਦੀ ਮਜ਼ਬੂਤੀ ਲਈ ਪਿੰਡ ਪੱਧਰ ਤੇ ਨਵੀਆਂ ਇਕਾਈਆਂ ਦਾ ਗਠਨ ਕਰਕੇ ਮਿਹਨਤੀ ਵਰਕਰਾਂ ਨੂੰ ਢੁਕਵਾਂ ਮਾਣ-ਸਤਿਕਾਰ ਦੇ ਕੇ ਅੱਗੇ ਲਿਆਂਦਾ ਜਾ ਰਿਹਾ ਹੈ।ਕਿਸਾਨ ਆਗੂਆਂ ਅਮਰਜੀਤ ਸਿੰਘ ਭੋਲਾ, ਸਰਬਜੀਤ ਸਿੰਘ ਸਹੌਰ, ਮਨਜੀਤ ਸਿੰਘ ਛਾਪਾ ਨੇ ਮੰਗ ਕੀਤੀ ਕਿ ਮੱਕੀ ਦੀ ਫਸਲ ਦੇ ਬੀਜ ਅਤੇ ਡੀ ਏ ਪੀ ਖਾਦ ਦਾ ਪੁਖਤਾ ਪ੍ਰਬੰਧ ਅਤੇ ਝੋਨੇ ਦੀ ਫਸਲ ਦੀ ਬਿਜਾਈ ਤੋਂ ਪਹਿਲਾਂ ਸਰਕਾਰ ਝੋਨੇ ਦੀ ਨੀਤੀ ਬਾਰੇ ਸਪੱਸ਼ਟ ਕਰੇ ਕਿ ਕਿਹੜੀ ਕਿਸਮ ਦਾ ਝੋਨਾ ਬੀਜਿਆ ਜਾਣਾ ਚਾਹੀਦਾ ਹੈ, ਤਾਂ ਜੁ ਪਿਛਲੀ ਵਾਰ ਦੀ ਤਰ੍ਹਾਂ ਕਿਸਾਨਾਂ ਨੂੰ ਮੰਡੀਆਂ ਵਿੱਚ ਖੱਜਲ ਖੁਆਰ ਨਾ ਹੋਣਾ ਪਵੇ।

ਭਾਜਪਾ ਤੇ 'ਆਪ' ਨੇ ਕਿਸਾਨਾਂ ਦੀ ਪਿੱਠ 'ਚ ਛੁਰਾ ਮਾਰਿਆ : ਦੌਲਤਪੁਰ

ਧੂਰੀ (ਬਿੰਨੀ ਗਰਗ, ਮੋਹਿਤ ਗਰਗ)-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਨੇ ਕੇਂਦਰ ਦੀ ਭਾਜਪਾ ਸਰਕਾਰ ਨਾਲ ਰਲ ਕੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਕਿਸਾਨ ਆਗੂਆਂ ਨੂੰ ਮੀਟਿੰਗ ਲਈ ਸੱਦਿਆ ਗਿਆ, ਫੇਰ ਗ੍ਰਿਫ਼ਤਾਰ ਕਰ ਲਿਆ ਗਿਆ।ਮਗਰੋਂ ਸ਼ਾਂਤੀਪੂਰਵਕ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਖ਼ਿਲਾਫ਼ ਕਾਰਵਾਈ ਕੀਤੀ ਗਈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੇ ਕਿਸਾਨਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਅਸਲ ਵਿੱਚ ਸੰਜੀਦਾ ਹਨ ਤਾਂ ਉਨ੍ਹਾਂ ਨੂੰ ਵਾਅਦੇ ਮੁਤਾਬਕ ਸਾਰੀਆਂ 22 ਫ਼ਸਲਾਂ 'ਤੇ ਐੱਮਐੱਸਪੀ ਦੇਣ ਦਾ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 'ਆਪ' ਤੇ ਭਾਜਪਾ ਨੇ ਕਿਸਾਨਾਂ ਨਾਲ ਕੋਝੀ ਚਾਲ ਚੱਲੀ ਹੈ ਤੇ ਸੜਕਾਂ ਬੰਦ ਹੋਣ ਕਾਰਨ ਪੰਜਾਬੀਆਂ ਨੂੰ ਹੋਈਆਂ ਮੁਸ਼ਕਲਾਂ ਲਈ ਦੋਸ਼ ਕਿਸਾਨਾਂ ਸਿਰ ਮੜ੍ਹਿਆ ਜਾ ਰਿਹਾ ਹੈ, ਜਦੋਂਕਿ ਇਨ੍ਹਾਂ ਦੋਵਾਂ ਵੱਲੋਂ ਇਕ-ਦੂਜੇ ਨਾਲ ਰਲ ਕੇ ਖੇਡੀ ਗਈ ਖੇਡ ਜਗ ਜ਼ਾਹਰ ਹੋ ਗਈ ਹੈ।ਉਨ੍ਹਾਂ ਕਿਹਾ ਕਿ ਜੋ ਰੋਕਾਂ ਸੜਕਾਂ ਤੋਂ ਹਟਾਈਆਂ ਜਾ ਰਹੀਆਂ ਹਨ, ਉਹ ਹਰਿਆਣਾ ਸਰਕਾਰ ਨੇ ਲਾਈਆਂ ਸਨ।ਜੇ ਪੰਜਾਬ ਸਰਕਾਰ ਨੇ ਪਹਿਲਾਂ ਹੀ ਇਹ ਹਟਵਾਈਆਂ ਹੁੰਦੀਆਂ ਤਾਂ ਵਪਾਰ ਤੇ ਉਦਯੋਗ ਨੂੰ ਮਾਰ ਨਾ ਝੱਲਣੀ ਪੈਂਦੀ।ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਕੇਂਦਰ ਵਿੱਚ ਤੇ ਆਮ ਆਦਮੀ ਪਾਰਟੀ ਦਾ ਸੂਬੇ ਅੰਦਰ ਰਾਜ ਪਤਨ ਸ਼ੁਰੂ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਕੇਂਦਰ ਦੇ ਇਸ਼ਾਰੇ 'ਤੇ ਹਰਿਆਣਾ ਦੀ ਭਾਜਪਾ ਸਰਕਾਰ ਅਤੇ ਪੰਜਾਬ ਦੀ 'ਆਪ' ਸਰਕਾਰ ਨੇ ਤਰ੍ਹਾਂ-ਤਰ੍ਹਾਂ ਦੇ ਹੱਥਕੰਡੇ ਅਪਣਾ ਕੇ ਕਿਸਾਨਾਂ 'ਤੇ ਜ਼ੁਲਮ ਕੀਤੇ ਹਨ।

ਸਟੱਡੀ ਸਰਕਲ ਵੱਲੋਂ ਚੰਗਾਲ 'ਚ ਹੋਲੇ ਮਹੱਲੇ ਨੂੰ ਸਮਰਪਤ ਛਿੰਝ ਦਿਵਸ ਦਾ ਸਫ਼ਲ ਆਯੋਜਨ

ਸੰਗਰੂਰ (ਪ੍ਰਵੀਨ ਸਿੰਘ)-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੰਗਰੂਰ ਜ਼ੋਨ ਵੱਲੋਂ ਖਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਨੂੰ ਸਮਰਪਤ ਦੂਸਰਾ ਪਰਿਵਾਰਕ ਖੇਡ ਮੇਲਾ ਛਿੰਝ ਦਿਵਸ ਦੇ ਰੂਪ ਵਿੱਚ ਇੱਥੋਂ ਨੇੜਲੇ ਪਿੰਡ ਚੰਗਾਲ ਵਿਖੇ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਭੁਪਿੰਦਰ ਸਿੰਘ, ਬੂਟਾ ਸਿੰਘ, ਗੁਰਮੇਲ ਸਿੰਘ ਪ੍ਰਬੰਧਕੀ ਕਨਵੀਨਰ, ਲਾਭ ਸਿੰਘ ਮੁੱਖ ਪ੍ਰਬੰਧਕ, ਅਜਮੇਰ ਸਿੰਘ ਜ਼ੋਨਲ ਸਕੱਤਰ, ਸੁਰਿੰਦਰਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗਨਾਈਜ਼ਰ, ਕੁਲਵੰਤ ਸਿੰਘ ਨਾਗਰੀ ਜ਼ੋਨਲ ਪ੍ਰਧਾਨ, ਪ੍ਰੋ: ਨਰਿੰਦਰ ਸਿੰਘ ਜ਼ੋਨਲ ਸਕੱਤਰ ਅਕਾਦਮਿਕ, ਹਰਕੀਰਤ ਕੌਰ ਜਥੇਬੰਦਕ ਸਕੱਤਰ ਇਸਤਰੀ ਕੌਂਸਲ ਤੇ ਹਰਪ੍ਰੀਤ ਕੌਰ ਪ੍ਰਧਾਨ ਬੇਬੇ ਨਾਨਕੀ ਸਿਲਾਈ ਸੈਂਟਰ ਦੀ ਦੇਖ ਰੇਖ ਹੇਠ ਹੋਏ ਇਸ ਖੇਡ ਮੇਲੇ ਵਿੱਚ ਸਾਹਿਬਜ਼ਾਦਾ ਜ਼ੋਰਾਵਰ ਸਿੰਘ, ਬਾਬਾ ਫ਼ਹਿਤ ਸਿੰਘ ਗੁਰਮਤਿ ਅਕੈਡਮੀ ਦੇ ਬੱਚਿਆਂ ਦੇ ਨਾਲ ਨੌਜਵਾਨਾਂ ਤੇ ਬਜ਼ੁਰਗਾਂ ਤੇ ਬੀਬੀਆਂ ਨੇ ਵੱਡੀ ਗਿਣਤੀ ਹਿੱਸਾ ਲਿਆ। ਸੁਰਿੰਦਰਪਾਲ ਸਿੰਘ ਸਿਦਕੀ ਦੀ ਅਗਵਾਈ ਵਿਚ ਸਮੂਹ ਹਾਜ਼ਰੀਨ ਦੇ ਸ਼ਬਦ ਗਾਇਨ ਉਪਰੰਤ ਸ਼੍ਰੀ ਸਿਦਕੀ ਨੇ ਹੋਲੇ ਮਹੱਲੇ ਨੂੰ ਖੇਡ ਵਜੋਂ ਮਨਾਉਣ ਦੇ ਮੰਤਵ 'ਤੇ ਰੌਸ਼ਨੀ ਪਾਈ। ਉਪਰੰਤ ਖੇਡਾਂ ਦੇ ਦੌਰ ਦੌਰਾਨ ਅਮਰੀਕ ਸਿੰਘ ਡੀਪੀਈ, ਲਾਭ ਸਿੰਘ, ਜਰਨੈਲ ਸਿੰਘ, ਨਾਜਰ ਸਿੰਘ ਤੇ ਗੁਰਮੇਲ ਸਿੰਘ ਦੀ ਨਿਗਰਾਨੀ ਹੇਠ ਬੱਚਿਆਂ ਦੀਆਂ ਵੱਖੋ ਵੱਖ ਦੌੜਾਂ, ਚਮਚਾ ਰੇਸ ਤੇ ਰੁਮਾਲ ਚੁੱਕਣਾ ਆਦਿ ਦਾ ਪ੍ਰਦਰਸ਼ਨ ਕੀਤਾ

22 Mar Page-3.qxd 3/21/2025 11:27 PM Page 1

ਮਹਿਲਾਵਾਂ ਦੇ ਅਧਿਕਾਰਾਂ ਲਈ ਬਣੇ ਕਾਨੂੰਨਾਂ ਬਾਰੇ ਜਾਣਕਾਰੀ ਦੇਣ ਲਈ ਕਰਵਾਈ ਵਰਕਸ਼ਾਪ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਦੇ ਦਿਸ਼ਾ-ਨਿਰਦੇਸ਼ਾ ਹੇਠ ਅਤੇ ਰਾਹੁਲ ਅਰੋੜਾ ਜ਼ਿਲ੍ਹਾ ਪ੍ਰੋਗਰਾਮ ਅਫਸਰ ਵਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮ ਅਧੀਨ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿਖੇ ਮਹਿਲਾਵਾਂ ਅਤੇ ਲੜਕੀਆਂ ਦੇ ਅਧਿਕਾਰਾਂ ਲਈ ਬਣੇ ਕਾਨੂੰਨਾਂ ਬਾਰੇ ਜਾਣਕਾਰੀ ਦੇਣ ਲਈ ਵਰਕਸ਼ਾਪ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਕਾਲਜਾਂ ਦੀਆਂ ਲੜਕੀਆਂ ਅਤੇ ਅਧਿਆਪਕਾਂ ਵਲੋਂ ਹਿੱਸਾ ਲਿਆ ਗਿਆ। ਇਸ ਵਰਕਸ਼ਾਪ ਵਿੱਚ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਸਿਹਤ ਵਿਭਾਗ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਿੱਖਿਆ ਵਿਭਾਗ, ਰੋਜ਼ਗਾਰ ਵਿਭਾਗ ਵਲੋਂ ਆਪਣੇ ਅਧੀਨ ਆਉਂਦੀ ਵੱਖ-ਵੱਖ ਸਕੀਮਾਂ ਅਤੇ ਕਾਨੂੰਨਾਂ ਬਾਰੇ ਲੜਕੀਆਂ ਨੂੰ ਜਾਗਰੂਕ ਕੀਤਾ, ਜਿਸ ਵਿੱਚ ਘਰੇਲੂ ਹਿੰਸਾ, ਬਾਲ ਵਿਆਹ, ਯੌਨ ਹਿੰਸਾ ਅਤੇ ਸੈਕਸੁਅਲ ਹਰਾਸਮੈਂਟ ਐਟ ਵਰਕ ਪਲੇਸ ਕਾਨੂੰਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਖੀ ਵਨ ਸਟਾਪ ਸੈਂਟਰ ਵਿੱਚ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ

ਬਾਰੇ ਜਾਗਰੂਕ ਕੀਤਾ ਗਿਆ। ਅੱਜ ਦੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਕਰਨਵੀਰ ਸਿੰਘ, ਸਹਾਇਕ ਕਮਿਸ਼ਨਰ ਤਰਨ ਤਾਰਨ ਵਲੋਂ ਸ਼ਿਰਕਤ ਕੀਤੀ ਗਈ। ਉਨ੍ਹਾਂ ਦੱਸਿਆ ਗਿਆ ਕਿ ਜਦ ਤੱਕ ਦੇਸ਼ ਵਿੱਚ ਲੜਕੀਆਂ ਆਪਣੇ ਕਾਨੂੰਨੀ ਹੱਕਾਂ ਬਾਰੇ ਜਾਣੂ ਨਹੀ ਹੋ ਜਾਂਦੀਆਂ, ਉਦੋ ਤੱਕ ਦੇਸ਼ ਅਗੇ ਨਹੀਂ ਵਧ ਸਕਦਾ। ਇਸ ਲਈ ਲੜਕੀਆਂ ਅਤੇ ਮਹਿਲਾਵਾਂ ਨੂੰ ਕਾਨੂੰਨ ਦੀ ਜਾਣਕਾਰੀ ਬਹੁਤ ਜ਼ਰੂਰੀ ਹੈ, ਜਿਸ ਲਈ ਰਾਹੁਲ ਡਿਪਟੀ ਕਮਿਸ਼ਨਰ ਤਰਨ ਤਾਰਨ ਵਲੋਂ ਔਰਤਾਂ ਅਤੇ ਲੜਕੀਆਂ ਨੂੰ ਕਾਨੂੰਨੀ ਜਾਣਕਾਰੀ ਦੇਣ ਲਈ ਅਹਿਮ ਕਦਮ ਚੁੱਕੇ ਗਏ ਹਨ। ਰਾਜੇਸ਼ ਕੁਮਾਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੇ ਲੜਕੀਆਂ ਲਈ ਬਣੇ ਕਾਨੂੰਨ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੇਕਰ ਕਿਸੇ ਔਰਤ ਜਾਂ ਲੜਕੀਆਂ ਨਾਲ ਕੋਈ ਕੁੱਝ ਗਲਤ ਹੋ ਰਿਹਾ ਹੈ ਜਾਂ ਘਰੇਲੂ ਹਿੰਸਾ, ਯੌਨ ਸ਼ੋਸ਼ਣ ਜਾਂ ਸਿੱਖਿਆ ਵਿੱਚ ਸਮੱਸਿਆ ਆ ਰਹੀ ਹੈ ਤਾਂ ਉਹ ਟੋਲ ਫ੍ਰੀ ਨੰਬਰ 112 ਜਾਂ 1098 'ਤੇ ਕਾਲ ਕਰ ਸਕਦੇ ਹਨ ਜਾਂ ਕਮਰਾ ਨੰ 311, ਤੀਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਸੂਚਨਾ ਦੇ ਸਕਦੇ ਹਨ। ਇਸ ਸਮਾਗਮ ਵਿੱਚ ਮਾਈ ਭਾਗੋ ਲਾਅ ਕਾਲਜ , ਮਾਝਾ ਕਾਲਜ ਅਤੇ ਵੱਖ-ਵੱਖ ਕਾਲਜਾਂ ਦੇ ਚੈਂਪੀਅਨ ਲੜਕੀਆਂ ਨੂੰ ਸਨਮਾਨਤ ਕੀਤਾ ਗਿਆ।

ਪੰਚਾਇਤਾਂ ਨੂੰ ਸਸ਼ਕਤੀਕਰਨ ਕਰਨ ਲਈ ਦੋ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ

ਅਜਨਾਲਾ (ਸੁਖਤੰਦਰ ਸਿੰਘ ਰਾਜੂ)- ਪੰਚਾਇਤਾਂ ਨੂੰ ਸਸ਼ਕਤੀਕਰਨ ਕਰਨ ਲਈ ਉਹਨਾਂ ਨੂੰ ਮੈਨੇਜਮੈਂਟ ਦੇ ਸਿਧਾਂਤ ਤੋਂ ਜਾਣੂ ਕਰਾਉਣ ਲਈ ਦੋ ਰੋਜ਼ਾ ਟ੍ਰੇਨਿੰਗ ਪ੍ਰੋਗਰਾਮ ਪੰਜਾਬ ਸਰਕਾਰ ਦੀ ਐਸ.ਆਈ.ਆਰ.ਡੀ ਵੱਲੋਂ ਇੰਡੀਅਨ ਇੰਸਟੀਟਿਊਟ ਆਫ ਮੈਨੇਜਮੈਂਟ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਐਸ. ਆਈ.ਆਰ.ਡੀ ਦੇ ਸੀਨੀਅਰ ਕੰਸਲਟੈਂਟ ਐਡਵੋਕੇਟ ਰਾਜੀਵ ਮਦਾਨ ਰਾਜਾ ਨੇ ਕਿਹਾ ਕਿ ਪੰਚਾਇਤਾਂ ਜਿੱਥੇ ਸਮਾਜਿਕ, ਆਰਥਿਕ ਤੇ ਸਮਾਜਿਕ ਨਿਆਂ ਦੇ ਕੰਮ ਕਰਦੀਆਂ ਹਨ ਉੱਥੇ ਉਹ ਆਪਣਾ ਸਹੀ ਪ੍ਰਬੰਧ ਚਲਾ ਕੇ ਪਾਰਦਰਸ਼ੀ ਤੇ ਲੋਕਾਂ ਪ੍ਰਤੀ ਜਵਾਬਦੇਹ ਬਣਾਉਣ ਲਈ ਇਹੋ ਜਿਹੇ ਪ੍ਰੋਗਰਾਮ ਕਰਾਉਣੇ ਉਹਨਾਂ ਲਈ ਜਿੱਥੇ ਸਹਾਇਕ ਸਿੱਧ ਹੁੰਦੇ ਹਨ ਉੱਥੇ ਉਹ ਆਪਣੇ ਸੀਮਤ ਸਾਧਨਾਂ ਵਿੱਚ ਵਧੀਆ ਸ਼ਾਸਨ ਪੇਂਡੂ ਸਮਾਜ ਨੂੰ ਦੇਣ 'ਚ ਸਮਰੱਥ ਬਣਾਏ ਜਾ ਸਕਦੇ ਹਨ। ਇਸ ਮੌਕੇ ਪ੍ਰੋਫੈਸਰ ਸਮੀਰ ਕੁਮਾਰ ਸ੍ਰੀਵਾਸਤਵਾ ਡਾਇਰੈਕਟਰ ਆਈ.ਆਈ. ਐਮ, ਪ੍ਰੋਫੈਸਰ ਸਿਆਲ, ਪ੍ਰੋਫੈਸਰ ਸਵਪਨਦੀਪ ਅਰੋੜਾ, ਪ੍ਰੋਫੈਸਰ ਮੁਕੇਸ਼, ਸਰਪੰਚ ਅੰਮ੍ਰਿਤਪਾਲ ਸਿੰਘ ਪੰਡੋਰੀ, ਸਰਪੰਚ ਜੁਗਰਾਜਵੀਰ ਕੌਰ ਚਮਿਆਰੀ, ਸਰਪੰਚ ਅਨਮੋਲਦੀਪ ਕੌਰ ਗੁਰਾਲਾ, ਸਰਪੰਚ ਲਵਪ੍ਰੀਤ ਸਿੰਘ ਹਰੜ, ਹਰਜੀਤ ਸਿੰਘ ਗੁਰਾਲਾ, ਅਜੇ ਸ਼ਰਮਾ ਅਜਨਾਲਾ ਆਦਿ ਹਾਜ਼ਰ ਸਨ।

ਈ ਟੀ ਓ ਵੱਲੋਂ ਜੰਡਿਆਲਾ ਗੁਰੂ ਹਲਕੇ 'ਚ 10 ਕਰੋੜ ਤੋਂ ਵੱਧ ਦੀਆਂ ਸੜਕਾਂ ਦੇ ਉਦਘਾਟਨ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਆਪਣੇ ਜੰਡਿਆਲਾ ਗੁਰੂ ਹਲਕੇ ਵਿੱਚ 10 ਕਰੋੜ ਤੋਂ ਵੱਧ ਦੀਆਂ ਲਿੰਕ ਸੜਕਾਂ ਦੇ ਉਦਘਾਟਨ ਕੀਤੇ ਗਏ। ਅੱਜ ਜਿਨ੍ਹਾ ਸੜਕਾਂ ਦੀ ਸ਼ੁਰੂਆਤ ਕੀਤੀ ਗਈ ਉਹਨਾਂ ਵਿੱਚ ਡੇਹਰੀਵਾਲ ਦੀਆਂ ਲਿੰਕ ਸੜਕਾਂ, ਸੈਦੋ ਲਹਿਲ ਪਿੰਡ ਅਤੇ ਡੇਹਰੀਵਾਲ ਤੋਂ ਮਹਿਸਮਪੁਰਾ ਜਸਪਾਲ ਸੜਕ ਸ਼ਾਮਿਲ ਹੈ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸੜਕਾਂ ਉਚ ਕੁਆਲਿਟੀ ਦੀਆਂ ਅਤੇ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਬਣਾਈਆਂ ਜਾਣਗੀਆਂ। ਉਹਨਾਂ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਹਲਕੇ ਦੀਆਂ ਸਾਰੀਆਂ ਸੜਕਾਂ ਅਪਗ੍ਰੇਡ ਕੀਤੀਆਂ ਜਾਣ। ਉਹਨਾਂ ਕਿਹਾ ਕਿ ਅੱਜ ਦਾ ਜ਼ਮਾਨਾ ਆਵਾਜਾਈ ਦਾ ਯੁੱਗ ਹੈ ਅਤੇ ਹਰੇਕ ਆਦਮੀ ਨੇ ਆਪਣੇ ਕਾਰੋਬਾਰ ਅਤੇ ਨੌਕਰੀ ਲਈ ਸੜਕਾਂ ਉੱਤੇ ਗੁਜ਼ਰਨਾ ਹੈ, ਸੋ ਵਾਹਨਾਂ ਦੀ ਸੰਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਸੜਕਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ ।ਉਹਨਾਂ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਬਣ ਰਹੇ ਪ੍ਰੋਜੈਕਟਾਂ ਦੀ ਬਰਾਬਰ ਜਾਂਚ ਕਰਦੇ ਰਹਿਣ, ਤਾਂ ਜੋ ਕੰਮ ਦੀ ਕੁਆਲਿਟੀ ਬਰਕਰਾਰ ਰਹੇ । ਹਰਭਜਨ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਭਾਗ ਵੱਲੋਂ ਇਕੱਲੇ ਜੰਡਿਆਲਾ ਹਲਕੇ ਵਿੱਚ ਨਹੀਂ ਬਲਕਿ ਪੂਰੇ ਪੰਜਾਬ ਵਿੱਚ ਸੜਕਾਂ ਦੀ ਅਪਗ੍ਰੇਡੇਸ਼ਨ ਦਾ ਕੰਮ ਕਰਵਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਦਾ ਮੁੱਖ ਵਿਸ਼ਾ ਸਕੂਲ ਅਤੇ ਸਿੱਖਿਆ ਦੇ ਨਾਲ ਨਾਲ ਰਾਜ ਵਿੱਚ ਮੁਢਲੇ ਢਾਂਚੇ ਦਾ ਵਿਕਾਸ ਕਰਨਾ ਹੈ, ਤਾਂ ਜੋ ਰਾਜ ਵਿੱਚ ਵਿਕਾਸ ਦੀਆਂ ਸੰਭਾਵਨਾਵਾਂ ਵਿੱਚ ਵਾਧਾ ਹੋ ਸਕੇ। ਉਹਨਾਂ ਰਾਜ ਦੇ ਸਾਰੇ ਵਰਗਾਂ ਨੂੰ ਮਿਲ ਕੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ, ਨਸ਼ਿਆਂ ਦੇ ਕੋਹੜ ਤੋਂ ਦੂਰ ਕਰਨ ਅਤੇ ਆਰਥਿਕ ਖੁਸ਼ਹਾਲੀ ਲਈ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ।ਇਸ ਮੌਕੇ ਮੈਡਮ ਸੁਹਿੰਦਰ ਕੌਰ, ਸੁਨੈਣਾਂ ਰੰਧਾਵਾ, ਚੇਅਰਮੈਨ ਛਣਾਖ ਸਿੰਘ, ਅਮਰੀਕ ਸਿੰਘ ਸੋਢੀ , ਸਤਿੰਦਰ ਸਿੰਘ , ਸਰਪੰਚ ਸਾਹਿਬਾਨ, ਬਲਾਕ ਪ੍ਰਧਾਨ ਸਾਹਿਬਾਨ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਪ ਸਰਕਾਰ ਨੇ ਆਪਣੇ ਤਿੰਨ ਸਾਲ 'ਚ ਵਾਅਦੇ ਪੂਰੇ ਕੀਤੇ : ਅਮਨਦੀਪ ਕੌਰ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਿੰਨ ਸਾਲਾਂ ਤੋਂ ਕਾਰਜਕਾਲ ਦੌਰਾਨ ਆਪ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ, ਰਾਜ ਸਰਕਾਰ ਨੇ ਉਹ ਸਾਰੇ ਵਾਅਦੇ ਪੂਰੇ ਕਰਕੇ ਲੋਕਾਂ ਦਾ ਮਨ ਜਿੱਤਿਆ ਹੈ ਅਤੇ ਰਹਿੰਦੇ ਵੀ ਆਪਣੇ ਵਾਅਦੇ ਬਹੁਤ ਜਲਦ ਸਰਕਾਰ ਪੂਰੇ ਕਰੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਰੀਵਾਲ ਦੀ ਨੂੰਹ ਐਡਵੋਕੇਟ ਅਮਨਦੀਪ ਕੌਰ ਧਾਰੀਵਾਲ ਨੇ ਆਮ ਆਦਮੀ ਪਾਰਟੀ ਦੇ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਅੌਲ ਦੇ ਗ੍ਰਹਿ ਵਿਖੇ ਕਹੇ। ਉਨਾਂ ਦੱਸਿਆ ਕਿ ਹਲਕਾ ਅਜਨਾਲਾ ਵਿੱਚ ਤਿੰਨ ਸਾਲਾਂ ਦੌਰਾਨ ਕੈਬਨਿਟ ਮੰਤਰੀ ਧਾਲੀਵਾਲ ਵੱਲੋਂ ਲਗਭਗ 475 ਕਰੋੜ ਰੁਪਏ ਖਰਚ ਕਰਕੇ ਸਮੁੱਚੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਤੋਂ ਕਰਵਾਏ ਜੋ ਕਿ ਆਪਣੇ ਆਪ ਵਿੱਚ ਇੱਕ ਮਿਸਾਲ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਸ਼ਿਆਂ ਦੇ ਖਿਲਾਫ ਜੋ ਯੁੱਧ ਛੇੜਿਆ ਗਿਆ ਹੈ, ਸਾਰੇ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ। ਇਸ ਮੌਕੇ ਕੌਂਸਲਰ ਨੀਲਮ ਅੌਲ, ਕੌਂਸਲਰ ਰਾਜਬੀਰ ਕੌਰ ਚਾਹਲ, ਬਲਾਕ ਪ੍ਰਧਾਨ ਦਵਿੰਦਰ ਸਿੰਘ, ਸੋਨ, ਸ਼ਿਵਦੀਪ ਸਿੰਘ ਚਾਹਲ, ਜੋਤੀ ਅੌਲ, ਜਸਵਿੰਦਰ ਸਿੰਘ ਸ਼ੀਨਾ, ਸਰਬਜੀਤ ਕੌਰ ਆਦਿ ਹਾਜ਼ਰ ਸਨ।

ਸ਼ਹੀਦ ਭਗਤ ਸਿੰਘ ਦਾ ਦਿਹਾੜਾ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਸਾਜ਼ਿਸ਼ਾਂ ਖਿਲਾਫ ਮਨਾਇਆ ਜਾਵੇਗਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ) - ਮੋਦੀ ਦੀ ਕੇਂਦਰ ਸਰਕਾਰ ਤੇ ਹਰਿਆਣਾ ਦੀ ਸੂਬਾ ਸਰਕਾਰ ਦੀ ਮਿਲੀਭੁਗਤ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਅਗਵਾਈ 'ਚ ਜਿਹੜਾ ਖਨੌਰੀ ਤੇ ਸ਼ੰਭੂ ਬਾਰਡਰਾਂ ਦੇ ਮੋਰਚਿਆਂ ਨੂੰ ਮਲੀਆਮੇਟ ਕਰਨ ਵਾਲਾ ਅਤਿ ਘਿਨੌਣਾ ਤੇ ਗੈਰ ਮਨੁੱਖੀ ਪੰਜਾਬ ਪੁਲਸ ਤੇ ਪੈਰਾ ਮਿਲਟਰੀ ਵੱਲੋਂ ਮੋਰਚਿਆਂ 'ਤੇ ਜੇ ਸੀ ਬੀ ਮਸ਼ੀਨਾਂ ਤੇ ਬੁਲਡੋਜ਼ਰਾਂ ਨਾਲ ਮੋਰਚਿਆਂ ਤੇ ਬਣੀਆਂ ਸਟੇਜਾਂ, ਪੱਕੇ ਟੈਂਟਾਂ ਤੇ ਟਰਾਲੀਆਂ ਆਦਿ ਬਹੁਤ ਕੀਮਤੀ ਸਮਾਨ ਨੂੰ ਭੰਨ ਤੋੜ ਕੇ ਉਹਨਾਂ ਦਾ ਨਾਮੋ ਨਿਸ਼ਾਨ ਮਿਟਾ ਦਿੱਤਾ ਅਤੇ ਕਰੋੜਾਂ ਰੁਪਏ ਦਾ ਨੁਕਸਾਨ ਕੀਤਾ ਜਿਸ ਦੀ ਪੰਜਾਬ ਸਮੇਤ ਸਾਰੇ ਦੇਸ਼ ਤੇ ਵਿਦੇਸ਼ਾਂ ਵਿੱਚ ਨਿਖੇਧੀ ਕੀਤੀ ਜਾ ਰਹੀ ਹੈ । ਅਜਿਹੀ ਗੈਰ ਮਨੁੱਖੀ ਕਾਰਵਾਈ ਦਾ ਪ੍ਰਗਟਾਵਾ ਕਰਦਿਆਂ ਇੱਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਅਜਿਹੀ ਵਿਸ਼ਵਾਸਘਾਤ ਵਾਲੀ ਪਹਿਲੀ ਘਟਨਾ ਹੋਈ ਹੈ ਕਿ ਕੇਂਦਰ ਸਰਕਾਰ ਦੇ ਸੱਦੇ 'ਤੇ ਖਨੌਰੀ ਤੇ ਸ਼ੰਭੂ ਬਾਰਡਰ 'ਤੇ ਆਗੂਆਂ ਨੂੰ ਸੱਦ ਕੇ

ਚੰਡੀਗੜ੍ਹ ਵਿੱਚ ਚੰਗੇ ਮਹੌਲ ਵਿੱਚ ਐਮ ਐਸ ਪੀ ਸਮੇਤ ਗੱਲਬਾਤ ਹੋਈ ਜਿਸ ਵਿੱਚ ਕੇਂਦਰ ਦੇ ਖੇਤੀਬਾੜੀ ਸਮੇਤ ਤਿੰਨ ਮੰਤਰੀ ਅਤੇ ਪੰਜਾਬ ਦੇ ਵੀ ਤਿੰਨ ਮੰਤਰੀ ਹਰਪਾਲ ਸਿੰਘ ਚੀਮਾ, ਗੁਰਮੀਤ ਸਿੰਘ ਖੁੱਡੀਆਂ ਤੇ ਲਾਲ ਚੰਦ ਕਟਾਰੂ ਚੱਕ ਹੋਰ ਪ੍ਰਸ਼ਾਸਨ ਸਮੇਤ ਸ਼ਾਮਲ ਸਨ। ਡਾ. ਅਜਨਾਲਾ ਨੇ ਦੱਸਿਆ ਕਿ ਇਹ ਇੱਕ ਡੂੰਘੀ ਸਾਜ਼ਿਸ਼ ਅਧੀਨ ਪੰਜਾਬੀ ਸਰਕਾਰ ਦੇ ਅਦੇਸ਼ 'ਤੇ ਪੁਲਸ ਪ੍ਰਸ਼ਾਸਨ ਵਲੋਂ ਡੱਲੇਵਾਲ ਤੇ ਪੰਧੇਰ ਅਤੇ ਹੋਰ ਆਗੂਆਂ ਸਮੇਤ ਇਹਨਾਂ ਨੂੰ ਚੰਡੀਗੜ੍ਹ ਵਿੱਚ ਹੀ ਹਿਰਾਸਤ ਵਿੱਚ ਲੈ ਲਿਆ। ਇਸ ਉਪਰੰਤ ਹਨੇਰੇ ਹੁਦਿਆਂ ਹੀ ਪੁਲਸ ਵੱਲੋਂ ਜੇ ਸੀ ਬੀ ਮਸ਼ੀਨਾਂ ਤੇ ਬੁਲਡੋਜ਼ਰਾਂ ਤੇ ਹੋਰ ਪੁਟ ਪੁਟਾਈ ਦੇ ਸਮਾਨ ਨਾਲ ਦੋਵਾਂ ਮੋਰਚਿਆਂ ਦੀਆਂ ਸਟੇਜਾਂ, ਪੱਕੇ ਕਮਰਿਆਂ ਅਤੇ ਬਣਾਏ ਗਏ ਹਸਪਤਾਲ ਨੂੰ ਵੀ ਮਲੀਆਮੇਟ ਕਰ ਦਿੱਤਾ ਅਤੇ ਮੋਰਚੇ 'ਤੇ ਸ਼ਾਮਲ ਸੈਂਕੜੇ ਕਿਸਾਨ ਤੇ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕ ਦਿੱਤਾ। ਇਹ ਭਗਵੰਤ ਮਾਨ ਸਰਕਾਰ ਦਾ ਕਿਸਾਨਾਂ ਨਾਲ ਵਿਸ਼ਵਾਸਘਾਤ ਹੈ ਕਿ ਆਗੂਆਂ ਨੂੰ ਸੱਦ ਕੇ ਗ੍ਰਿਫ਼ਤਾਰ ਕਰ ਲੈਣ ਅਤੇ ਬਾਅਦ ਵਿੱਚ ਲਗਾਤਾਰ ਕਹਿਣਾ ਸ਼ੁਰੂ ਕਰ ਦਿੱਤਾ ਕਿ ਅਸੀਂ ਕਿਸਾਨਾਂ ਦੇ ਹਮਦਰਦ ਹਾਂ। ਅਜਿਹੀ ਕਾਰਵਾਈ ਨੂੰ ਕਿਸਾਨਾਂ ਦਾ ਇਤਿਹਾਸ ਕਦੇ ਵੀ ਮਾਫ਼ ਨਹੀਂ ਕਰੇਗਾ । ਉਨ੍ਹਾਂ ਕਿਹਾ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ 'ਤੇ ਸ਼ਹੀਦ ਭਗਤ ਸਿੰਘ ਦਾ ਦਿਹਾੜਾ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਸਾਜ਼ਿਸ਼ਾਂ ਖਿਲਾਫ ਅਤੇ ਸਾਮਰਾਜ ਅਤੇ ਫਿਰਕਾਪ੍ਰਸਤ ਵਿਰੁੱਧ ਮਨਾਇਆ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ, ਜਰਨੈਲ ਸਿੰਘ, ਮੋਹਨ ਸਿੰਘ, ਹਰਨੇਕ ਸਿੰਘ, ਗਾਇਕ ਗੁਰਪਾਲ ਗਿੱਲ, ਸੋਨਾ ਸਿੰਘ, ਕੁਲਵੰਤ ਸਿੰਘ, ਜੋਧਾ ਸਿੰਘ, ਗੋਪੀ ਸਿੰਘ, ਦਿਲਪ੍ਰੀਤ ਸਿੰਘ, ਦਿਲਜੀਤ ਸਿੰਘ, ਹਰਪ੍ਰੀਤ ਸਿੰਘ, ਰਮਨਦੀਪ ਕੌਰ, ਮਨਪ੍ਰੀਤ ਕੌਰ, ਸਰਬਜੀਤ ਕੌਰ, ਭੇਜੋ ਕੌਰ, ਪ੍ਰੀਤਮ ਕੌਰ, ਸੁਖਵਿੰਦਰ ਕੌਰ ਆਦਿ ਨੇ ਵੀ ਪੰਜਾਬ ਸਰਕਾਰ ਦੀ ਅਜਿਹੀ ਅਤਿ ਨਿੰਦਣਯੋਗ ਕਾਰਵਾਈ ਖਿਲਾਫ ਨਾਅਰੇਬਾਜ਼ੀ ਕੀਤੀ ਗਈ।

ਗੁਰਸ਼ੇਰ ਸਿੰਘ ਮਾਨ ਤੇ ਹਰਸੀਨ ਕੌਰ ਸਹੋਤਾ ਮਾਨ ਨੇ ਪੁਲਸ ਖੇਡਾਂ 'ਚ ਜਿੱਤੇ ਸੋਨੇ ਚਾਂਦੀ ਦੇ ਮੈਡਲ

ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਪਿੰਡ ਮਾਨ ਸੈਂਡਵਾਲ ਲਈ ਬੜੇ ਮਾਣ ਵਾਲੀ ਗੱਲ ਹੈ ਕੇ ਇਥੋਂ ਦੇ ਗੁਰਸ਼ੇਰ ਸਿੰਘ ਮਾਨ ਤੇ ਉਹਨਾਂ ਦੀ ਪਤਨੀ ਹਰਸੀਨ ਕੌਰ ਮਾਨ ਜੋ ਆਸਟ੍ਰੇਲੀਆ ਰਹਿ ਰਹੇ ਹਨ, ਇਸ ਜੋੜੀ ਵੱਲੋਂ ਆਸਟ੍ਰੇਲੀਆ-ਨਿਊਜ਼ੀਲੈਂਡ ਪੁਲਸ ਖੇਡਾਂ ਵਿੱਚ ਸੋਨੇ ਚਾਂਦੀ ਦੇ ਮੈਡਲ ਹਾਸਲ ਕਰਕੇ ਸਮੂਹ ਪੰਜਾਬੀ ਭਾਈਚਾਰੇ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਸੰਬੰਧੀ ਗੱਲ ਕਰਦਿਆਂ ਸਰਪ

ਨਵਾਂ ਜ਼ਮਾਨਾ
ਸ਼ਨੀਵਾਰ, 22 ਮਾਰਚ 2025

ਨਿਆਂਪਾਲਿਕਾ ਦੀ ਕਦਰ-ਘਟਾਈ

ਦਿੱਲੀ ਹਾਈ ਕੋਰਟ ਦੇ ਜੱਜ ਯਸ਼ਵੰਤ ਵਰਮਾ ਦੇ ਸਰਕਾਰੀ ਬੰਗਲੇ ਵਿੱਚ ਹੋਲੀ ਵਾਲੀ ਰਾਤ ਲੱਗੀ ਅੱਗ ਨੂੰ ਬੁਝਾਉਣ ਵੇਲੇ ਫਾਇਰ ਬ੍ਰਿਗੇਡ ਵਰਕਰਾਂ ਨੂੰ ਇੱਕ ਕਮਰੇ ਵਿੱਚੋਂ ਮਿਲੀ ਬੇਹਿਸਾਬੀ ਨਕਦੀ ਨੇ ਭਾਰਤੀ ਨਿਆਂਪਾਲਿਕਾ ਦੀ ਸਾਖ ਨੂੰ ਇੱਕ ਵਾਰ ਫਿਰ ਕਟਹਿਰੇ ਵਿੱਚ ਲਿਆ ਖੜ੍ਹਾ ਕੀਤਾ ਹੈ। ਜਸਟਿਸ ਵਰਮਾ ਅਕਤੂਬਰ 2021 ਵਿੱਚ ਇਲਾਹਾਬਾਦ ਹਾਈ ਕੋਰਟ ਤੋਂ ਬਦਲ ਕੇ ਦਿੱਲੀ ਹਾਈ ਕੋਰਟ ਵਿੱਚ ਆਏ ਸਨ। ਸੁਪਰੀਮ ਕੋਰਟ ਦੇ ਚੀਫ ਜਸਟਿਸ ਸੰਜੀਵ ਖੰਨਾ ਨੇ ਇਹ ਮਾਮਲਾ ਚਰਚਾ ਵਿੱਚ ਆਉਣ ਤੋਂ ਬਾਅਦ ਕਾਲੇਜਿਅਮ ਦੀ ਮੀਟਿੰਗ ਕਰਕੇ ਜਸਟਿਸ ਵਰਮਾ ਦਾ ਤਬਾਦਲਾ ਫਿਰ ਇਲਾਹਾਬਾਦ ਹਾਈ ਕੋਰਟ ਦਾ ਕਰ ਦਿੱਤਾ ਹੈ। ਕਾਲੇਜਿਅਮ ਦਾ ਇਹ ਫੈਸਲਾ ਭ੍ਰਿਸ਼ਟਾਚਾਰ ਨੂੰ ਦਬਾਉਣ ਦੀ ਕੋਸ਼ਿਸ਼ ਤੋਂ ਵੱਧ ਕੁਝ ਨਹੀਂ ਹੈ। ਕਾਲੇਜਿਅਮ, ਜਿਸ ਵਿੱਚ ਸੁਪਰੀਮ ਕੋਰਟ ਦੇ ਚੀਫ ਜਸਟਿਸ ਤੇ ਸੀਨੀਅਰ ਜੱਜ ਸ਼ਾਮਲ ਹੁੰਦੇ ਹਨ, ਦੇ ਕੁਝ ਮੈਂਬਰਾਂ ਨੇ ਇਨ-ਹਾਊਸ ਜਾਂਚ ਕਰਾਉਣ ਤੇ ਜਸਟਿਸ ਵਰਮਾ ਨੂੰ ਬਰਤਰਫ ਕਰਨ ਤੱਕ ਦੀ ਮੰਗ ਕੀਤੀ ਸੀ, ਪਰ ਚੀਫ ਜਸਟਿਸ ਸਹਿਮਤ ਨਹੀਂ ਹੋਏ। ਸਵਾਲ ਉੱਠਦਾ ਹੈ ਕਿ ਜੇ ਜਸਟਿਸ ਵਰਮਾ ਬੇਗੁਨਾਹ ਹਨ ਤਾਂ ਜਾਂਚ ਤੋਂ ਡਰ ਕਾਹਦਾ? ਜੇ ਉਹ ਗੁਨਾਹਗਾਹ ਹਨ ਤਾਂ ਸਿਰਫ ਤਬਾਦਲੇ ਨਾਲ ਕੀ ਹਾਸਲ ਹੋਵੇਗਾ? ਇਹ ਘਟਨਾ ਸਾਬਤ ਕਰਦੀ ਹੈ ਕਿ ਭਾਰਤੀ ਨਿਆਂਪਾਲਿਕਾ ਭ੍ਰਿਸ਼ਟਾਚਾਰ ਨੂੰ ਛੁਪਾਉਣ ਤੇ ਆਪਣੇ ਜੱਜਾਂ ਨੂੰ ਬਚਾਉਣ ਵਿੱਚ ਮਾਹਰ ਹੋ ਚੁੱਕੀ ਹੈ।

2008 ਦੀ ਗੱਲ ਹੈ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਨਿਰਮਲਜੀਤ ਕੌਰ ਤੇ ਨਿਰਮਲ ਯਾਦਵ ਨਾਂਅ ਦੀਆਂ ਜੱਜ ਸਨ। ਨਿਰਮਲਜੀਤ ਕੌਰ ਦੇ ਘਰ ਦੇ ਦਰਵਾਜ਼ੇ 'ਤੇ 15 ਲੱਖ ਰੁਪਏ ਦਾ ਪੈਕਟ ਮਿਲਿਆ। ਜਾਂਚ ਵਿੱਚ ਪਤਾ ਲੱਗਾ ਕਿ ਇਹ ਰਕਮ ਉਨ੍ਹਾ ਲਈ ਨਹੀਂ ਸੀ। ਜਸਟਿਸ ਨਿਰਮਲ ਯਾਦਵ 'ਤੇ ਦੋਸ਼ ਲੱਗਾ ਤੇ ਸੁਪਰੀਮ ਕੋਰਟ ਦੇ ਕਾਲੇਜਿਅਮ ਨੇ ਉਨ੍ਹਾ ਦਾ ਤਬਾਦਲਾ ਕਰ ਦਿੱਤਾ। ਉਹ ਰਿਟਾਇਰ ਹੋ ਚੁੱਕੇ ਹਨ ਤੇ ਮੁਕੱਦਮਾ ਚੱਲ ਰਿਹਾ ਹੈ। ਗਾਜ਼ੀਆਬਾਦ ਕੋਰਟ ਵਿੱਚ ਨਾਜ਼ਿਰ/ਬਿੱਲ ਕਲਰਕ ਵੱਲੋਂ ਫਰਜ਼ੀ ਤਰੀਕੇ ਨਾਲ ਮੁਲਾਜ਼ਮਾਂ ਦੇ ਜੀ ਪੀ ਐੱਫ ਫੰਡ ਵਿੱਚੋਂ ਕਰੀਬ ਸਾਢੇ 6 ਕਰੋੜ ਰੁਪਏ ਕਢਵਾਏ ਗਏ ਤੇ ਇਸ ਮਾਮਲੇ ਵਿੱਚ ਸੀ ਬੀ ਆਈ ਨੇ ਜੁਲਾਈ 2010 ਵਿੱਚ 71 ਜੱਜਾਂ ਤੇ ਮੁਲਾਜ਼ਮਾਂ ਖਿਲਾਫ ਚਾਰਜਸ਼ੀਟ ਪੇਸ਼ ਕੀਤੀ ਸੀ। ਨਾਂਅ ਤਾਂ ਇਸ ਵਿੱਚ ਸੁਪਰੀਮ ਕੋਰਟ ਦੇ ਇੱਕ ਤੱਤਕਾਲੀ ਸਿਟਿੰਗ ਜੱਜ ਤੇ ਇਲਾਹਾਬਾਦ ਹਾਈ ਕੋਰਟ ਦੇ ਜੱਜਾਂ ਦੇ ਵੀ ਬੋਲਦੇ ਸਨ, ਪਰ ਜਾਂਚ ਦੌਰਾਨ ਬਾਹਰ ਕਰ ਦਿੱਤੇ ਗਏ। ਛੇ ਜੱਜ ਅਸਥਾਈ ਸਨ, ਜਿਨ੍ਹਾਂ ਨੂੰ ਘੁਟਾਲੇ ਦੇ ਬਾਅਦ ਪੱਕੇ ਨਹੀਂ ਕੀਤਾ ਗਿਆ। ਮਾਮਲਾ ਅਜੇ ਵੀ ਚੱਲ ਰਿਹਾ ਹੈ ਤੇ ਕਿਸੇ ਨੂੰ ਸਜ਼ਾ ਨਹੀਂ ਹੋਈ। 1990 ਦੇ ਦਹਾਕੇ ਵਿੱਚ ਮਦਰਾਸ ਹਾਈ ਕੋਰਟ ਦੇ ਜਸਟਿਸ ਵੀ ਰਾਮਾਸਵਾਮੀ ਉੱਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲੱਗੇ ਸਨ। ਉਨ੍ਹਾ ਨੂੰ ਹਟਾਉਣ ਲਈ ਸੰਸਦ ਵਿੱਚ ਪ੍ਰਕਿਰਿਆ ਸ਼ੁਰੂ ਹੋਈ, ਪਰ ਸਿਆਸੀ ਸਮਰਥਨ ਕਰਕੇ ਬਚ ਗਏ। ਹਾਂ, ਕਲਕੱਤਾ ਹਾਈ ਕੋਰਟ ਦੇ ਜੱਜ ਸੌਮਿਤਰਾ ਸੇਨ ਨੂੰ ਸੰਸਦ ਰਾਹੀਂ ਜ਼ਰੂਰ ਹਟਾਇਆ ਗਿਆ। ਪਰ ਸੁਪਰੀਮ ਕੋਰਟ ਨੇ ਨਹੀਂ ਹਟਾਇਆ! ਇਨ੍ਹਾਂ ਘਟਨਾਵਾਂ ਤੋਂ ਸਾਫ ਹੈ ਕਿ ਭਾਰਤੀ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਕੋਈ ਨਵੀਂ ਗੱਲ ਨਹੀਂ ਹੈ। ਹਰ ਵਾਰ ਮਾਮਲੇ ਦਬਾ ਦਿੱਤੇ ਜਾਂਦੇ ਹਨ ਜਾਂ ਜੱਜਾਂ ਨੂੰ ਬਚਾਉਣ ਲਈ ਹਲਕੀ-ਫੁਲਕੀ ਕਾਰਵਾਈ ਕਰ ਦਿੱਤੀ ਜਾਂਦੀ ਹੈ।

ਜਸਟਿਸ ਵਰਮਾ ਦੀ ਘਟਨਾ ਨੇ ਕਾਲੇਜਿਅਮ ਸਿਸਟਮ ਦੀ ਇੱਕ ਵਾਰ ਫਿਰ ਪੋਲ ਖੋਲ੍ਹ ਦਿੱਤੀ ਹੈ। ਇਸ ਸਿਸਟਮ ਵਿੱਚ ਸੁਪਰੀਮ ਕੋਰਟ ਤੇ ਹਾਈ ਕੋਰਟ ਦੇ ਜੱਜਾਂ ਦੀ ਨਿਯੁਕਤੀ ਤੇ ਤਬਾਦਲੇ ਸੁਪਰੀਮ ਕੋਰਟ ਦੇ ਸੀਨੀਅਰ ਜੱਜਾਂ ਦਾ ਗਰੁੱਪ ਕਰਦਾ ਹੈ। ਸਿਸਟਮ ਦੀ ਸਭ ਤੋਂ ਵੱਡੀ ਖਾਮੀ ਇਹ ਹੈ ਕਿ ਇਸ ਵਿੱਚ ਲੋਕਾਂ ਦੀ ਭਾਗੀਦਾਰੀ ਨਹੀਂ ਹੈ। ਨਾ ਹੀ ਦੱਸਿਆ ਜਾਂਦਾ ਹੈ ਕਿ ਫੈਸਲਾ ਕਿਵੇਂ ਕੀਤਾ ਗਿਆ। ਇੱਕ ਤਰ੍ਹਾਂ ਨਾਲ ਇਹ ਸਿਸਟਮ ਅਪਾਰਦਰਸ਼ੀ ਤੇ ਗੈਰ-ਜਵਾਬਦੇਹ ਹੈ। ਸੁਪਰੀਮ ਕੋਰਟ ਦੇ ਇਤਿਹਾਸ ਵਿੱਚ ਪਹਿਲੀ ਵਾਰ ਚਾਰ ਸੀਨੀਅਰ ਜੱਜਾਂ ਜਸਟਿਸ ਜੇ ਚੇਲਮੇਸ਼ਵਰ, ਜਸਟਿਸ ਰੰਜਨ ਗੋਗੋਈ, ਜਸਟਿਸ ਮਦਨ ਬੀ ਲੋਕੁਰ ਤੇ ਜਸਟਿਸ ਕੁਰੀਅਨ ਜੋਸਫ ਨੇ ਪ੍ਰੈੱਸ ਕਾਨਫਰੰਸ ਕਰਕੇ ਵੇਲੇ ਦੇ ਚੀਫ ਜਸਟਿਸ ਦੀਪਕ ਮਿਸ਼ਰਾ 'ਤੇ ਗੰਭੀਰ ਦੋਸ਼ ਲਾਏ ਸਨ ਕਿ ਉਹ ਅਹਿਮ ਮਾਮਲੇ ਆਪਣੇ ਪਸੰਦੀਦਾ ਜੱਜਾਂ ਨੂੰ ਸੌਂਪਦੇ ਹਨ। 2019 ਵਿੱਚ ਸੁਪਰੀਮ ਕੋਰਟ ਦੀ ਮੁਲਾਜ਼ਮ ਨੇ ਚੀਫ ਜਸਟਿਸ ਰੰਜਨ ਗੋਗੋਈ 'ਤੇ ਛੇੜਛਾੜ ਦਾ ਦੋਸ਼ ਲਾਇਆ। ਇਹ ਮਾਮਲੇ ਰਫਾ-ਦਫਾ ਹੋ ਗਏ।

2023 ਵਿੱਚ ਸੈਂਟਰ ਫਾਰ ਦੀ ਸਟੱਡੀ ਆਫ ਡਿਵੈਲਪਿੰਗ ਸੁਸਾਇਟੀਜ਼ (ਸੀ ਐੱਸ ਡੀ ਐੱਸ) ਦੇ ਇੱਕ ਸਰਵੇਖਣ ਵਿੱਚ ਸਾਹਮਣੇ ਆਇਆ ਸੀ ਕਿ ਸਿਰਫ 45 ਫੀਸਦੀ ਲੋਕ ਨਿਆਂਪਾਲਿਕਾ 'ਤੇ ਭਰੋਸਾ ਕਰਦੇ ਹਨ। 2010 ਵਿੱਚ ਇਹ ਫੀਸਦ 65 ਸੀ। ਇਸ ਗਿਰਾਵਟ ਦਾ ਮੁੱਖ ਕਾਰਨ ਭ੍ਰਿਸ਼ਟਾਚਾਰ ਤੇ ਪਾਰਦਰਸ਼ਤਾ ਦੀ ਕਮੀ ਹੈ। ਭਰੋਸਾ ਬਹਾਲ ਕਰਨ ਲਈ ਜੱਜਾਂ ਖਿਲਾਫ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਦੀ ਜਾਂਚ ਲਈ ਆਜ਼ਾਦ ਤੰਤਰ ਕਾਇਮ ਹੋਣਾ ਚਾਹੀਦਾ ਹੈ, ਜਿਸ ਵਿੱਚ ਜੱਜਾਂ ਦੇ ਨਾਲ-ਨਾਲ ਕਾਨੂੰਨ ਮਾਹਰ, ਸਮਾਜੀ ਕਾਰਕੁੰਨ ਤੇ ਲੋਕਾਂ ਦੇ ਪ੍ਰਤੀਨਿਧ ਸ਼ਾਮਲ ਹੋਣ। ਜਾਂਚ ਪ੍ਰਕਿਰਿਆ ਬਾਰੇ ਲੋਕਾਂ ਨੂੰ ਪਤਾ ਲੱਗਣਾ ਚਾਹੀਦਾ ਹੈ। ਜਸਟਿਸ ਵਰਮਾ ਦੇ ਮਾਮਲੇ ਵਿੱਚ ਕਾਲੇਜਿਅਮ ਨੇ ਜੋ ਕੀਤਾ ਹੈ, ਉਸ ਨਾਲ ਲੋਕਾਂ ਦੀ ਨਿਆਂਪਾਲਿਕਾ ਪ੍ਰਤੀ ਬੇਭਰੋਸਗੀ ਘਟਣ ਦੀ ਥਾਂ ਹੋਰ ਵਧੇਗੀ।

ਮਿਹਨਤਕਸ਼ ਕਿਉਂ ਕਰ ਰਹੇ ਹਨ 20 ਮਈ ਨੂੰ ਆਮ ਹੜਤਾਲ ?

ਐੱਮ ਐੱਸ ਭਾਟੀਆ

ਨਿੱਤ ਦਿਨ ਦੇਸ਼ ਦੀ ਧਨ-ਦੌਲਤ ਕਾਰਪੋਰੇਟਾਂ ਨੂੰ ਲੁਟਾਉਣ ਵਾਲੀ ਕੇਂਦਰ ਦੀ ਮੋਦੀ ਸਰਕਾਰ ਧਨਾਢਾਂ ਲਈ ਕੰਮਕਾਰ ਆਸਾਨ ਬਣਾਉਣ ਦੇ ਨਾਂਅ 'ਤੇ ਮਿਹਨਤਕਸ਼ ਲੋਕਾਂ ਦਾ ਗਲਾ ਘੁੱਟ ਰਹੀ ਹੈ। ਦੇਸ਼ ਦੇ ਮਿਹਨਤਕਸ਼ ਲੋਕਾਂ ਦੀਆਂ ਨੁਮਾਇੰਦਾ ਕੇਂਦਰੀ ਟ੍ਰੇਡ ਯੂਨੀਅਨਾਂ ਅਤੇ ਆਜ਼ਾਦ ਫੈਡਰੇਸ਼ਨਾਂ ਵੱਲੋਂ ਇੱਕ ਕੌਮੀ ਕਨਵੈਂਸਨ 18 ਮਾਰਚ ਨੂੰ ਨਵੀਂ ਦਿੱਲੀ ਵਿਖੇ ਕੀਤੀ ਗਈ, ਜਿਸ ਵਿੱਚ ਵਿਚਾਰ-ਵਟਾਂਦਰੇ ਤੋਂ ਬਾਅਦ ਇੱਕ ਘੋਸ਼ਣਾ ਪੱਤਰ ਜਾਰੀ ਕੀਤਾ ਗਿਆ ਕਿ ਇਹ ਕਨਵੈਨਸ਼ਨ ਦੇਸ਼ ਦੇ ਮਜਦੂਰਾਂ ਅਤੇ ਆਮ ਲੋਕਾਂ ਦੇ ਸਾਰੇ ਵਰਗਾਂ ਨੂੰ ਦਰਪੇਸ਼ ਚਿੰਤਾਜਨਕ ਸਥਿਤੀ ਦਾ ਜਾਇਜਾ ਲੈਂਦੇ ਹੋਏ ਕੇਂਦਰ ਵਿੱਚ ਐਨ ਡੀ ਏ ਸਰਕਾਰ ਵੱਲੋਂ ਤੀਜੇ ਕਾਰਜਕਾਲ ਵਿਚ ਅਪਣਾਈਆਂ ਜਾ ਰਹੀਆਂ ਮਜ਼ਦੂਰ-ਵਿਰੋਧੀ ਅਤੇ ਲੋਕ-ਵਿਰੋਧੀ ਨੀਤੀਆਂ ਦੇ ਨਤੀਜੇ ਵਜੋਂ ਗਰੀਬ ਹੋਰ ਵੀ ਗਰੀਬ ਹੋ ਰਿਹਾ ਹੈ ਅਤੇ ਕੁਪੋਸ਼ਣ ਦਾ ਪੱਧਰ ਹੇਠਾਂ ਡਿੱਗ ਰਿਹਾ ਹੈ। ਬੇਰੁਜਗਾਰੀ ਅਸਮਾਨ ਛੂਹ ਰਹੀ ਹੈ ਅਤੇ ਨੌਕਰੀਆਂ ਦੀ ਗੁਣਵੱਤਾ ਵਿੱਚ ਅਣਮਨੁੱਖੀ ਪੱਧਰ ਤੱਕ ਭਾਰੀ ਗਿਰਾਵਟ ਆ ਰਹੀ ਹੈ। ਕਾਰਪੋਰੇਟ ਅਤੇ ਵੱਡੇ ਕਾਰੋਬਾਰੀਆਂ ਦਾ ਮੁਨਾਫਾ ਕਈ ਗੁਣਾ ਵਧ ਗਿਆ ਹੈ। ਹੁਣੇ ਹੋਇਆ ਆਰਥਕ ਸਰਵੇਖਣ (ਅਧਿਕਾਰਤ) ਐੱਨ ਡੀ ਏ ਸ਼ਾਸਨ ਦੇ ਨੀਤੀਗਤ ਦੀਵਾਲੀਆਪਨ ਇਹ ਦਰਸਾਉਂਦਾ ਹੈ ਕਿ 2023-2024 ਵਿੱਚ ਗੈਰ-ਰਸਮੀ ਆਰਥਿਕਤਾ ਦੇ ਕਾਮਿਆਂ ਦੀ ਤਨਖਾਹ 2017-2018 ਦੇ ਪੱਧਰ ਤੋਂ ਘਟ ਗਈ ਹੈ। ਇਸ ਦੇ ਉਲਟ ਰੁਜ਼ਗਾਰ-ਵਾਧਾ ਸਿਰਫ 1.5 ਪ੍ਰਤੀਸ਼ਤ ਹੈ। ਆਮ ਮਰਦ ਕਾਮੇ 203 ਰੁਪਏ ਤੋਂ 242 ਰੁਪਏ ਦੇ ਵਿਚਕਾਰ ਕਮਾਈ ਕਰ ਰਹੇ ਸਨ, ਜਦੋਂ ਕਿ ਔਰਤਾਂ ਦੀ ਕਮਾਈ 128 ਰੁਪਏ ਤੋਂ 159 ਰੁਪਏ ਦੇ ਵਿਚਕਾਰ ਸੀ। ਕਾਰਪੋਰੇਟ ਸੈਕਟਰ ਦੇ ਮੁਨਾਫੇ ਵਿੱਚ 22.3 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ।

ਸਰਕਾਰ ਕਿਰਤ ਕੋਡਾਂ ਨੂੰ ਤੇਜ਼ੀ ਨਾਲ ਲਾਗੂ ਕਰਨਾ ਚਾਹੁੰਦੀ ਹੈ। ਇਹ ਕੋਡ ਮਜ਼ਦੂਰਾਂ ਤੋਂ ਉਨ੍ਹਾਂ ਦੇ ਕੰਮ ਵਾਲੀਆਂ ਥਾਵਾਂ 'ਤੇ ਲਗਭਗ ਸਾਰੇ ਅਧਿਕਾਰ ਅਤੇ ਹੱਕ ਖੋਹ ਲੈਣਗੇ। ਕੰਮ ਦੇ ਘੰਟੇ, ਘੱਟੋ-ਘੱਟ ਉਜਰਤਾਂ, ਸਮਾਜਿਕ ਸੁਰੱਖਿਆ ਆਦਿ ਸਮੇਤ ਕੰਮ ਕਰਨ ਦੀਆਂ ਸਥਿਤੀਆਂ ਨਾਲ ਸੰਬੰਧਤ ਮਜ਼ਦੂਰਾਂ ਦੇ ਸਾਰੇ ਬੁਨਿਆਦੀ ਅਧਿਕਾਰਾਂ ਅਤੇ ਯੂਨੀਅਨ ਬਣਾਉਣ, ਮਾਨਤਾ, ਸਮੂਹਿਕ ਤੌਰ ਤੇ ਗੱਲਬਾਤ ਰਾਹੀਂ ਹੱਕ ਲੈਣਾ, ਸੰਘਰਸ਼ਾਂ ਅਤੇ ਹੜਤਾਲ ਦੇ ਅਧਿਕਾਰ ਆਦਿ ਸਮੇਤ ਕਿਸੇ ਵੀ ਤਰ੍ਹਾਂ ਦੇ ਸਮੂਹਿਕ ਪ੍ਰਗਟਾਵੇ ਦੇ ਉਨ੍ਹਾਂ ਦੇ ਅਧਿਕਾਰਾਂ ਨੂੰ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਇਹ ਕਨਵੈਨਸਨ 30.1.2023 ਨੂੰ ਹੋਈ ਪਿਛਲੀ ਰਾਸ਼ਟਰੀ ਕਨਵੈਨਸ਼ਨ ਰਾਹੀਂ ਟ੍ਰੇਡ ਯੂਨੀਅਨਾਂ ਦੇ ਸਾਂਝੇ ਪਲੇਟਫਾਰਮ ਦੁਆਰਾ ਤਿਆਰ ਕੀਤੇ ਗਏ ਮੰਗਾਂ ਦੇ ਚਾਰਟਰ ਨੂੰ ਬਰਕਰਾਰ ਰੱਖਦੀ ਹੈ, ਜਿਸ ਵਿੱਚ ਸੰਗਠਿਤ ਅਤੇ ਅਸੰਗਠਿਤ ਖੇਤਰ ਅਤੇ ਸਵੈ-ਰੁਜ਼ਗਾਰ ਵਾਲੇ ਕਿੱਤਿਆਂ ਦੇ ਮਿਹਨਤਕਸ਼ ਲੋਕਾਂ ਦੇ ਜੀਵਨ ਅਤੇ ਰੋਜ਼ੀ-ਰੋਟੀ ਦੇ ਬੁਨਿਆਦੀ ਅਧਿਕਾਰ ਸ਼ਾਮਲ ਹਨ। ਮਜ਼ਦੂਰ ਜਮਾਤ ਅੰਦੋਲਨ ਦੇ ਨਾਲ-ਨਾਲ ਦੇਸ ਦੇ ਸ਼ਾਸਨ ਦੇ ਸੰਵਿਧਾਨਕ ਅਤੇ ਲੋਕਤੰਤਰੀ ਢਾਂਚੇ ਦੀ ਰੱਖਿਆ ਲਈ ਵੀ ਵਚਨਬੱਧ ਹੈ। ਇਸ ਲਈ ਰਾਸ਼ਟਰੀ ਕਨਵੈਨਸ਼ਨ ਦਾਅਵਾ ਕਰਦੀ ਹੈ ਕਿ ਕਿਰਤ ਕੋਡਾਂ ਨੂੰ ਹਰਾਉਣ ਅਤੇ ਰੱਦ ਕਰਨ ਲਈ ਵਿਰੋਧ ਮਜ਼ਦੂਰ ਵਰਗ ਦੇ ਇੱਕਜੁੱਟ ਸੰਘਰਸ਼ ਵਿੱਚ ਇੱਕ ਕੇਂਦਰੀ ਪੂਰਵ ਸ਼ਰਤ ਬਣ ਗਿਆ ਹੈ।

ਰਾਸ਼ਟਰੀ ਕਨਵੈਨਸ਼ਨ ਧਰਮ, ਜਾਤ, ਭਾਈਚਾਰੇ, ਨਸਲ, ਭਾਸ਼ਾਈ ਅਤੇ ਸੱਭਿਆਚਾਰਕ ਵਿਭਿੰਨਤਾਵਾਂ ਤੋਂ ਪਰਹੇਜ਼ ਕਰਕੇ ਇੱਕ ਸੰਯੁਕਤ ਮਿਹਨਤਕਸ਼ ਵਰਗ ਦੇ ਰੂਪ ਵਿੱਚ, ਆਪਣੇ ਜਾਇਜ਼ ਅਧਿਕਾਰਾਂ ਅਤੇ ਮੰਗਾਂ ਲਈ ਆਉਣ ਵਾਲੀ ਲੜਾਈ 'ਚ ਮਿਹਨਤਕਸ਼ ਲੋਕਾਂ ਦੀ ਏਕਤਾ ਨੂੰ ਬਹੁਤ ਮਹੱਤਵਪੂਰਨ ਮੰਨਦੀ ਹੈ। ਇਸ ਲਈ ਸਮਾਜ ਉੱਤੇ ਸਾਰੀਆਂ ਜ਼ਹਿਰੀਲੀਆਂ ਫੁੱਟਪਾਊ ਅਤੇ ਸਾਜ਼ਿਸ਼ੀ ਚਾਲਾਂ ਦਾ ਸੁਚੇਤ ਤੌਰ 'ਤੇ ਸਾਹਮਣਾ ਕਰਨ ਲਈ ਮਿਹਨਤਕਸ਼ ਲੋਕਾਂ ਦੇ ਸਾਂਝੇ ਅੰਦੋਲਨ ਲਈ ਇਹ ਸਭ ਤੋਂ ਮਹੱਤਵਪੂਰਨ ਮੁੱਖ ਕੰਮ ਵੀ ਹੈ, ਕਿਉਂਕਿ ਇਹ ਲੋਕਾਂ ਅਤੇ ਰਾਸ਼ਟਰੀ ਅਰਥ-ਵਿਵਸਥਾ 'ਤੇ ਕੀਤੇ ਜਾ ਰਹੇ ਅਪਰਾਧਾਂ ਵਿਰੁੱਧ ਮਿਹਨਤਕਸ਼ ਲੋਕਾਂ ਦੇ ਸੰਯੁਕਤ ਵਿਰੋਧ ਨੂੰ ਕਮਜ਼ੋਰ ਕਰਨ ਅਤੇ ਮੋੜਨ ਲਈ ਹਨ। ਏਜੰਡਾ ਵੰਡਪਾਊ ਰਾਜਨੀਤੀ ਨੂੰ ਉਤਸ਼ਾਹਿਤ ਕਰਨ ਦੇ ਇਰਾਦੇ ਨਾਲ ਲਿਆਂਦਾ ਗਿਆ ਹੈ। ਇੱਕ ਭਟਕਾਉਣ ਵਾਲੀ ਰਣਨੀਤੀ ਅਤੇ ਗੁਪਤ ਉਦੇਸ਼ ਵਜੋਂ 'ਇੱਕ ਰਾਸ਼ਟਰ ਇੱਕ ਚੋਣ' ਏਜੰਡਾ ਪੂਰੀ ਵਿਰੋਧੀ ਧਿਰ ਦੁਆਰਾ ਅਸਹਿਮਤੀ ਦੇ ਬਾਵਜੂਦ ਅੱਗੇ ਵਧਾਇਆ ਜਾ ਰਿਹਾ ਹੈ।

ਕਿਰਤ ਕੋਡ ਲਾਗੂ ਹੋਣ ਤੋਂ ਪਹਿਲਾਂ ਹੀ ਅਖੌਤੀ ਸ਼੍ਰਮ ਸਮਾਧਾਨ ਅਤੇ ਸ਼੍ਰਮ ਸੁਵਿਧਾ ਪੋਰਟਲਾਂ ਨੇ ਸੰਸਥਾਵਾਂ ਦੀ ਸ਼ਿਕਾਇਤ-ਅਧਾਰਤ ਨਿਰੀਖਣ ਦੀ ਲੰਮੇ ਸਮੇਂ ਤੋਂ ਸਥਾਪਤ ਪ੍ਰਣਾਲੀ ਨੂੰ ਅਮਲੀ ਤੌਰ 'ਤੇ ਖਤਮ ਕਰ ਦਿੱਤਾ ਹੈ, ਜਿਸ ਨਾਲ ਮਾਲਕਾਂ ਦੁਆਰਾ ਕਿਰਤ-ਕਾਨੂੰਨ ਦੀ ਉਲੰਘਣਾ ਨੂੰ ਲਗਾਤਾਰ ਸਜ਼ਾ-ਮੁਕਤੀ ਨਾਲ ਇੱਕ ਖੁੱਲ੍ਹੀ ਖੇਡ ਬਣਾਇਆ ਗਿਆ ਹੈ।

ਪੂਰੇ ਰਾਸ਼ਟਰੀ ਖਜ਼ਾਨੇ ਨੂੰ ਮੁੱਠੀ ਭਰ ਕਾਰਪੋਰੇਟਾਂ ਦੁਆਰਾ ਵੱਖ-ਵੱਖ ਅਖੌਤੀ ਪ੍ਰੋਤਸਾਹਨ ਯੋਜਨਾਵਾਂ, ਉਤਪਾਦਨ-ਲਿੰਕਡ, ਕੈਪੇਕਸ-ਪ੍ਰੋਤਸਾਹਨ ਅਤੇ ਨਵੀਨਤਮ ਰੁਜ਼ਗਾਰ ਨਾਲ ਜੁੜੀਆਂ ਪ੍ਰੋਤਸਾਹਨ ਯੋਜਨਾਵਾਂ ਰਾਹੀਂ ਉਦਾਰਵਾਦੀ ਸ਼ੋਸ਼ਣ ਲਈ ਖੋਲ੍ਹ ਦਿੱਤਾ ਹੈ। ਨਿਰਮਾਣ ਖੇਤਰ ਦੇ 14 ਉਦਯੋਗਾਂ ਲਈ 1.97 ਲੱਖ ਕਰੋੜ ਰੁਪਏ ਦੀ ਉਤਪਾਦਨ ਨਾਲ ਜੁੜੀ ਪ੍ਰੋਤਸਾਹਨ ਯੋਜਨਾ, ਸੈਮੀਕੰਡਕਟਰ ਨਿਰਮਾਣ ਉਦਯੋਗਾਂ ਲਈ 76000 ਕਰੋੜ ਰੁਪਏ ਦੀ ਕੈਪੇਕਸ ਪ੍ਰੋਤਸਾਹਨ ਅਤੇ 2 ਲੱਖ ਕਰੋੜ ਰੁਪਏ ਦੀ ਰੁਜ਼ਗਾਰ ਨਾਲ ਜੁੜੀ ਪ੍ਰੋਤਸਾਹਨ ਯੋਜਨਾ ਨੇ ਪਿਛਲੇ ਦੋ/ਤਿੰਨ ਸਾਲਾਂ ਦੀ ਪ੍ਰਕਿਰਿਆ ਵਿੱਚ ਨਾ ਤਾਂ ਕੋਈ ਵਾਧੂ ਰੁਜ਼ਗਾਰ ਪੈਦਾ ਕੀਤਾ ਹੈ, ਨਾ ਹੀ ਸਬੰਧਤ ਖੇਤਰ ਵਿੱਚ ਉਤਪਾਦਨ ਵਿੱਚ ਕੋਈ ਮਹੱਤਵਪੂਰਨ ਵਾਧਾ ਅਤੇ ਨਾ ਹੀ ਨਿਵੇਸ਼ ਵਿੱਚ ਕੋਈ ਮਹੱਤਵਪੂਰਨ ਵਾਧਾ, ਜੋ ਕਿ ਸਾਰੇ ਰਿਕਾਰਡ ਦੇ ਵਿਚ ਹਨ।

ਦੂਜੇ ਪਾਸੇ ਅਸੀਂ ਮਨਰੇਗਾ, ਜਨ ਸਿਹਤ, ਸਿੱਖਿਆ ਅਤੇ ਹੋਰ ਕਈ ਭਲਾਈ ਸਕੀਮਾਂ ਅਤੇ ਪ੍ਰੋਗਰਾਮਾਂ ਵਰਗੇ ਸਾਰੇ ਲੋਕਾਂ ਨਾਲ ਸਬੰਧਤ ਖੇਤਰਾਂ ਵਿੱਚ ਬਜਟ ਵੰਡ ਵਿੱਚ ਭਾਰੀ ਕਟੌਤੀ ਦੇਖਦੇ ਹਾਂ। ਸਰਕਾਰ ਇੱਕ ਘਿਨਾਉਣੇ ਤਰੀਕੇ ਨਾਲ ਖੇਤੀਬਾੜੀ ਮਾਰਕੀਟਿੰਗ 'ਤੇ ਹਾਲ ਹੀ ਵਿੱਚ ਜਾਰੀ ਕੀਤੇ ਗਏ ਡਰਾਫਟ ਰਾਸ਼ਟਰੀ ਨੀਤੀ ਢਾਂਚੇ ਰਾਹੀਂ ਪਹਿਲਾਂ ਹੀ ਰੱਦ ਕੀਤੇ ਗਏ ਤਿੰਨ ਖੇਤੀ ਕਾਨੂੰਨਾਂ ਦੇ ਉਪਬੰਧਾਂ ਨੂੰ ਵਾਪਸ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਦਾ ਸੰਯੁਕਤ ਕਿਸਾਨ ਮੋਰਚਾ ਦੁਆਰਾ ਸਹੀ ਵਿਰੋਧ ਕੀਤਾ ਜਾ ਰਿਹਾ ਹੈ। ਸੀ-2 ਪਲੱਸ 50 'ਤੇ ਅਧਾਰਤ ਕਾਨੂੰਨੀ ਐੱਮ ਐੱਸ ਪੀ ਅਤੇ ਉਸ ਅਧਾਰ 'ਤੇ ਖਰੀਦ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਲਾਗੂ ਨਹੀਂ ਕੀਤਾ ਗਿਆ, ਜਿਸ ਲਈ ਐਸ ਕੇ ਐਮ ਆਪਣ

22-MAR-PAGE-5.qxd 3/21/2025 10:59 PM Page 1

ਮੁਲਾਜ਼ਮ ਪੈਨਸ਼ਨਰ ਸਾਂਝੇ ਫਰੰਟ ਵੱਲੋਂ 25 ਨੂੰ ਮੁਹਾਲੀ 'ਚ ਵਿਸ਼ਾਲ ਰੈਲੀ : ਚਾਹਲ, ਮੋਤੀ

ਪੰਜਾਬ ਰੋਡਵੇਜ਼/ਪਨਬਸ ਬੱਸਾਂ ਦੀ ਘਾਟ ਕਾਰਨ ਟਾਈਮ ਮਿੱਸ ਹੋਣ ਕਰਕੇ ਸਿੱਧਾ ਲਾਭ ਨਿੱਜੀ ਕੰਪਨੀਆਂ ਨੂੰ ਦਿੱਤਾ ਜਾ ਰਿਹੈ

ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਦੀ ਸੂਬਾਈ ਮੀਟਿੰਗ ਕਾਮਰੇਡ ਦੀਦਾਰ ਸਿੰਘ ਮੰਡ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਹੋਈ।ਇਸ ਮੀਟਿੰਗ ਦੀ ਕਾਰਵਾਈ ਸਬੰਧੀ ਜਥੇਬੰਦੀ ਦੇ ਸਰਪ੍ਰਸਤ ਕਾਮਰੇਡ ਗੁਰਦੀਪ ਮੋਤੀ, ਗੁਰਜੰਟ ਕੋਕਰੀ, ਜਗਦੀਸ਼ ਸਿੰਘ ਚਾਹਲ, ਅਵਤਾਰ ਸਿੰਘ ਤਾਰੀ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪੰਜਾਬ ਰੋਡਵੇਜ਼/ਪਨਬਸ ਦੀ ਇਸ ਤਰਾਂ ਨਿਘਰਦੀ ਹਾਲਤ ਅਸੀਂ ਪਿਛਲੇ ਸਾਲਾਂ ਵਿੱਚ ਕਦੇ ਨਹੀਂ ਦੇਖੀ।ਪੰਜਾਬ ਰੋਡਵੇਜ਼/ਪਨਬਸ ਦੀਆਂ ਬੱਸਾਂ ਟਾਇਰਾਂ ਤੋਂ ਖੜੀਆਂ ਹਨ, ਜੋ ਚੱਲ ਰਹੀਆਂ ਉਨ੍ਹਾਂ ਦੇ ਟਾਇਰ ਫਟਣ ਕਰਕੇ ਸਵਾਰੀਆਂ ਦੇ ਜ਼ਖਮੀ ਹੋਣ ਦਾ ਵਰਤਾਰਾ ਲਗਾਤਾਰ ਜਾਰੀ ਹੈ।ਲੋਕਾਂ ਦੇ ਰੱਸੇ ਦਾ ਸਾਹਮਣਾ ਡਿਊਟੀ ਕਰ ਰਹੇ ਕੰਡਕਟਰ/ਡਰਾਇਵਰ ਨੂੰ ਭੁਗਤਣਾ ਪੈਂਦਾ ਹੈ।ਭਿਆਨਕ ਗਰਮੀ ਸ਼ੁਰੂ ਹੋ ਰਹੀ ਹੈ, ਜਦਕਿ ਸਪੇਅਰ ਪਾਰਟ ਖ਼ੀਦਣ ਲਈ ਵਿਭਾਗ ਕੋਲ ਪੈਸੇ ਦਾ ਕੋਈ ਪ੍ਰਬੰਧ ਨਹੀਂ ਹੈ।ਡਰਾਇਵਰ ਸਟਾਫ ਦੀ ਘਾਟ ਕਾਰਨ ਵੀ ਕੁਝ ਡਿੱਪੂਆਂ ਅੰਦਰ ਬੱਸਾਂ ਖੜ੍ਹੀਆਂ ਰਹਿੰਦੀਆਂ ਹਨ।ਆਮ ਆਦਮੀ ਪਾਰਟੀ ਦੀ ਨਿਵੇਕਲੀ ਸਰਕਾਰ ਬਣੀ ਨੂੰ ਤਿੰਨ ਸਾਲ ਤੋਂ ਉਪਰ ਦਾ ਸਮਾਂ ਹੋ ਗਿਆ ਹੈ।ਅਜੇ ਤੱਕ ਸਰਕਾਰ ਵੱਲੋਂ ਇੱਕ ਵੀ ਨਵੀਂ ਬੱਸ ਇਸ ਅਦਾਰੇ ਨੂੰ ਨਹੀਂ ਦਿੱਤੀ ਗਈ।ਹਰ ਰੋਜ਼ ਇਸ ਮਾੜੀ ਕਾਰਗੁਜ਼ਾਰੀ ਕਾਰਨ ਰੋਜ਼ਾਨਾ ਹਜ਼ਾਰਾਂ ਕਿਲੋਮੀਟਰ ਮਿੱਸ ਹੋ ਰਹੇ ਹਨ, ਜਿਸ ਦਾ ਸਿੱਧਾ ਲਾਭ ਨਿੱਜੀ ਕੰਪਨੀਆਂ ਨੂੰ ਦਿੱਤਾ ਜਾ ਰਿਹਾ ਹੈ। ਸਰਕਾਰ ਤੇ ਉੱਚ ਅਧਿਕਾਰੀ ਜਿਵੇਂ ਬਿਲਕੁਲ ਮੂਕ ਦਰਸ਼ਕ ਬਣ ਕੇ ਇਹ ਵਰਾਤਰਾ ਦੇਖ ਰਹੇ ਹਨ। ਆਉਟਸੋਰਸ ਕਾਮਿਆਂ ਨੂੰ ਰੈਗੂਲਰ ਕਰਨ ਲਈ ਅਜੇ ਤੱਕ ਸਰਕਾਰ ਸਿਰਫ ਮੀਟਿੰਗਾਂ ਨਾਲ ਸਮਾਂ ਲੰਘਾ ਰਹੀ ਹੈ, ਜਿਸ ਕਰਕੇ ਹੜਤਾਲਾਂ ਹੋਣ ਕਰਕੇ ਮਹਿਕਮਾ ਹੋਰ ਰਸਾਤਲ ਵੱਲ ਜਾ ਰਿਹਾ ਹੈ।ਵਰਕਸ਼ਾਪਾਂ ਦੀ ਹਾਲਤ ਇਹ ਹੈ ਕਿ ਸ਼ੈੱਡ ਡਿੱਗਣ ਕਿਨਾਰੇ ਹਨ।ਗਰਮੀ ਤੇ ਮੀਂਹ ਵਿੱਚ ਹਾਲਤ ਹੋਰ ਵੀ ਖਰਾਬ ਹੁੰਦੀ ਹੈ। ਟਰਾਂਸਪੋਰਟ ਮੰਤਰੀ ਨੇ ਪਿਛਲੇ ਲੰਮੇ ਸਮੇਂ ਦੌਰਾਨ ਨਵੀਆਂ ਵਰਕਸ਼ਾਪਾਂ ਬਣਾਉਣ ਦੇ ਫੋਕੇ ਬਿਆਨ ਦਿੱਤੇ ਹਨ, ਪਰ ਹੁਣ ਤੱਕ ਕਿਸੇ ਵਰਕਸ਼ਾਪ ਵਿੱਵ ਇੱਕ ਇੱਟ ਵੀ ਨਹੀਂ ਧਰੀ ਗਈ।ਐਕਸ਼ਨ ਕਮੇਟੀ ਦੀ 19-03-2025 ਨੂੰ ਮੁੱਖ ਸਕੱਤਰ ਟਰਾਂਸਪੋਰਟ ਡਾਇਰੈਕਟਰ ਤੇ ਉੱਚ ਅਧਿਕਾਰੀਆਂ ਨਾਲ ਹੋਈ ਮੀਟਿੰਗ ਵਿੱਚ ਉਪਰੋਕਤ ਸਾਰੇ ਮਸਲਿਆਂ ਉਪਰ ਅਧਿਕਾਰੀਆਂ ਵੱਲੋਂ ਕੋਈ ਠੋਸ ਨੀਤੀ ਜਾਂ ਕਾਰਵਾਈ ਹੁੰਦੀ ਨਜ਼ਰ ਨਹੀਂ ਆ ਰਹੀ।ਭਵਿੱਖ ਵਿੱਚ ਬੱਸਾਂ ਲਈ ਡੀਜ਼ਲ ਖਰੀਦਣਾ ਵੀ ਇੱਕ ਵੱਡਾ ਸਵਾਲ ਬਣਿਆ ਪਿਆ ਹੈ। ਪੰਜਾਬ ਸਰਕਾਰ ਵੱਲੋਂ ਮੁਫਤ ਸਫਰ ਸਹੂਲਤ ਦਾ ਬਕਾਇਆ ਲਗਭਗ 500 ਕਰੋੜ ਤੋਂ ਉਪਰ ਖੜ੍ਹਾ ਹੈ। ਸਾਲ 2024-25 ਦਾ ਪੰਜਾਬ ਸਰਕਾਰ ਨੇ ਇੱਕ ਵੀ ਪੈਸਾ ਵਿਭਾਗ ਨੂੰ ਨਹੀਂ ਦਿੱਤਾ।ਮੁਫਤ ਸਹੂਲਤਾਂ ਦਾ ਫੋਕਾ ਪ੍ਰਚਾਰ ਕਰਕੇ ਕੇਵਲ ਝੂਠੀ ਸ਼ੁਹਰਤ ਕਮਾਈ ਜਾ ਰਹੀ ਹੈ, ਜਦਕਿ ਲੋਕ ਠੱਗੇ ਜਾ ਰਹੇ ਹਨ।ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਨੋਟੀਫਿਕੇਸ਼ਨ ਕਰਨ ਦੇ ਬਾਵਜੂਦ ਸਰਕਾਰ ਵੱਲੋਂ ਧਾਰੀ ਚੁੱਪ ਤੋਂ ਮੁਲਾਜ਼ਮ ਭਾਰੀ ਨਿਰਾਸ਼ਾ ਵਿੱਚ ਹਨ, ਜਿਸ ਕਰਕੇ ਮੁਲਾਜ਼ਮ ਪੈਨਸ਼ਨਰ ਸਾਂਝੇ ਫਰੰਟ ਵੱਲੋਂ 25 ਮਾਰਚ 2025 ਨੂੰ ਵਿਧਾਨ ਸਭਾ ਸੈਸ਼ਨ ਦੌਰਾਨ ਬੱਜਟ ਪੇਸ਼ ਹੋਣ ਤੋਂ ਪਹਿਲਾਂ ਵਿਸ਼ਾਲ ਰੈਲੀ ਗੁਰਦੁਆਰਾ ਅੰਬ ਸਾਹਿਬ ਮੁਹਾਲੀ ਵਿਖੇ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਐਕਸ਼ਨ ਵਿੱਚ ਜਥੇਬੰਦੀ ਦੇ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲਗਭਗ ਤੇਰਾਂ ਸਾਲਾਂ ਤੋਂ ਮਹਿੰਗਾਈ ਦੇ ਅਨੁਸਾਰ ਮਿਨੀਮਮ ਵੇਜ਼ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ, ਜਿਸ ਕਰਕੇ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਕਰਮਚਾਰੀਆਂ ਦਾ ਗੁਜ਼ਾਰਾ ਮੁਸ਼ਕਲ ਹੋ ਰਿਹਾ ਹੈ।ਪੰਜਾਬ ਏਟਕ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ 3 ਅਪ੍ਰੈਲ ਕਿਰਤ ਕਮਿਸ਼ਨਰ ਦੇ ਦਫਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਇਸ ਐਕਸ਼ਨ ਵਿੱਚ ਵੀ ਟਰਾਂਸਪੋਰਟ ਕਾਮਾ ਭਰਵੀਂ ਹਾਜ਼ਰੀ ਨਾਲ ਸ਼ਾਮਲ ਹੋਵੇਗਾ। ਮੀਟਿੰਗ ਵਿੱਚ ਰੋਡਵੇਜ਼ ਦੇ 18 ਡਿੱਪੂਆਂ ਦੇ ਆਗੂਆਂ ਤੋਂ ਇਲਾਵਾ ਸੈਂਟਰ ਬਾਡੀ ਵੱਲੋਂ ਬਿਕਰਮਜੀਤ ਸਿੰਘ ਛੀਨਾ, ਬਲਰਾਜ ਭੰਗੂ, ਗੁਰਜੀਤ ਸਿੰਘ ਜਲੰਧਰ, ਇਕਬਾਲ ਸਿੰਘ ਪਠਾਨਕੋਟ, ਰਣਧੀਰ ਸਿੰਘ ਲੁਧਿਆਣਾ, ਮਨਪ੍ਰੀਤ ਗਰੇਵਾਲ, ਅੰਗਰੇਜ ਸਿੰਘ ਸ੍ਰੀ ਮੁਕਤਸਰ ਸਾਹਿਬ, ਬਲਵਿੰਦਰ ਸਿੰਘ ਰੋਪੜ, ਗੁਰਜੀਤ ਸਿੰਘ ਬਟਾਲਾ, ਗੁਰਮੀਤ ਸਿੰਘ ਚੰਡੀਗੜ੍ਹ, ਸੁਰਿੰਦਰ ਸਿੰਘ, ਬਚਿੱਤਰ ਸਿੰਘ ਧੋਥੜ, ਰਾਜਬੀਰ ਸੰਧੂ, ਮਨਦੀਪ ਮਖੂ ਤੇ ਗੁਰਪ੍ਰੀਤ ਧੂੜ ਸ਼ਾਮਲ ਸਨ।

ਪੀ ਜੀ ਆਈ ਦੇ ਈ ਐੱਨ ਟੀ ਵਿਭਾਗ ਵੱਲੋਂ 'ਸਲੀਪ ਏਪਨੀਆ' 'ਤੇ ਵਰਕਸ਼ਾਪ

ਸਮਰਾਲਾ (ਸੁਰਜੀਤ ਸਿੰਘ)-ਇੰਡੀਅਨ ਅਕੈਡਮੀ ਆਫ ਓਟੋਲੈਰਿੰਗੋਲੋਜੀ ਹੈੱਡ ਐਂਡ ਨੈਕ ਸਰਜਰੀ ਵੱਲੋਂ 21 ਮਾਰਚ ਤੋਂ 23 ਮਾਰਚ 2025 ਤੱਕ ਪੋਸਟਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਚੰਡੀਗੜ੍ਹ ਵਿੱਚ ਤੀਜੀ ਮਿੱਡ-ਟਰਮ ਕਾਨਫਰੰਸ ਕਰਵਾਈ ਜਾ ਰਹੀ ਹੈ। ਇਸ ਸਾਲ ਦਾ ਥੀਮ "ਹੈੱਡ ਐਂਡ ਨੈਕ ਸਰਜਰੀ ਅਤੇ ਸਲੀਪ ਏਪਨੀਆ" ਹੈ, ਜਿਸ ਵਿੱਚ ਮਾਹਿਰ ਆਪਣੇ ਵਿਚਾਰ ਸਾਂਝੇ ਕਰਨਗੇ। ਕਾਨਫਰੰਸ ਦੇ ਹਿੱਸੇ ਵਜੋਂ ਇੱਕ ਰੋਜ਼ਾ 'ਸਲੀਪ ਏਪਨੀਆ' ਵਰਕਸ਼ਾਪ ਕਰਵਾਈ ਗਈ। ਆਯੋਜਕ ਸਕੱਤਰ ਪ੍ਰੋ. ਸੰਦੀਪ ਬੰਸਲ ਨੇ ਦੱਸਿਆ ਕਿ ਇਸ ਵਰਕਸ਼ਾਪ ਵਿੱਚ 'ਓਬਸਟ੍ਰਕਟਿਵ ਸਲੀਪ ਏਪਨੀਆ' ਦੇ ਮਹੱਤਵਪੂਰਨ ਪੱਖਾਂ ਉੱਤੇ ਚਰਚਾ ਕੀਤੀ ਗਈ। ਵਰਕਸ਼ਾਪ ਦੌਰਾਨ ਡਾ. ਰਾਹੁਲ ਮੋਦੀ, ਡਾ. ਵਿਜੈ ਕ੍ਰਿਸ਼ਨਨ, ਡਾ. ਕੇ. ਟੀ. ਪ੍ਰਸਾਦ, ਡਾ. ਸੁਖਵਿੰਦਰ ਬਿੰਦਰਾ, ਪ੍ਰੋ. ਵਿੱਦਿਆ ਰਤਨ, ਡਾ. ਵਿਨੇ ਕੁਮਾਰ, ਤੇ ਡਾ. ਮਨੋਜ ਜੈਸਵਾਲ ਵੱਲੋਂ 'ਸਲੀਪ ਏਪਨੀਆ' ਦੇ ਇਲਾਜ ਤੇ ਸਰਜਰੀ ਤਰੀਕਿਆਂ 'ਤੇ ਲੈਕਚਰ ਤੇ ਡੈਮੋਨਸਟਰੇਸ਼ਨ ਦਿੱਤੇ ਗਏ। ਇਸ ਦੇ ਨਾਲ-ਨਾਲ, ਹੈੱਡ ਐਂਡ ਨੈੱਕ 'ਕੈਡੇਵਰਿਕ ਡਿਸੈਕਸਨ' ਤੇ ਰੋਬੋਟਿਕ ਸਰਜਰੀ ਵਰਕਸ਼ਾਪ ਵੀ ਕਰਵਾਈ ਗਈ, ਜਿਸ ਵਿੱਚ ਦੇਸ਼ ਤੇ ਵਿਦੇਸ਼ ਤੋਂ ਆਏ ਮਾਹਰ ਡਾਕਟਰਾਂ ਨੇ ਹਿੱਸਾ ਲਿਆ ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਨੂੰ ਪ੍ਰੋ. ਸਿਓਕ ਮੋ ਕਿਮ, ਪ੍ਰੋ. ਮਦਨ ਕਪਰੇ, ਪ੍ਰੋ. ਅਸੋਕ ਸੈਨੋਈ ਤੇ ਡਾ. ਚਿਰੋਮ ਅਮਿਤ ਸਿੰਘ ਸਮੇਤ ਵੱਖ-ਵੱਖ ਸੀਨੀਅਰ ਫੈਕਲਟੀ ਮੈਂਬਰਾਂ ਨੇ ਵੀ ਸੰਬੋਧਨ ਕੀਤਾ।

ਪ੍ਰੋ. ਜੈਮਨਤੀ ਬਖਸ਼ੀ, ਵਿਭਾਗ ਮੁਖੀ ਤੇ ਆਯੋਜਕ ਚੇਅਰਪਰਸਨ ਨੇ ਕਿਹਾ ਕਿ ਇਸ ਵਰਕਸ਼ਾਪ ਵਿੱਚ ਲਾਰਿੰਕਸ, ਥਾਇਰਾਇਡ ਤੇ ਪੈਰੋਟਿਡ ਗ੍ਰੰਥੀ ਦੀ ਐਨਾਟਮੀ, ਪ੍ਰੋ. ਸਿਓਕ ਮੋ ਕਿਮ ਵੱਲੋਂ ਰੋਬੋਟਿਕ ਥਾਇਰਾਇਡੈਕਟੋਮੀ ਤੇ ਲੈਟੀਸਿਮਸ ਡੌਰਸੀ ਫਲੈਪ, ਫਲੈਪ ਤੇ ਫ੍ਰੀ ਫਲੈਪ ਐਨਾਸਟੋਮੋਸਿਸ ਵਰਗੀਆਂ ਰੀਕੰਸਟ੍ਰਕਟਿਵ ਸਰਜਰੀ ਤਕਨੀਕਾਂ 'ਤੇ ਲਾਈਵ ਡੈਮੋਨਸਟਰੇਸ਼ਨ ਕੀਤੇ ਗਏ।

ਨਰੇਗਾ ਕਾਮਿਆਂ ਦੀਆਂ ਮੁਸ਼ਕਲਾਂ ਹੱਲ ਨਾ ਕੀਤੀਆਂ ਤਾਂ ਸੰਘਰਸ਼ ਹੋਰ ਤਿੱਖਾ ਕਰਾਂਗੇ : ਕਸ਼ਮੀਰ ਗਦਾਈਆ

ਨਰੇਗਾ ਕਾਮਿਆਂ ਵੱਲੋਂ ਮੰਗਾਂ ਨੂੰ ਲੈ ਕੇ ਐੱਸ ਡੀ ਐੱਮ ਦਫਤਰ ਅੱਗੇ ਧਰਨਾ

ਨਾਭਾ (ਵਰਿੰਦਰ ਵਰਮਾ)-ਪੇਂਡੂ ਕਿਰਤੀਆਂ ਲਈ ਬਣਿਆ ਨਰੇਗਾ 2005 ਪਾਰਦਰਸ਼ੀ ਢੰਗ ਨਾਲ਼ ਲਾਗੂ ਕਰਨ ਲਈ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੇ ਇਸ ਵੱਲ ਧਿਆਨ ਨਾ ਦਿੱਤਾ ਤਾਂ ਪੰਜਾਬ ਦੇ ਨਰੇਗਾ ਕਾਮੇ ਨਰੇਗਾ ਕਾਮਿਆਂ ਦੀ ਵੱਡੀ ਲਹਿਰ ਉਸਾਰ ਕੇ ਸੰਘਰਸ਼ ਨੂੰ ਤੇਜ਼ ਕਰ ਦੇਣਗੇ, ਕਿਉਂਕਿ ਇਹ ਦੋਵੇ ਸਰਕਾਰਾਂ ਨਰੇਗਾ ਕਾਮਿਆਂ ਵੱਲ ਉੱਕਾ ਵੀ ਧਿਆਨ ਨਹੀਂ ਦੇ ਰਹੀਆਂ, ਨਰੇਗਾ ਕਾਮੇ ਕੰਮ ਲਈ ਮਾਰੇ ਮਾਰੇ ਫਿਰ ਰਹੇ ਹਨ, ਕਾਮਿਆਂ ਦੀਆਂ ਅਰਜ਼ੀਆਂ ਦਰਜ ਨਹੀਂ ਕੀਤੀਆਂ ਜਾਂਦੀਆਂ, ਰਸੀਦਾਂ ਨਹੀਂ ਦਿੱਤੀਆਂ ਜਾਂਦੀਆਂ, ਬੇਰੁਜ਼ਗਾਰੀ ਭੱਤਾ ਨਹੀਂ ਦਿੱਤਾ ਜਾਂਦਾ, ਦਿਹਾੜੀ ਵਿੱਚ ਵਾਧਾ ਨਹੀਂ ਕੀਤਾ ਜਾਂਦਾ, ਨਰੇਗਾ ਕਾਮਿਆਂ ਦੇ ਵਾਰ-ਵਾਰ ਕਹਿਣ ਦੇ ਬਾਵਜੂਦ ਕੰਮ ਦੇ ਦਿਨ 200 ਨਹੀਂ ਕੀਤੇ ਜਾ ਰਹੇ, ਕਿਉਂਕਿ ਦੇਸ਼ ਵਿੱਚ ਵੱਧ ਰਹੇ ਮਸ਼ੀਨੀਕਰਨ ਨੇ ਕਾਮਿਆਂ ਤੋਂ ਕੰਮ ਖੋਹ ਲਿਆ ਹੈ।ਪਿੰਡਾਂ ਦੇ ਨਰੇਗਾ ਕਾਮੇ ਪਿੰਡ ਤੋਂ ਪੰਜ ਪੰਜ ਕਿਲੋਮੀਟਰ ਦੂਰ ਕੰਮ ਕਰਨ ਜਾਂਦੇ ਹਨ, ਉਨ੍ਹਾਂ ਨੂੰ ਕਿਰਾਇਆ ਭੱਤਾ ਨਹੀਂ ਦਿੱਤਾ ਜਾਂਦਾ, ਕਾਮਿਆਂ ਦੀ ਕੰਮ ਵਾਲੀ ਥਾਂ 'ਤੇ ਨਾ ਪਾਣੀ, ਨਾ ਪਖਾਨਾ ਤੇ ਨਾ ਛਾਂ ਦਾ ਪ੍ਰਬੰਧ ਹੁੰਦਾ, ਧੁੱਪਾਂ ਦੇ ਵਿੱਚ ਕਾਮੇ ਕੰਮ ਕਰਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਾਭਾ ਦੇ ਐੱਸ ਡੀ ਐੱਮ ਦਫਤਰ ਸਾਹਮਣੇ ਸੈਂਕੜਿਆਂ ਦੀ ਗਿਣਤੀ 'ਚ ਧਰਨੇ 'ਚ ਸ਼ਾਮਲ ਹੋਏ ਨਰੇਗਾ ਕਾਮਿਆਂ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਨੇ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਤੇ ਦੁਨੀਆ ਦੇ ਹਾਲਾਤ ਅਜਿਹੇ ਬਣ ਰਹੇ ਹਨ ਕਿ ਕਿਰਤੀ ਲੋਕਾਂ ਨੂੰ ਸੰਘਰਸ਼ ਤੂੰ ਬਿਨਾਂ ਰੋਟੀ ਪ੍ਰਾਪਤ ਨਹੀਂ ਹੋ ਸਕਣੀ। ਨਰੇਗਾ ਕੰਮੀਆਂ ਨੇ ਇਸ ਸਮੇਂ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੰਗ ਕੀਤੀ ਕਿ ਪੰਜਾਬ ਸਰਕਾਰ ਨੇ ਅੱਜ ਤੱਕ ਨਰੇਗਾ ਕਾਮਿਆਂ ਲਈ ਬੇਰੁਜ਼ਗਾਰੀ ਭੱਤੇ ਦਾ ਨਿਯਮ ਨਹੀਂ ਬਣਾਇਆ, ਇਸ ਨੂੰ ਬੇਰੁਜ਼ਗਾਰੀ ਭੱਤੇ ਦਾ ਨਿਯਮ ਬਣਾਉਣਾ ਚਾਹੀਦਾ ਹੈ।

ਇਸ ਧਰਨੇ ਨੂੰ ਸੰਬੋਧਨ ਕਰਦਿਆਂ ਏਟਕ ਦੇ ਆਗੂ ਕ੍ਰਿਸ਼ਨ ਸਿੰਘ ਭੜੋ ਨੇ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮਜ਼ਦੂਰਾਂ ਨਾਲ ਮੀਟਿੰਗ ਕਰਨੀ ਮੁਨਾਸਬ ਨਹੀਂ ਸਮਝਦਾ ਇੰਜ ਲੱਗ ਰਿਹਾ ਕਿ ਉਹ ਮਜ਼ਦੂਰਾਂ ਨਾਲ ਮੀਟਿੰਗ ਕਰਕੇ ਪਿੱਟਿਆ ਜਾਵੇਗਾ। ਇਹ ਇਹਨਾਂ ਆਗੂਆਂ ਨੇ ਕਿਸਾਨਾਂ ਦੇ ਧਰਨਿਆਂ ਨੂੰ ਜਬਰੀ ਉਖਾੜਨ ਤੇ ਕਿਸਾਨਾਂ ਦੀਆਂ ਗ੍ਰਿਫਤਾਰੀਆਂ ਦਾ ਨੋਟਿਸ ਲੈਂਦਿਆਂ ਜ਼ੋਰਦਾਰ ਵਿਰੋਧ ਕੀਤਾ ਅਤੇ ਉਨ੍ਹਾਂ ਦੇ ਇਸ ਸੰਘਰਸ਼ ਦੀ ਹਮਾਇਤ ਕੀਤੀ।ਇਸ ਸਮੇਂ ਏਟਕ ਦੇ ਆਗੂ ਸੋਹਣ ਸਿੰਘ ਸਿੱਧੂ ਬਲਦੇਵ ਸਿੰਘ ਬਾਬਰਪੁਰ, ਅਜਾਇਬ ਸਿੰਘ ਤੁੰਗਾ, ਕਾਲਾ ਸਿੰਘ ਤੁੰਗਾਂ, ਬੱਗਾ ਸਿੰਘ ਗਲਵੱਟੀ, ਕਮਲ ਕੌਰ ਵਿਰਧਨੋ, ਦਰਸ਼ਨਾ ਕੌਰ ਬਨੇਰਾ, ਬਲਜੀਤ ਕੌਰ ਗਦਾਈਆ, ਕੁਲਵੰਤ ਕੌਰ ਨਿਰਮਾਣਾ, ਗਗਨਦੀਪ ਕੌਰ ਕਕਰਾਲਾ, ਸੀਤਾ ਸਿੰਘ ਕਕਰਾਲਾ, ਰੋਸ਼ਨ ਸਿੰਘ ਬਿਸ਼ਨਗੜ੍ਹ, ਤੇਭ ਸਿੰਘ ਤੁੰਗਾਂ ਨੇ ਸੰਬੋਧਨ ਕੀਤਾ। ਧਰਨੇ ਤੋਂ ਬਾਅਦ ਕਾਮਿਆਂ ਨੇ ਮੁਜ਼ਾਹਰੇ ਦੀ ਸ਼ਕਲ ਵਿੱਚ ਐੱਸ ਡੀ ਐੱਮ ਦਫਤਰ ਜਾ ਕੇ ਪ੍ਰਧਾਨ ਮੰਤਰੀ ਨੂੰ ਤੇ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਮੰਗ ਪੱਤਰ ਦਿੱਤਾ।

ਕਾਤਰਾਂ

ਇੱਕ ਕਿਲੋ ਹੈਰੋਇਨ ਸਮੇਤ ਸਮੱਗਲਰ ਕਾਬੂ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਸਥਾਨਕ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸਦਰ ਜਲਾਲਾਬਾਦ ਨੂੰ ਇੱਕ ਹੋਰ ਵੱਡੀ ਕਾਮਯਾਬੀ ਹਾਸਲ ਹੋਈ ਹੈ, ਜਦੋਂ ਸ੍ਰੀ ਜਤਿੰਦਰ ਸਿੰਘ ਡੀ ਐੱਸ ਪੀ ਸਬ ਡਵੀਜ਼ਨ ਜਲਾਲਾਬਾਦ ਤੇ ਸ੍ਰੀ ਬਲਕਾਰ ਸਿੰਘ ਡੀ.ਐੱਸ.ਪੀ. ਇਨਵੈਸਟੀਗੇਸ਼ਨ ਫਾਜ਼ਿਲਕਾ ਦੀ ਨਿਗਰਾਨੀ ਹੇਠ ਇੰਸਪੈਕਟਰ ਰੁਪਿੰਦਰਪਾਲ ਸਿੰਘ ਇੰਚਾਰਜ ਸੀ.ਆਈ.ਏ. ਫਾਜ਼ਿਲਕਾ-2 (ਕੌਪ ਐਟ ਅਬੋਹਰ) ਦੀ ਟੀਮ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਥਾਣਾ ਸਦਰ ਜਲਾਲਾਬਾਦ ਦੇ ਏਰੀਆ ਵਿੱਚ ਗਸ਼ਤ ਕਰ ਰਹੀ ਸੀ।ਗਸ਼ਤ ਦੌਰਾਨ ਪੁਲਸ ਪਾਰਟੀ ਨੇ ਪਿੰਡ ਸੁਖੇਰਾ ਬੋਦਲਾ ਤੇ ਫੱਤੂ ਵਾਲਾ ਲਿੰਕ ਰੋਡ 'ਤੇ ਇੱਕ ਨੌਜਵਾਨ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਤਲਾਸ਼ੀ ਕੀਤੀ ਤਾਂ ਉਸ ਪਾਸੋਂ ਇੱਕ ਲਿਫਾਫੇ ਵਿੱਚੋਂ ਇੱਕ ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ।ਮੁਲਜ਼ਮ ਦੀ ਪਹਿਚਾਣ ਮਨਪ੍ਰੀਤ ਸਿੰਘ ਉਰਫ ਮੰਨੀ ਪੁੱਤਰ ਜੋਗਿੰਦਰ ਸਿੰਘ ਵਾਸੀ ਹਜਾਰਾ ਰਾਮ ਸਿੰਘ ਵਾਲਾ ਵਜੋਂ ਹੋਈ, ਜਿਸ ਖ਼ਿਲਾਫ਼ ਮੁੱਕਦਮਾ ਥਾਣਾ ਸਦਰ ਜਲਾਲਾਬਾਦ ਵਿਖੇ ਰਜਿਸਟਰ ਕੀਤਾ ਗਿਆ ਹੈ।ਮੁਲਜ਼ਮ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

ਕੁਲਜੀਤ ਸਿੰਘ ਨਮਿਤ ਅੰਤਮ ਅਰਦਾਸ 26 ਨੂੰ

ਮਲੋਟ ਲੰਬੀ (ਓਮ ਪ੍ਰਕਾਸ਼ ਸ਼ੇਖੂ)-ਪਿੰਡ ਘੱਗੇ ਦੀਆਂ ਢਾਣੀਆਂ ਦੇ ਸਰਪੰਚ ਹਰਬੰਸ ਸਿੰਘ ਭੱਟੀ ਉਰਫ਼ ਕਾਲਾ ਸਿੰਘ ਭੱਟੀ ਨੂੰ ਵੱਡਾ ਸਦਮਾ ਲੱਗਾ।

22- March - Page - 6.qxd 3/21/2025 11:20 PM Page 1

ਚੰਡੀਗੜ੍ਹ ਵਿਧਾਨ ਸਭਾ ਵੱਲ ਮਾਰਚ ਦੀਆਂ ਤਿਆਰੀਆਂ ਮੁਕੰਮਲ

ਮਲੋਟ (ਗੁਰਮੀਤ ਸਿੰਘ ਮੱਕੜ) ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਭਾਕਿਯੂ ਏਕਤਾ ਉਗਰਾਹਾਂ ਦੀ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਵਾਟਰ ਵਰਕਸ ਮਲੋਟ ਵਿਖੇ ਹੋਈ, ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਪੰਜਾਬ ਦੀਆਂ ਜੱਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਲਾਗੂ ਕਰਾਉਣ ਲਈ 26 ਮਾਰਚ ਨੂੰ ਚੰਡੀਗੜ੍ਹ ਵਿਧਾਨ ਸਭਾ ਇਜਲਾਸ ਵੱਲ ਮਾਰਚ ਕੀਤਾ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਕਿਸਾਨਾਂ ਨੇ ਵੱਖਰੇ ਮਤੇ ਰਾਹੀਂ ਸ਼ੰਭੂ ਖਨੌਰੀ ਬਾਰਡਰ 'ਤੇ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸਾਂਝੀ ਮਸਕ ਨਾਲ ਜ਼ਬਰ ਕਰਕੇ ਜਮਹੂਰੀ ਅੱਤ ਦੇ ਕਤਲ ਦੀ ਨਿਖੇਧੀ ਕੀਤੀ। ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ, ਸੀਨੀਅਰ ਮੀਤ ਪ੍ਰਧਾਨ ਗੁਰਪਾਸ਼ ਸਿੰਘ ਸਿੰਘੇਵਾਲਾ, ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਦੱਸਿਆ ਕਿ ਭਾਵੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਹਿਣਾ ਕਿ ਮੋਰਚੇ ਦੀਆਂ ਸਾਰੀਆਂ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਹਨ। ਪੰਜਾਬ ਸਰਕਾਰ ਨਾਲ ਸਬੰਧਤ ਕੋਈ ਮੰਗ ਨਹੀਂ ਇਹ ਕੋਰਾ ਝੂਠ ਹੈ ਜਦ ਕਿ ਕਿਸਾਨਾਂ ਦੀਆਂ 12 ਮੰਗਾਂ ਉਹ ਹਨ, ਜੋ ਮੁੱਖ ਮੰਤਰੀ ਨਾਲ 19 ਦਸੰਬਰ 2023 ਨੂੰ ਵਿਚਾਰੀਆਂ ਗਈਆਂ ਸਨ, ਜੋ ਅਜੇ ਤੱਕ ਲਾਗੂ ਨਹੀਂ ਕੀਤੀਆਂ ਅਤੇ ਕੁੱਝ ਨਵੀਆਂ ਮੰਗਾਂ ਹਨ, ਜਿਸ ਵਿੱਚ ਫ਼ਸਲਾਂ ਬਾਸਮਤੀ ਮੂੰਗੀ, ਮਾਂਹ, ਛੋਲੇ, ਮੱਕੀ, ਆਲੂ, ਗੋਭੀ, ਮਟਰ ਆਦਿ 'ਤੇ ਐਮ.ਐਸ.ਪੀ ਗਾਰੰਟੀ ਕਾਨੂੰਨ ਬਣਾਉਣ ਦੀ ਮੰਗ, ਕਿਸਾਨਾਂ ਦੀ ਕਰਜ਼ਾ ਮੁਕਤੀ, ਹਰ ਖੇਤ 'ਚ ਨਹਿਰੀ ਪਾਣੀ ਪਹੁੰਚਦਾ ਕੀਤਾ ਜਾਵੇ ਤੇ ਘਰਾਂ ਵਿੱਚ ਸਾਫ਼ ਸੁਥਰਾ ਪਾਣੀ ਪਹੁੰਚਦਾ ਕੀਤਾ ਜਾਵੇ, ਅਬਾਦਕਾਰ ਤੇ ਕਾਸ਼ਤਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਿੱਤੇ ਜਾਣ, ਖੇਤੀ ਮੋਟਰਾਂ ਤੇ ਮੀਟਰ ਲਾਉਣੇ ਅਤੇ ਘਰਾਂ ਵਿੱਚ ਸਮਾਰਟ ਮੀਟਰ ਲਾਉਣੇ ਬੰਦ ਕੀਤੇ ਜਾਣ ਆਦਿ ਮੰਗਾਂ ਦਰਜ ਹਨ। ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਭਾਰਤ ਵੱਲੋਂ 26 ਮਾਰਚ ਚੰਡੀਗੜ੍ਹ ਵਿਧਾਨ ਸਭਾ ਇਜਲਾਸ ਵੱਲ ਮਾਰਚ ਹਰ ਹਾਲਤ ਕੀਤਾ ਜਾਵੇਗਾ ਤੇ ਮੰਗਾਂ ਲਾਗੂ ਕਰਾਉਣ ਤੱਕ ਸੰਘਰਸ਼ ਜਾਰੀ ਰਹੇਗਾ।

ਅਲੌਕਿਕ ਕਲਸ਼ ਯਾਤਰਾ ਨਾਲ ਹੋਇਆ ਭਗਵਤ ਸਪਤਾਹ ਦਾ ਆਰੰਭ

ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ) ਸ਼੍ਰੀ ਚੰਦਰ ਗਊਸ਼ਾਲਾ ਡੇਰਾ ਨਿੰਮ ਵਾਲਾ ਪਿੰਡ ਸ਼ੇਰੋਂ ਵਿਖੇ ਮੁੱਖ ਸੇਵਾਦਾਰ ਮਹਾਂਮੰਡਲੇਸ਼ਵਰ ਡਾ. ਸਵਾਮੀ ਚੰਦਰ ਮੁਨੀ ਦੀ ਅਗਵਾਈ ਹੇਠ ਕਰਾਏ ਜਾ ਰਹੇ ਸ਼੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦਾ ਆਰੰਭ ਅਲੌਕਿਕ ਕਲਸ਼ ਯਾਤਰਾ ਨਾਲ ਹੋਇਆ।ਇਸ ਸਬੰਧ ਵਿੱਚ ਪ੍ਰਾਚੀਨ ਡੇਰਾ ਨਿੰਮ ਵਾਲਾ ਹੰਦੂ ਪੱਤੀ ਤੋਂ ਕਲਸ਼ ਯਾਤਰਾ ਆਰੰਭ ਹੋਈ, ਜੋ ਪੂਰੇ ਨਗਰ ਦੀ ਪਰਿਕ੍ਰਮਾ ਕਰਕੇ ਗਊਸ਼ਾਲਾ ਸ਼ੇਰੋਂ ਵਿਖੇ ਸੰਪੰਨ ਹੋਈ।ਕਲਸ਼ ਯਾਤਰਾ ਵਿੱਚ ਇਲਾਕੇ ਭਰ ਦੀਆਂ ਸੈਂਕੜੇ ਬੀਬੀਆਂ ਭੈਣਾਂ ਨੇ ਉਤਸ਼ਾਹਪੂਰਕ ਹਿੱਸਾ ਲਿਆ।ਕਲਸ਼ ਯਾਤਰਾ ਦਾ ਨਗਰ ਦੇ ਵੱਖ-ਵੱਖ ਪੜਾਵਾਂ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਤਰ੍ਹਾਂ-ਤਰ੍ਹਾਂ ਦੇ ਲੰਗਰ ਲਾਏ ਗਏ।ਡਾ. ਸਵਾਮੀ ਚੰਦਰ ਮੁਨੀ ਨੇ ਦੱਸਿਆ ਕਿ ਬ੍ਰਹਮਲੀਨ ਸੰਤਾ ਮਹਾਂਪੁਰਸ਼ਾਂ ਸੰਤ ਨਰਾਇਣ ਮੁਨੀ ਕਰੀਪੁਰ ਭੂੰਮ, ਸੰਤ ਜੋਗਿੰਦਰ ਮੁਨੀ, ਸੰਤ ਮਹੇਸ਼ ਮੁਨੀ ਬੋਹੇ ਵਾਲੇ, ਸੰਤ ਦੁੱਧਾਧਾਰੀ ਨਮੋਲ ਤੇ ਸੰਤ ਬਾਬੂ ਰਾਮ ਮੋਨੀ ਦੁਗਾਲ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਤ ਕਰਾਏ ਜਾ ਰਹੇ ਇਸ ਭਗਵਤ ਗਿਆਨ ਯੱਗ ਦੌਰਾਨ ਕਥਾਵਾਚਕ ਸੰਤ ਰਾਮ ਗਿਰ ਹਸਨਪੁਰ ਵਾਲੇ ਰੋਜ਼ਾਨਾ 2 ਵਜੇ ਤੋਂ ਸ਼ਾਮ 5 ਵਜੇ ਤੱਕ ਕਥਾ ਕਰਨਗੇ, ਜਿਸਦੇ 26 ਮਾਰਚ ਨੂੰ ਭੋਗ ਪਾਏ ਜਾਣਗੇ। ਇਸ ਤੋਂ ਇਲਾਵਾ 21 ਮਾਰਚ ਨੂੰ ਗਊਸ਼ਾਲਾ ਵਿਖੇ ਜੱਚਾ-ਬੱਚਾ ਤੇ ਅੱਖਾਂ ਦਾ ਮੁਫ਼ਤ ਕੈਂਪ ਲਾਇਆ ਜਾਵੇਗਾ, ਜਿਸ ਵਿੱਚ ਔਰਤ ਰੋਗਾਂ ਦੇ ਮਾਹਿਰ ਡਾ. ਸ਼ੈਲਜਾ ਜਿੰਦਲ, ਬੱਚਿਆਂ ਦੇ ਮਾਹਿਰ ਡਾ. ਸ਼ਿਵ ਜਿੰਦਲ ਤੇ ਅੱਖਾਂ ਦੇ ਮਾਹਰ ਡਾ. ਸੰਦੀਪ ਤਾਇਲ ਰੋਗੀਆਂ ਦੀ ਜਾਂਚ ਕਰਨਗੇ।26 ਮਾਰਚ ਨੂੰ ਦੰਦਾਂ ਦੀਆਂ ਬਿਮਾਰੀਆਂ ਦੇ ਮੁਫ਼ਤ ਕੈਂਪ ਦੌਰਾਨ ਡਾ. ਸਾਹਿਲ ਗੁਪਤਾ ਰੋਗੀਆਂ ਦੀ ਜਾਂਚ ਕਰਨਗੇ।23 ਨੂੰ ਮਾਰਚ ਨੂੰ ਡੇਰਾ ਨਿੰਮ ਵਾਲਾ ਵਿਖੇ ਜਾਗਰਣ ਹੋਵੇਗਾ।

ਆਂਗਣਵਾੜੀ ਸੈਂਟਰਾਂ 'ਚ ਭੇਜੇ ਗਏ ਖਰਾਬ ਮੁਰਮੁਰੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਨੇ ਜ਼ਿਲ੍ਹੇ ਅਨੇਕਾਂ ਆਂਗਣਵਾੜੀ ਸੈਂਟਰਾਂ ਵਿੱਚ ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਂਦੀਆਂ ਮਾਵਾਂ ਨੂੰ ਦਿੱਤੇ ਜਾਣ ਵਾਲੇ ਮੁਰਮੁਰੇ ਖਰਾਬ ਭੇਜ ਦਿੱਤੇ ਹਨ, ਜਿਸ ਦਾ ਸਾਰੇ ਪਾਸੇ ਰੌਲਾ ਰੱਪਾ ਪੈ ਰਿਹਾ ਹੈ।ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨ ਸ਼ਿੰਦਰਪਾਲ ਕੌਰ ਥਾਂਦੇਵਾਲਾ ਨੇ ਦੱਸਿਆ ਕਿ ਆਂਗਣਵਾੜੀ ਸੈਂਟਰਾਂ ਵਿੱਚ 20 ਮਾਰਚ ਨੂੰ ਮੁਰਮੁਰੇ ਤੇ ਖਿਚੜੀ ਦੇ ਪੈਕਟ ਭੇਜੇ ਗਏ ਹਨ।ਇਨ੍ਹਾਂ ਵਿੱਚੋਂ ਮੁਰਮੁਰੇ ਬਿਲਕੁਲ ਖਰਾਬ ਹਨ।ਕਾਲੇ ਹੋ ਚੁੱਕੇ ਹਨ ਤੇ ਕੌੜੇ ਹਨ।ਅਜਿਹੇ ਖਰਾਬ ਮੁਰਮੁਰੇ ਖਾ ਕੇ ਔਰਤਾਂ ਬਿਮਾਰ ਹੋ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਹ ਸਮਾਨ ਵਿਭਾਗ ਵੱਲੋਂ ਇਕ ਪ੍ਰਾਈਵੇਟ ਕੰਪਨੀ ਪ੍ਰਕਾਸ਼ ਮਸਾਲੇ ਵੱਲੋਂ ਤਿਆਰ ਕਰਾਇਆ ਜਾ ਰਿਹਾ ਹੈ ਤੇ ਜਥੇਬੰਦੀ ਵੱਲੋਂ ਮਾੜੇ ਰਾਸ਼ਨ ਦੇ ਖਿਲਾਫ ਪਿਛਲੇਂ ਲੰਮੇ ਸਮੇਂ ਤੋਂ ਰੌਲਾ ਪਾਇਆ ਜਾ ਰਿਹਾ ਹੈ, ਪਰ ਪੰਜਾਬ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ, ਜਦੋਂ ਕਿ ਜਥੇਬੰਦੀ ਨੇ ਇਹ ਗੱਲ ਕੇਂਦਰੀ ਮੰਤਰੀ ਤੱਕ ਵੀ ਪੁਚਾਈ ਹੈ।ਉਨ੍ਹਾਂ ਦੱਸਿਆ ਕਿ ਅੱਜ ਸਵੇਰ ਤੋਂ ਹੀ ਉਨ੍ਹਾਂ ਨੂੰ ਵੱਖ-ਵੱਖ ਪਿੰਡਾਂ ਵਿੱਚੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਫੋਨ ਆ ਰਹੇ ਸਨ ਕਿ ਭੇਜੇ ਗਏ ਮੁਰਮੁਰੇ ਖਰਾਬ ਹਨ।

ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ 'ਚ ਵਿਸ਼ਵ ਓਰਲ ਹੈੱਲਥ ਡੇਅ ਮਨਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵਿੱਚ ਵਿਸ਼ਵ ਓਰਲ ਹੈੱਲਥ ਡੇ ਦੇ ਮੌਕੇ 'ਤੇ ਇਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਕਾਲਜ ਦੇ ਚੇਅਰਮੈਨ ਸੀਏ ਵਰਿੰਦਰ ਮੋਹਨ ਸਿੰਘਲ, ਮੀਨਾਕ਼ਸ਼ੀ ਸਿੰਘਲ, ਜੁਆਇੰਟ ਚੇਅਰਮੈਨ ਸੀਏ ਗਗਨਦੀਪ ਸਿੰਘਲ, ਨਵਿਤਾ ਸਿੰਘਲ, ਪ੍ਰੋਫੈਸਰ ਡਾ. ਗੌਰਵ ਗੋਇਲ, ਡਾ. ਸੁਕੀਰਤ ਕੌਰ ਸਮੇਤ ਕਈ ਪਤਵੰਤੇ ਵਿਅਕਤੀ ਮੌਜੂਦ ਰਹੇ।ਪ੍ਰੋਗਰਾਮ ਦੌਰਾਨ ਮਾਹਰਾਂ ਨੇ ਵਿਸ਼ਵ ਓਰਲ ਹੈੱਲਥ ਦੇ ਮਹੱਤਵ 'ਤੇ ਚਾਨਣਾ ਪਾਇਆ ਤੇ ਉਥੇ ਮੌਜੂਦ ਵਿਦਿਆਰਥੀਆਂ ਤੇ ਮਰੀਜ਼ਾਂ ਨੂੰ ਦੰਦਾਂ ਦੀ ਸੰਭਾਲ, ਬੁਰਸ਼ ਕਰਨ ਦੀ ਸਹੀ ਤਕਨੀਕ ਤੇ ਮੂੰਹ ਦੀ ਸਫ਼ਾਈ ਬਾਰੇ ਜਾਣਕਾਰੀ ਦਿੱਤੀ।ਡਾ. ਗੰਰਵ ਗੋਇਲ ਨੇ ਦੱਸਿਆ ਕਿ ਵਿਸ਼ਵ ਓਰਲ ਹੈੱਲਥ ਸਿਰਫ਼ ਦੰਦਾਂ ਦੀ ਸਿਹਤ ਹੀ ਨਹੀਂ, ਸਗੋਂ ਪੂਰੇ ਸ਼ਰੀਰ ਦੀ ਸਿਹਤ ਲਈ ਵੀ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜਾਗਰੂਕਤਾ ਰਾਹੀਂ ਕਈ ਗੰਭੀਰ ਦੰਦ ਰੋਗਾਂ ਤੋਂ ਬਚਿਆ ਜਾ ਸਕਦਾ ਹੈ।ਚੇਅਰਮੈਨ ਸੀਏ ਵਰਿੰਦਰ ਮੋਹਨ ਸਿੰਘਲ ਨੇ ਕਿਹਾ ਕਿ ਜੈਨੇਸਿਸ ਡੈਂਟਲ ਕਾਲਜ ਹਮੇਸ਼ਾ ਹੀ ਸਮਾਜ ਵਿੱਚ ਦੰਦ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਲਈ ਯਤਨਸ਼ੀਲ ਰਿਹਾ ਹੈ ਤੇ ਅੱਗੇ ਵੀ ਅਜਿਹੇ ਪ੍ਰੋਗਰਾਮ ਕਰਦਾ ਰਹੇਗਾ।ਅੰਤ ਵਿੱਚ ਡਾ. ਸੁਕੀਰਤ ਕੌਰ ਨੇ ਸਾਰੇ ਹਾਜ਼ਰੀਨਾਂ ਦਾ ਧੰਨਵਾਦ ਕੀਤਾ ਤੇ ਸਭ ਨੂੰ ਆਪਣੀ ਓਰਲ ਹੈੱਲਥ ਦਾ ਵਿਸ਼ੇਸ਼ ਧਿਆਨ ਰੱਖਣ ਦੀ ਅਪੀਲ ਕੀਤੀ।

COURT NOTICE

(U/o 5 Rule 20 CPC)
In The Court of
Amit Malhan
Additional Principal Judge
Family Court, Amritsar
CNR No. PBAS01-017677-2024
Next Date:- 03-05-2025
Kulwinder Kaur
Vs.
Partap Singh
Publication Issued To:
Partap Singh
R/O Village Dharamkot Bagga Balewal, Gurdaspur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03-05-2025 at 10:00 a.m.

For details logon to https://highcourtchd.gov.in/?trs=district_notice&district=Amritsar

Additional Principal Judge
Family Court Amritsar
Dated, this day of 21-03-2025

COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge Family Court-II, Jalandhar
CNR No. PBJL01-000015-2025
Next Date:- 03-04-2025
Smt. Isha Grover wife of Sh. Bharat Bhushan, daughter of Sh. Madan Lal Grover, at present resident of 67, Sat Kartar Nagar, Jalandhar
Vs.
1- General Public
2- Sh. Bharat Bhushan Son of Sh. Satpal, resident on the first floor of shop No. 2, Kala Sanghia Road, Near Chawla Derry, Model House
Petition Under Guardian and Wards Act
Publication Issued To:
General Public
:- General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03-04-2025 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge Family Court-II Jalandhar
Dated, this day of 18-03-2025

COURT NOTICE

In The Court of
Sh. Prateek Gupta
Judicial Magistrate First Class-9 Jalandhar
CNR No.:- PBJL03-022895-2023
Next Date:-23-04-2025
Balwinder Kaur
Vs.
Naranjan Kaur
Detail of Offence:-
Notice To:
Kulvir Kaur
Spouse :- Kuldeep Singh
R/o Village Passi Kandi, Tehsil Dasuya, Distt Hoshairpur

In above titled case, the accused could not be served. It is ordered that accused should appear in person or through counsel on 23-04-2025 at 10.00 a.m.

For details logon to https://highcourtchd.gov.in/?mod=district_notice&district=Jalandhar

Judicial Magistrate First Class-9 Jalandhar
Dated, this day of 18-03-2025

COURT NOTICE

(U/o 5 Rule 20 CPC)
In The Court of
Ms. Harpreet Kaur Randhawa
District and Sessions Judge, Ludhiana
CNR No. PBLD01-000359-2025
Next Date:- 25-04-2025
Diljahannisha
Vs.
Sohan Singh
Publication Issued To:
Kewal Krishan S/o Ram Dass
R/o Circular Road, Nabha, Patiala 147201. (owner of offending Truck Bearing Registration No. PB-11-AY-6654)

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 25-04-2025 at 10:00 a.m.

For details logon to https://highcourtchd.gov.in/?mod=district_notice&district=mogacourt

District and Sessions Judge
Ludhiana
Dated this day of 20-03-2025

ਕੋਰਟ ਨੋਟਿਸ

ਬਾ ਅਦਾਲਤ ਸ੍ਰੀ ਜ਼ਸਪਾਲ ਸਿੰਘ ਬਾਜਵਾ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ (ਜਲੰਧਰ)

ਵਿਸ਼ਾ :- ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਘੋੜਾਵਾਹੀ ਹ: ਬ: 95, ਸਬ-ਤਹਿਸੀਲ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਂਅ ਤਨਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਸ ਰਾਮ ਦਰਜ ਹੈ, ਜਿਸ ਦੀ ਦਰੁਸਤੀ ਰਿਕਾਰਡ ਮਾਲ ਵਿੱਚ ਰਾਣਾ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਸ ਰਾਮ ਦੇ ਨਾਂਅ ਦਾ ਅੰਦਰਾਜ ਕਰਨ ਸਬੰਧੀ। ਜਿਸ ਦੀ ਦਰੁਸਤੀ ਕਰਨ ਸਬੰਧੀ।

ਉਪਰੋਕਤ ਲਿਖੇ ਅਨੁਵਾਦ ਦੇ ਕੇਸ ਵਿੱਚ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸ੍ਰੀ ਰਾਣਾ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਸ ਰਾਮ, ਵਾਸੀ ਪਿੰਡ ਬਿਨਪਾਲਕੇ ਨੰਗਲ, ਸਬ-ਤਹਿਸੀਲ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਪਾਸੋਂ ਇੱਕ ਦਰਖਾਸਤ ਪ੍ਰਾਪਤ ਹੋਈ ਹੈ ਕਿ ਉਕਤ ਰਿਕਾਰਡ ਮਾਲ ਵਾਕਿਆ ਰਕਬਾ ਪਿੰਡ ਘੋੜਾਵਾਹੀ ਹ: ਬ: 95 ਸਬ-ਤਹਿ ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਵਿੱਚ ਪ੍ਰਾਰਥੀ ਦਾ ਨਾਂਅ ਤਨਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਸ ਰਾਮ ਦਰਜ ਹੈ। ਜਿਸ ਦੀ ਦਰੁੱਸਤੀ ਸਬੰਧੀ ਬਿਨੈ-ਪੱਤਰ ਪ੍ਰਾਪਤ ਹੋਇਆ ਹੈ ਕਿ ਪ੍ਰਾਰਥੀ ਦਾ ਅਸਲ ਅਤੇ ਸਹੀ ਨਾਂਅ ਰਾਣਾ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਦਾਸ ਰਾਮ ਹੈ।ਜੇਕਰ ਇਸ ਨਾਂਅ ਦਰੁਸਤੀ ਪ੍ਰਕਾਸ਼ਨਾ ਦੇ ਸੰਬੰਧ ਵਿੱਚ ਕਿਸੇ ਵੀ ਵਿਅਕਤੀ ਆਮ ਜਾਂ ਖਾਸ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 21.4.25 ਤੱਕ ਦੁਪਿਹਰ 2.00 ਵਜੇ ਤੱਕ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਇਹ ਨੋਟਿਸ ਅੱਜ ਨੰ. 661/ਰੀਡਰ ਮਿਤੀ 21.3.25 ਨੂੰ ਮੇਰਾ ਅਦਾਲਤ ਤੇ ਨਿਮਨ ਹਸਤਾਖਰ ਹੇਠ ਜਾਰੀ ਹੋਇਆ ਹੈ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ।

ਸੇਲਜ਼ਮੈਨ ਦੀ ਭਰਤੀ

ਦੀ ਸਿਕੰਦਰਪੁਰ ਕੋ-ਆਪ. ਐਗਰੀ. ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮਟਿਡ, ਤਹਿ. ਤੇ ਜ਼ਿਲ੍ਹਾ ਜਲੰਧਰ ਵਿਖੇ ਸਭਾ ਵਿਚ ਸੇਲਜ਼ਮੈਨ-ਕਮ-ਕੈਸ਼ੀਅਰ ਦੀ ਲੋੜ ਹੈ। ਇਸ ਭਰਤੀ ਲਈ ਉਮੀਦਵਾਰ ਆਪਣੀਆਂ ਅਰਜ਼ੀਆਂ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ ਦੀਆਂ ਕਾਪੀਆਂ ਨਾਲ ਨੱਥੀ ਕਰਕੇ ਸਭਾ ਦੇ ਦਫ਼ਤਰ ਵਿਚ ਮਿਤੀ 07.04.2025 ਨੂੰ ਸ਼ਾਮ 5 ਵਜੇ ਤੱਕ ਦੇ ਸਕਦੇ ਹਨ। ਮਿਤੀ 08.04.2025 ਸਵੇਰੇ 10 ਵਜੇ ਸਭਾ ਦੀ ਕਮੇਟੀ ਵੱਲੋਂ ਯੋਗਤਾ ਅਨੁਸਾਰ ਸੇਲਜ਼ਮੈਨ ਦੀ ਭਰਤੀ ਕੀਤੀ ਜਾਵੇਗੀ। ਜੇਕਰ ਇਕ ਤੋਂ ਵੱਧ ਯੋਗ ਉਮੀਦਵਾਰ ਆਉਂਦੇ ਹਨ ਤਾਂ ਸਭਾ ਦੀ ਕਮੇਟੀ ਵੱਲੋਂ ਮੌਕੇ 'ਤੇ ਲਿਖਤੀ ਇਮਤਿਹਾਨ ਲਿਆ ਜਾਵੇਗਾ। ਜਿਸ ਦੇ ਨੰਬਰ ਉਮੀਦਵਾਰ ਦੀ ਯੋਗਤਾ ਵਿਚ ਜਮ੍ਹਾਂ ਕੀਤੇ ਜਾਣਗੇ। ਉਸ ਤੋਂ ਵੱਧ ਯੋਗ ਉਮੀਦਵਾਰ ਦੀ ਭਰਤੀ ਡੀ. ਸੀ. ਰੇਟ ਅਨੁਸਾਰ ਕੀਤੀ ਜਾਵੇਗੀ। ਯੋਗਤਾਂ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ।

1. ਉਮੀਦਵਾਰ ਦੀ ਉਮਰ 07.04.2025 ਨੂੰ 37 ਸਾਲ ਤੋਂ ਘੱਟ ਹੋਣੀ ਚਾਹੀਦੀ ਹੈ, 2. ਮਾਨਤਾ ਪ੍ਰਾਪਤ ਯੂਨੀਵਰਸਿਟੀ ਜਾਂ ਸੰਸਥਾ ਤੋਂ ਗਰੈਜੂਏਟ ਦੀ ਡਿਗਰੀ ਹੋਵੇ, 3. ਦਸਵੀਂ ਪੱਧਰ ਦੀ ਪੰਜਾਬੀ ਦੀ ਵਿੰਦਿਅਕ ਯੋਗਤਾ ਹੋਵੇ, 4. ਸਰਕਾਰ ਵੱਲੋਂ ਪ੍ਰਵਾਨਿਤ ਕਿਸੇ ਸੰਸਥਾ ਜਾਂ ਕਿਸੇ ਮਸ਼ਹੂਰ ਸੰਸਥਾ, ਆਈ ਐੱਸ ਓ 9001 ਅਨੁਸਾਰ ਤਸਦੀਕਸ਼ੁਦਾ ਤੋਂ ਘੱਟੋ-ਘੱਟ 120 ਘੰਟੇ ਦਾ ਕੰਪਿਊਟਰ ਕੋਰਸ ਹੋਵੇ, 5. ਪੇਂਡੂ ਪਿਛੋਕੜ।

ਪ੍ਰਧਾਨ,
ਦੀ ਸਿਕੰਦਰਪੁਰ ਕੋ-ਆਪ. ਐਗਰੀ, ਐੱਮ/ਪੀ ਸਰਵਿਸ ਸੁਸਾਇਟੀ ਲਿਮ., ਤਹਿ. ਤੇ ਜ਼ਿਲ੍ਹਾ ਜਲੰਧਰ

**ਕੋਰਟ ਨੋਟਿਸ, ਜ਼ਿਲ੍ਹਾ

22-MAR-PAGE-7.qxd 3/21/2025 10:58 PM Page 1

ਧੋਖੇ ਨਾਲ ਕਿਸਾਨ ਲੀਡਰਾਂ ਨੂੰ ਫੜ ਕੇ ਸ਼ਾਂਤਮਈ ਧਰਨਾ ਚੁਕਾਉਣਾ ਗਲਤ : ਭੁੱਲਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਤੇ ਪੀ.ਏ.ਸੀ. ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਕਿਸਾਨਾਂ 'ਤੇ ਜਬਰ ਜ਼ੁਲਮ ਕਰਨ ਵਾਲੀ ਦਿੱਲੀ ਤੇ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਿਸਾਨੀ ਮਸਲੇ ਹੱਲ ਕਰਨ ਲਈ ਮੀਟਿੰਗ ਸੱਦ ਕੇ ਧੋਖੇ ਨਾਲ ਕਿਸਾਨ ਲੀਡਰ ਨੂੰ ਫੜਨਾ ਗੈਰ-ਕਾਨੂੰਨੀ ਹੈ।ਸ਼ਾਂਤਮਈ ਤਾਰੀਕੇ ਨਾਲ ਵੱਖ ਵੱਖ ਜਗ੍ਹਾ 'ਤੇ ਬੈਠੇ ਕਿਸਾਨਾਂ 'ਤੇ ਰਾਤ ਦੇ ਹਨੇਰੇ ਵਿੱਚ ਜਬਰ ਜ਼ੁਲਮ ਕਰਕੇ ਉਠਾਉਣਾ ਸਰਕਾਰ ਦਾ ਸ਼ਰਮਨਾਕ ਕਾਰਾ ਹੈ।ਸੈਂਟਰ ਤੇ ਪੰਜਾਬ ਸਰਕਾਰ ਆਪਸ ਵਿੱਚ ਘਿਉ ਖਿੱਚੜੀ ਹਨ।ਕੇਜਰੀਵਾਲ ਨੂੰ ਸਪੈਸ਼ਲ ਕਿਸਾਨਾਂ 'ਤੇ ਜਬਰ ਜ਼ੁਲਮ ਕਰਨ ਲਈ ਭੇਜਿਆ ਗਿਆ।ਕੇਜਰੀਵਾਲ ਦੀ ਸੈਂਟਰ ਨਾਲ ਮਿਲੀਭੁਗਤ ਹੋਣ ਕਾਰਨ ਕਿਸਾਨਾਂ 'ਤੇ ਲਾਠੀਚਾਰਜ ਤੇ ਜਬਰ ਜ਼ੁਲਮ ਕੀਤਾ ਗਿਆ ਹੈ।ਪੰਜਾਬ ਸਰਕਾਰ ਦਿੱਲੀ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਹੈ।ਜਦੋਂ ਕਿਸਾਨਾਂ ਨੇ ਸੜਕਾਂ ਹੀ ਨਹੀਂ ਰੋਕੀਆਂ ਤਾਂ ਫਿਰ ਸੜਕਾਂ ਦੇ ਅੱਗੇ ਬਾਰਡਰ ਤਾਂ ਹਰਿਆਣਾ ਸਰਕਾਰ ਨੇ ਬਣਾਇਆ ਹੋਇਆ ਹੈ, ਉਨ੍ਹਾਂ ਤੋਂ ਖਾਲੀ ਕਰਾਉਣ ਲਈ ਹਰਿਆਣਾ ਸਰਕਾਰ 'ਤੇ ਕਾਰਵਾਈ ਕਿਉਂ ਨਹੀਂ ? ਪੰਜਾਬ ਸਰਕਾਰ ਪਹਿਲਾਂ ਕਿਸਾਨਾਂ ਨਾਲ ਗੱਲਬਾਤ ਦੇ ਬਹਾਨੇ ਧੋਖਾ ਕਰਦੀ ਆ ਰਹੀ ਤੇ ਕਿਸਾਨਾਂ ਨਾਲ ਵਿਸ਼ਵਾਸਘਾਤ ਕੀਤਾ।ਪੰਜਾਬ ਦਾ ਮਾਹੌਲ ਮੋਦੀ ਤੇ ਕੇਜਰੀਵਾਲ ਭਗਵੰਤ ਮਾਨ ਨੂੰ ਮੋਹਰਾ ਬਣਾ ਕੇ ਖ਼ਰਾਬ ਕਰ ਰਹੇ ਹਨ ਅਤੇ ਪੰਜਾਬ ਤੇ ਜਬਰ ਜ਼ੁਲਮ ਕਰਨ ਵਾਸਤੇ ਸਾਡੇ ਭਰਾਵਾਂ ਤੋਂ ਭਰਾਵਾਂ 'ਤੇ ਜ਼ੁਲਮ ਕਰਵਾ ਰਹੇ ਹਨ।ਭਗਵੰਤ ਮਾਨ ਪੰਜਾਬ ਵਿੱਚ ਦਿੱਲੀ ਦੇ ਆਖੇ ਲੱਗ ਕੇ ਜ਼ੁਲਮ ਕਰਨਾ ਬੰਦ ਕਰੇ।ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਫਿਰੋਜ਼ਪੁਰ ਦੀ ਸਾਰੀ ਜਥੇਬੰਦੀ ਸ਼ਾਂਤਮਈ ਤਾਰੀਕੇ ਨਾਲ ਬੈਠੇ ਕਿਸਾਨਾਂ 'ਤੇ ਲਾਠੀਚਾਰਜ ਕਰਨ ਤੇ ਜਬਰ ਜ਼ੁਲਮ ਕਰਨ ਦੀ ਨਿਖੇਧੀ ਕਰਦੀ ਹੈ।

ਸਰਕਾਰੀ ਸਕੂਲਾਂ ਦੇ ਨਵੇਂ ਦਾਖਲਿਆਂ ਸੰਬੰਧੀ ਬਲਾਕ ਪੱਧਰੀ ਸਮਾਗਮ

ਬੋਹਾ (ਨਿਰੰਜਣ ਬੋਹਾ)-ਪੰਜਾਬ ਸਰਕਾਰ ਦੀ ਹਦਾਇਤ 'ਤੇ ਸਰਕਾਰੀ ਸਕੂਲਾਂ ਵਿੱਚ ਸੈਸ਼ਨ 2025-26 ਲਈ ਨਵੇਂ ਦਾਖਲੇ ਦੀ ਸ਼ੁਰੂਆਤ ਕਰਨ ਲਈ ਇਕ ਬਲਾਕ ਪੱਧਰੀ ਸਮਾਗਮ ਦਾ ਅਯੋਜਨ ਸਰਕਾਰੀ ਪ੍ਰਾਇਮਰੀ ਸਕੂਲ ਬੋਹਾ (ਮੁੰਡੇ) ਵਿਖੇ ਕੀਤਾ ਗਿਆ। ਸਮਾਗਮ ਦਾ ਉਦਘਾਟਨ ਮਾਰਕਿਟ ਕਮੇਟੀ ਬੋਹਾ ਦੇ ਚੇਅਰਮੈਨ ਰਣਜੀਤ ਸਿੰਘ ਨੇ ਕੀਤਾ। ਪ੍ਰਧਾਨਗੀ ਸ਼ਹੀਦ ਜਗਸੀਰ ਸਿੰਘ ਸਕੂਲ ਆਫ਼ ਐਮੀਨੈਂਸ ਬੋਹਾ ਦੇ ਪ੍ਰਿੰਸੀਪਲ ਹਰਵਿੰਦਰ ਸਿੰਘ ਭੁੱਲਰ ਤੇ ਨਗਰ ਪੰਚਾਇਤ ਦੇ ਪ੍ਰਧਾਨ ਕਮਲਦੀਪ ਸਿੰਘ ਬਾਵਾ ਵੱਲੋਂ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਸਰਕਾਰੀ ਪ੍ਰਾਇਮਰੀ ਸਕੂਲ ਬੋਹਾ (ਮੁੰਡੇ) ਦੇ ਮੁਖੀ ਹਰਫੂਲ ਸਿੰਘ ਦੇ ਸਵਾਗਤੀ ਸ਼ਬਦਾਂ ਨਾਲ ਹੋਈ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਮਿਲਦੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਚੇਅਰਮੈਨ ਰਣਜੀਤ ਸਿੰਘ ਫਰੀਦਕੇ ਤੇ ਪ੍ਰਧਾਨ ਕਮਲਦੀਪ ਸਿੰਘ ਬਾਵਾ ਨੇ ਕਿਹਾ ਪੰਜਾਬ ਸਰਕਾਰ ਨੇ ਸਿੱਖਿਆ ਤੇ ਸਿਹਤ ਦੇ ਖੇਤਰ ਦੀ ਗੁਣਾਤਮਕਤਾ ਵਧਾਉਣ ਲਈ ਜਿਹੜੇ ਇੰਨਕਲਾਬੀ ਕਦਮ ਚੁੱਕੇ ਹਨ, ਉਨ੍ਹਾਂ ਦੇ ਹੁਣ ਬਹੁਤ ਚੰਗੇ ਨਤੀਜੇ ਮਿਲਣ ਲੱਗ ਪਏ ਹਨ। ਪ੍ਰਿੰਸੀਪਲ ਹਰਵਿੰਦਰ ਸਿੰਘ ਭੁੱਲਰ, ਲੇਖਕ ਨਿਰੰਜਣ ਬੋਹਾ, ਰੰਗਕਰਮੀ ਸੰਤੋਖ ਸਾਗਰ ਤੇ ਬਲਵਿੰਦਰ ਸਿੰਘ ਹਾਕਮਵਾਲਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਚਲੀ ਪੜ੍ਹਾਈ ਦੇ ਮਿਆਰ 'ਤੇ ਹੁਣ ਬੱਚਿਆਂ ਦੇ ਮਾਪੇ ਪੂਰਾ ਭਰੋਸਾ ਕਰਨ ਲੱਗ ਪਏ ਹਨ, ਇਸ ਲਈ ਹੁਣ ਸਕੂਲਾਂ ਵਿਚ ਵਿਦਿਆਰਥੀ ਦੀ ਗਿਣਤੀ ਹਰ ਸਾਲ ਵਧ ਰਹੀ ਹੈ।

ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਦੀ ਅਕਾਲੀ ਆਗੂਆਂ ਵੱਲੋਂ ਨਿੰਦਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਬੀਤੇ ਦਿਨ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ ਤੇ ਹੋਰ ਕਿਸਾਨ ਆਗੂਆਂ ਦੀ ਗ੍ਰਿਫ਼ਤਾਰੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਜਗਮੋਹਨ ਸਿੰਘ ਜੈ ਸਿੰਘ ਵਾਲਾ, ਵਿੱਕੀ ਫੁਲੇਵਾਲੀਆ, ਲਖਵੀਰ ਸਿੰਘ ਬਰਾੜ ਤੇ ਰਾਜਵਿੰਦਰ ਸਿੰਘ ਨੇ ਇਸ ਕਾਰਵਾਈ ਦੀ ਆਲੋਚਨਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮੀਟਿੰਗ ਖ਼ਤਮ ਹੋਣ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨਾ ਵਿਸ਼ਵਾਸ-ਘਾਤ ਹੈ। ਉਨ੍ਹਾਂ ਕਿਹਾ ਕਿ ਵੀਰਵਾਰ ਸਵੇਰੇ ਤੋਂ ਹੀ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਪੁਲਸ ਦਾ ਭਾਰੀ ਜਮਘਟ ਦੱਸ ਰਿਹਾ ਸੀ ਕਿ ਕਿਸਾਨਾਂ ਉੱਤੇ ਜਬਰ ਦੀ ਤਿਆਰੀ ਕੀਤੀ ਜਾ ਰਹੀ ਸੀ। ਅਕਾਲੀ ਆਗੂਆਂ ਨੇ ਪੰਜਾਬ ਸਰਕਾਰ 'ਤੇ ਭਾਜਪਾ ਦੇ ਦਬਾਅ 'ਚ ਆਉਣ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੇਂਦਰ ਸਰਕਾਰ ਦੇ ਹੁਕਮਾਂ 'ਤੇ ਨੱਚ ਰਹੀ ਹੈ, ਜੋ ਕਿ ਕਿਸਾਨਾਂ ਵਿਰੁੱਧ ਇੱਕ ਵੱਡੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਭਾਜਪਾ ਦੇ ਇਸ਼ਾਰਿਆਂ 'ਤੇ ਚੱਲ ਰਹੀ ਹੈ। ਉਨ੍ਹਾਂ ਮੌਜੂਦਾ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਇਸ ਤਰ੍ਹਾਂ ਦੀਆਂ ਨੀਤੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਸਰਕਾਰ ਲਈ ਘਾਤਕ ਸਾਬਿਤ ਹੋਣਗੀਆਂ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ 'ਭਾਜਪਾ ਦੀ ਕੱਠਪੁਤਲੀ' ਕਰਾਰ ਦਿੱਤਾ ਤੇ ਕਿਸਾਨਾਂ 'ਤੇ ਜਬਰ ਖ਼ਿਲਾਫ਼ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ।

ਚੱਕ ਵਜੀਦਾ ਸਕੂਲ ਦੀ ਨਵੀਂ ਇਮਾਰਤ ਦਾ ਵਿਧਾਇਕ ਵੱਲੋਂ ਉਦਘਾਟਨ

ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸ਼ੁਰੂ ਕੀਤੀ ਸਿੱਖਿਆ ਕ੍ਰਾਂਤੀ ਤਹਿਤ ਲਗਾਤਾਰ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਜਲਾਲਾਬਾਦ ਹਲਕੇ ਦੇ ਪਿੰਡ ਚੱਕ ਵਜੀਦਾ ਵਿੱਚ ਬਣੀ ਸਕੂਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਦਾ ਉਦਘਾਟਨ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕੀਤਾ। ਪਿੰਡ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀ ਇਸ ਇਮਾਰਤ ਦੇ ਨਿਰਮਾਣ ਤੇ ਸਰਕਾਰ ਵੱਲੋਂ 32 ਲੱਖ ਰੁਪਏ ਖਰਚ ਕੀਤੇ ਗਏ ਹਨ। ਇਹ ਸ਼ਾਨਦਾਰ ਇਮਾਰਤ ਵਿਦਿਆਰਥੀਆਂ ਨੂੰ ਇੱਕ ਵਧੀਆ ਸਿੱਖਣ ਮਾਹੌਲ ਮੁਹੱਈਆ ਕਰਵਾਏਗੀ ਤੇ ਇਲਾਕੇ ਵਿੱਚ ਸਿੱਖਿਆ ਦੇ ਪ੍ਰਸਾਰ ਵਿੱਚ ਯੋਗਦਾਨ ਪਾਏਗੀ। ਇਸ ਦੇ ਉਦਘਾਟਨ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਤੇ ਸਿਹਤ ਖੇਤਰ ਨੂੰ ਤਰਜੀਹੀ ਖੇਤਰ ਮੰਨਦਿਆਂ ਇਸ ਦੇ ਵਿਕਾਸ 'ਤੇ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਅਧਿਆਪਕਾਂ ਨੂੰ ਵਿਦੇਸ਼ਾਂ ਤੋਂ ਸਿਖਲਾਈ ਦਿੱਤੀ ਜਾ ਰਹੀ ਹੈ, ਉੱਥੇ ਹੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਕੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਲਈ ਸਹੂਲਤ ਉਪਲਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਪਸਾਰ ਹੀ ਸਮਾਜਿਕ ਤਰੱਕੀ ਦਾ ਅਧਾਰ ਬਣਦਾ ਹੈ। ਇਸ ਲਈ ਸੂਬਾ ਸਰਕਾਰ ਇਸ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ।

ਗੁਰਦੁਆਰਾ ਸਾਹਿਬ ਦੀ ਇਮਾਰਤ ਲਈ ਸੀਮੈਂਟ ਭੇਟ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਕੁਹਾੜਾ ਰੋਡ 'ਤੇ ਸਥਿਤ ਇੰਦਰਾ ਕਾਲੋਨੀ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਇਮਾਰਤ ਦੀ ਕਾਰ ਸੇਵਾ ਵਿੱਚ ਯੋਗਦਾਨ ਪਾਉਂਦਿਆਂ ਜੰਝਘਰ ਕਮੇਟੀ ਮਾਛੀਵਾੜਾ ਸਾਹਿਬ ਵੱਲੋਂ 55 ਥੈਲੇ ਸੀਮੈਂਟ ਭੇਟ ਕੀਤਾ ਗਿਆ। ਕਮੇਟੀ ਦੇ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਦੀ ਇਮਾਰਤ ਲਈ ਕਮੇਟੀ ਅੱਗੇ ਤੋਂ ਵੀ ਹਰ ਤਰ੍ਹਾਂ ਦੀ ਸੇਵਾ ਲਈ ਹਾਜ਼ਰ ਰਹੇਗੀ। ਇਸ ਤੋਂ ਇਲਾਵਾ ਪ੍ਰਧਾਨ ਬੈਨੀਪਾਲ ਵੱਲੋਂ ਨਿੱਜੀ ਤੌਰ 'ਤੇ ਗੁਰਦੁਆਰਾ ਕਮੇਟੀ ਨੂੰ 5100 ਦੀ ਰਾਸ਼ੀ ਭੇਟ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਜੰਝਘਰ ਕਮੇਟੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਬੂਟਾ ਸਿੰਘ ਮੀਤ ਪ੍ਰਧਾਨ, ਪਰਮਿੰਦਰ ਸਿੰਘ ਗਿੱਲ, ਸੁਰਿੰਦਰ ਸਿੰਘ ਗਿੱਲ ਜਨਰਲ ਸਕੱਤਰ, ਨੰਬਰਦਾਰ ਹਰਮਿੰਦਰ ਸਿੰਘ ਗਿੱਲ, ਮੇਵਾ ਸਿੰਘ ਖਜ਼ਾਨਚੀ, ਗੁਰਦਰਸ਼ਨ ਸਿੰਘ, ਵੀਰਪਾਲ ਸਿੰਘ ਗਿੱਲ, ਦਵਿੰਦਰ ਸਿੰਘ ਗਿੱਲ, ਸੁਖਵੀਰ ਸਿੰਘ, ਸੁਰਜੀਤ ਸਿੰਘ, ਬਾਬਾ ਕੁਲਦੀਪ ਸਿੰਘ ਹੈੱਡ ਗ੍ਰੰਥੀ, ਜਸਦੇਵ ਸਿੰਘ ਖਹਿਰਾ, ਜਰਨੈਲ ਸਿੰਘ ਮੌਜੂਦ ਸਨ।

ਕਿਸਾਨਾਂ 'ਤੇ ਕਾਰਵਾਈ ਨਾਲ ਭਗਵੰਤ ਮਾਨ ਦਾ ਅਸਲ ਚਿਹਰਾ ਨੰਗਾ ਹੋਇਆ : ਕਲੇਰ/ਗਰੇਵਾਲ/ਮੱਲ੍ਹਾ

ਜਗਰਾਉਂ (ਸੰਜੀਵ ਅਰੋੜਾ)-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐੱਸ ਆਰ ਕਲੇਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ ਨੇ ਪੰਜਾਬ ਸਰਕਾਰ ਵੱਲੋਂ ਸ਼ੰਭੂ ਬਾਰਡਰ 'ਤੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਕਿਸਾਨਾਂ 'ਤੇ ਕਾਰਵਾਈ ਦੀ ਤਿੱਖੀ ਆਲੋਚਨਾ ਕਰਦਿਆਂ ਪੰਜਾਬ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਇਸ ਮੌਕੇ ਕਲੇਰ, ਭਾਈ ਗਰੇਵਾਲ ਤੇ ਮੱਲ੍ਹਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਇਸ ਕਾਰਵਾਈ ਨੂੰ ਲੋਕਤੰਤਰ ਦਾ ਘਾਣ ਦੱਸਦਿਆਂ ਕਿਹਾ ਕਿ ਅਰਵਿੰਦਰ ਕੇਜਰੀਵਾਲ ਦੇ ਇਸ਼ਾਰਿਆਂ 'ਤੇ ਨੱਚਣ ਵਾਲੇ ਮੁੱਖ ਮੰਤਰੀ ਭਗਵੰਤ ਦਾ ਅਸਲ ਚਿਹਰਾ ਨੰਗਾ ਹੋਇਆ ਹੈ। ਆਗੂਆਂ ਨੇ ਆਖਿਆ ਕਿ ਭਗਵੰਤ ਮਾਨ ਨੇ ਮੁੱਖ ਮੰਤਰੀ ਦੀ ਕੁਰਸੀ ਖਾਤਰ ਪੰਜਾਬ ਦੇ ਹਿੱਤ ਨਿਲਾਮ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਇਸ ਨਿੰਦਣਯੋਗ ਕਾਰਵਾਈ ਦਾ ਜਵਾਬ ਪੰਜਾਬ ਦੇ ਲੋਕ ਲੁਧਿਆਣਾ ਵਿਖੇ ਹੋ ਰਹੀ ਜ਼ਿਮਨੀ ਚੋਣ ਵਿੱਚ ਦੇਣਗੇ। ਉਨ੍ਹਾਂ ਹੈਰਾਨਗੀ ਪ੍ਰਗਟ ਕੀਤੀ ਕਿ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਸਾਮਰਾਜੀ ਸਰਗਣੇ ਟਰੰਪ ਦੀਆਂ ਨੀਤੀਆਂ ਨੂੰ ਪੰਜਾਬ ਦੇ ਖੇਤੀ ਸੈਕਟਰ 'ਚ ਲਾਗੂ ਕਰਨ ਲਈ ਭਾਜਪਾ ਨਾਲ ਘਿਓ-ਖਿੱਚੜੀ ਹੋਇਆ ਹੈ, ਕਿਉਂਕਿ ਕੇਂਦਰ ਦੀ ਭਾਜਪਾ ਹਕੂਮਤ ਕਿਸੇ ਵੀ ਹਾਲਤ 'ਚ ਐੱਮ.ਐੱਸ.ਪੀ. ਦੇਣ, ਸਰਕਾਰੀ ਖ਼ਰੀਦ ਦੀ ਕਾਨੂੰਨੀ ਗਰੰਟੀ ਦੇਣ, ਕਿਸਾਨੀ ਨੂੰ ਕਰਜ਼ਾ ਮੁਕਤ ਕਰਨ, ਨਵੀਂ ਖੇਤੀ ਨੀਤੀ ਲਾਗੂ ਕਰਨ ਤੋਂ ਪੂਰੀ ਤਰ੍ਹਾਂ ਇਨਕਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ 'ਚ ਪਹਿਲਾਂ ਬੀ.ਜੇ.ਪੀ. ਨੇ ਆਪਣੀ ਸਿਆਸੀ ਭਲ ਦਿੱਲੀ ਅੰਦੋਲਨ ਦੇ ਚੱਲਦਿਆਂ ਪੂਰੀ ਤਰ੍ਹਾਂ ਗਵਾ ਲਈ ਸੀ ਤੇ ਹੁਣ ਮਾਨ ਹਕੂਮਤ ਨੇ ਆਪਣੀ ਹੋਣੀ ਦਾ ਦਾਅ ਖੇਡ ਲਿਆ ਹੈ, ਜੋ ਕੇਜਰੀਵਾਲਦੀਖ਼ਾਸਪਾਰਟੀ ਨੂੰ ਬਹੁਤ ਮਹਿੰਗਾ ਪਵੇਗਾ।

ਨਾਭਾ ਦੀ ਸਮੁੱਚੀ ਬਸਪਾ ਟੀਮ ਨੇ ਅਹੁਦਿਆਂ ਤੋਂ ਅਸਤੀਫੇ ਦਿੱਤੇ

ਨਾਭਾ (ਵਰਿੰਦਰ ਵਰਮਾ)-ਪਿਛਲੇ ਦਿਨੀਂ ਬਸਪਾ ਨਾਭਾ ਦੀ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਸਾਰੇ ਅਹੁਦੇਦਾਰ ਹਾਜ਼ਰ ਸਨ।ਲੰਮੇ ਵਿਚਾਰ-ਵਟਾਂਦਰੇ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ ਬਸਪਾ ਸੁਪਰੀਮੋ ਮਾਇਆਵਤੀ ਵੱਲੋਂ ਸ੍ਰ. ਜਸਵੀਰ ਸਿੰਘ ਗੜ੍ਹੀ ਪ੍ਰਧਾਨ ਬਸਪਾ ਪੰਜਾਬ ਨੂੰ ਆਪਣਾ ਪੱਖ ਰੱਖਣ ਲਈ ਸਮਾਂ ਨਾ ਦੇਣਾ, ਬਿਨਾਂ ਸੁਣੇ ਪਾਰਟੀ ਵਿੱਚੋਂ ਕੱਢਣਾ, ਜਦੋਂ ਸਟੇਟਾਂ ਦੇ ਪ੍ਰਧਾਨਾਂ ਦੀ ਸੁਣਵਾਈ ਲਈ ਸਮਾਂ ਨਹੀਂ ਹੈ ਤਾਂ ਆਮ ਵਰਕਰ ਦੀ ਕੀ ਸੁਣਵਾਈ ਹੋਵੇਗੀ।ਇਸ ਦੀ ਜਾਣਕਾਰੀ ਦਿੰਦਿਆਂ ਹਲਕਾ ਨਾਭਾ ਬਸਪਾ ਪਾਰਟੀ ਦੇ ਹਲਕਾ ਇੰਚਾਰਜ ਮਾਸਟਰ ਅਮਰ ਸਿੰਘ ਟੋਡਰਵਾਲ ਨੇ ਦੱਸਿਆ ਕਿ ਬਸਪਾ ਪਾਰਟੀ ਦੀ ਸੁਪਰੀਮੋ ਕੋਲ ਕਿਸੇ ਨੂੰ ਮਿਲਣ ਦਾ ਕੋਈ ਟਾਈਮ ਨਹੀਂ ਹੈ।ਇਸੇ ਰੋਸ ਵਜੋਂ ਨਾਭਾ ਦੀ ਸਮੁੱਚੀ ਬਸਪਾ ਟੀਮ ਵੱਲੋਂ ਆਪਣੇ ਅਹੁਦਿਆਂ ਤੋਂ ਸਾਂਝੇ ਤੌਰ 'ਤੇ ਮਤਾ ਪਾ ਕੇ ਅਸਤੀਫੇ ਦਿੱਤੇ ਗਏ ਹਨ, ਜੋ ਕਿ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਸ੍ਰ. ਮੇਜਰ ਸਿੰਘ ਟਿੱਬੀ, ਬਲਦੇਵ ਸਿੰਘ ਮਹਿਰਾ, ਜਗਜੀਤ ਸਿੰਘ ਛੜਬੜ੍ਹ ਨੂੰ ਵਟਸਐਪ ਰਾਹੀਂ ਭੇਜ ਦਿੱਤੇ ਹਨ।ਉਨ੍ਹਾਂ ਕਿਹਾ ਕਿ ਆਪਣੇ ਅਹੁਦਿਆਂ ਤੋਂ ਅਸਤੀਫੇ ਦੇਣ ਵਾਲਿਆਂ 'ਚ ਅਮਰ ਸਿੰਘ ਟੋਡਰਵਾਲ ਹਲਕਾ ਇੰਚਾਰਜ, ਗੁਰਮੁੱਖ ਸਿੰਘ ਤੂੰਗਾਂ ਪ੍ਰਧਾਨ, ਦਲ

22 Mar Page-8.qxd 3/21/2025 11:07 PM Page 1

ਪ ਸ ਸ ਫ ਦੀ ਆਨ-ਲਾਈਨ ਵਰਚੁਅਲ ਮੀਟਿੰਗ

● 25 ਦੀ ਮੁਹਾਲੀ ਰੈਲੀ 'ਚ ਭਰਵੀਂ ਸ਼ਮੂਲੀਅਤ ਦਾ ਫੈਸਲਾ

ਜਲੰਧਰ (ਰਾਜੇਸ਼ ਥਾਪਾ) ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੀ ਇੱਕ ਬਹੁਤ ਹੀ ਅਹਿਮ ਵਰਚੁਅਲ ਮੀਟਿੰਗ ਸੂਬਾ ਪ੍ਰਧਾਨ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ। ਜੱਥੇਬੰਦੀ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਮੀਟਿੰਗ ਦੇ ਆਰੰਭ ਵਿੱਚ ਜੱਥੇਬੰਦੀ ਵਲੋਂ ਪਿਛਲੇ ਕੀਤੇ ਐਕਸ਼ਨਾਂ ਦਾ ਰੀਵਿਊ ਕੀਤਾ ਗਿਆ ।ਇਸ ਉਪਰੰਤ ਵੱਖ-ਵੱਖ ਵਿਭਾਗੀ ਜੱਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕੀਤੀ ਗਈ। ਸੂਬਾ ਪ੍ਰਧਾਨ ਵੱਲੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਵਿਧਾਨ ਸਭਾ ਦੇ ਬੱਜਟ ਸੈਸ਼ਨ ਦੌਰਾਨ ਕੀਤੇ ਜਾਣ ਵਾਲੇ ਐਕਸ਼ਨਾਂ ਸਬੰਧੀ ਜਾਣਕਾਰੀ ਦਿਤੀ ਗਈ। ਸਾਂਝੇ ਫਰੰਟ ਵਲੋਂ ਫੈਸਲਾ ਕੀਤਾ ਗਿਆ ਹੈ ਕਿ ਬੱਜਟ ਸੈਸ਼ਨ ਦੌਰਾਨ ਮਿਤੀ 24 ਅਤੇ 25 ਮਾਰਚ ਨੂੰ ਮੁਹਾਲੀ ਵਿਖੇ ਸੰਘਰਸ਼ ਕੀਤਾ ਜਾਵੇਗਾ, ਜਿਸ ਦੇ ਤਹਿਤ ਮਿਤੀ 24 ਮਾਰਚ ਨੂੰ ਪੈਨਸ਼ਨਰ ਜੱਥੇਬੰਦੀਆਂ ਅਤੇ 25 ਮਾਰਚ ਨੂੰ ਮੁਲਾਜ਼ਮ ਜੱਥੇਬੰਦੀਆਂ ਵੱਲੋਂ ਰੈਲੀਆਂ ਕੀਤੀਆਂ ਜਾਣਗੀਆਂ। ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਸਾਂਝੇ ਫਰੰਟ ਦੇ ਸੱਦੇ 'ਤੇ ਮਿਤੀ 25 ਮਾਰਚ ਨੂੰ ਸਿੱਖਿਆ ਭਵਨ ਮੁਹਾਲੀ ਨਜ਼ਦੀਕ ਕੀਤੀ ਜਾਣ ਵਾਲੀ ਰੈਲੀ ਵਿੱਚ ਪ.ਸ.ਸ.ਫ. ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਮੀਟਿੰਗ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਚਾਹਲ, ਗੁਰਦੀਪ ਸਿੰਘ ਬਾਜਵਾ, ਅਨਿਲ ਕੁਮਾਰ, ਗੁਰਪ੍ਰੀਤ ਸਿੰਘ ਹੀਰ, ਬਲਵਿੰਦਰ ਭੁੱਟੋ, ਗੁਰਦੇਵ ਸਿੰਘ ਸਿੱਧੂ, ਬੀਰਇੰਦਰਜੀਤ ਪੁਰੀ, ਕਿਸ਼ੋਰ ਚੰਦ ਗਾਜ, ਨਿਰਮੋਲਕ ਸਿੰਘ ਹੀਰਾ, ਮਨੋਹਰ ਲਾਲ ਸ਼ਰਮਾ, ਪ੍ਰਸ਼ੋਤਮ ਲਾਲ, ਬਲਜਿੰਦਰ ਸਿੰਘ, ਪ੍ਰੇਮ ਸਿੰਘ, ਸਰਬਜੀਤ ਪੱਟੀ, ਗੁਰਬਿੰਦਰ ਸਿੰਘ, ਸਤਨਾਮ ਸਿੰਘ, ਜਸਵਿੰਦਰ ਸੋਜਾ, ਜਤਿੰਦਰ ਕੁਮਾਰ, ਕੁਲਦੀਪ ਕੌੜਾ, ਅਮਰੀਕ ਸਿੰਘ, ਕੁਲਦੀਪ ਪੁਰੋਵਾਲ, ਬਿਮਲਾ ਰਾਣੀ ਤੇ ਰਾਣੋ ਖੇੜੀ ਗਿੱਲਾਂ ਆਦਿ ਆਗੂ ਵੀ ਹਾਜ਼ਰ ਸਨ।

ਹਰਜੋਤ ਸਿੰਘ ਬੈਂਸ ਵੱਲੋਂ ਸਰਕਾਰੀ ਸਕੂਲਾਂ 'ਚ ਦਾਖਲੇ ਨੂੰ ਵਧਾਉਣ ਲਈ ਮੁਹਿੰਮ ਦਾ ਆਗਾਜ਼

ਚੰਡੀਗੜ੍ਹ (ਗੁਰਜੀਤ ਬਿੱਲਾ) ਸੂਬੇ ਵਿੱਚ ਦਾਖਲਾ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਫੇਜ਼-2, ਐਸ ਏ ਐਸ ਨਗਰ ਵਿਖੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਨੂੰ ਵਧਾਉਣ ਸੰਬੰਧੀ ਸੂਬਾ ਪੱਧਰੀ ਮੁਹਿੰਮ ਦੀ ਸ਼ੁਰੂਆਤ ਕੀਤੀ। ਬੈਨਰਾਂ ਅਤੇ ਲਾਊਡਸਪੀਕਰਾਂ ਵਾਲੀ ਵੈਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਉਪਰੰਤ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਮੁਹਿੰਮ ਦੀ ਵਿਆਪਕ ਪਹੁੰਚ ਨੂੰ ਯਕੀਨੀ ਬਣਾਉਣ ਲਈ 23 ਵੈਨਾਂ ਪੰਜਾਬ ਭਰ ਦੇ ਸਾਰੇ 228 ਵਿਦਿਅਕ ਬਲਾਕਾਂ ਵਿੱਚ ਜਾਣਗੀਆਂ।ਇਸ ਨਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਵਧਾਉਣ ਵਿੱਚ ਕਾਫੀ ਮਦਦ ਮਿਲੇਗੀ।ਉਨ੍ਹਾਂ ਨੇ ਵਿਭਾਗ ਦੇ ਪ੍ਰੀ-ਪ੍ਰਾਇਮਰੀ ਸਕੂਲਾਂ ਵਿੱਚ 10 ਫ਼ੀਸਦ ਦਾਖਲਾ ਵਧਾਉਣ ਸਬੰਧੀ ਟੀਚੇ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ, ਸੂਬੇ ਦੇ 13,100 ਪ੍ਰੀ-ਪ੍ਰਾਇਮਰੀ ਸਕੂਲਾਂ ਵਿੱਚ 3.51 ਲੱਖ ਤੋਂ ਵੱਧ ਵਿਦਿਆਰਥੀ ਦਾਖਲ ਹੋਏ ਸਨ। ਸਕੂਲ ਸਿੱਖਿਆ ਮੰਤਰੀ ਨੇ ਕਿਹਾ ਕਿ ਇਹ ਦਾਖਲਾ ਮੁਹਿੰਮ ਸਕੂਲ ਨਾ ਜਾਣ ਵਾਲੇ ਬੱਚਿਆਂ ਦੀ ਪਛਾਣ ਕਰਨ, ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਨੂੰ ਉਤਸ਼ਾਹਿਤ ਕਰਨ ਅਤੇ ਸਿੱਖਿਆ ਤੱਕ ਸਾਰਿਆਂ ਦੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਭਾਈਚਾਰਕ ਸ਼ਮੂਲੀਅਤ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਇਸ ਮੁਹਿੰਮ ਵਿੱਚ ਸਥਾਨਕ ਵਿਧਾਇਕ, ਡਿਪਟੀ ਕਮਿਸ਼ਨਰ, ਐਸ.ਡੀ.ਐਮ., ਸਥਾਨਕ ਜਨਤਕ ਸ਼ਖਸੀਅਤਾਂ, ਸਕੂਲ ਪ੍ਰਬੰਧਨ ਕਮੇਟੀਆਂ (ਐਸ.ਐਮ.ਸੀ.) ਦੇ ਮੈਂਬਰ, ਪੰਚਾਇਤਾਂ ਅਤੇ ਸਾਰੇ ਸਕੂਲ ਮੁਖੀ ਹਿੱਸਾ ਲੈਣਗੇ। ਉਨ੍ਹਾਂ ਅੱਗੇ ਕਿਹਾ ਕਿ ਮੁਹਿੰਮ ਦਾ ਮੁੱਖ ਉਦੇਸ਼ ਮਾਪਿਆਂ ਅਤੇ ਭਾਈਚਾਰੇ ਵਿੱਚ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾਉਣ ਲਈ ਉਤਸ਼ਾਹਿਤ ਕਰਨਾ ਹੈ।ਸਕੂਲ ਸਿੱਖਿਆ ਵਿਭਾਗ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਸਾਲ ਸਰਕਾਰੀ ਸਕੂਲਾਂ ਦੇ 189 ਵਿਦਿਆਰਥੀਆਂ ਨੇ ਜੇ.ਈ.ਈ. ਮੇਨਜ਼ ਪ੍ਰੀਖਿਆ ਪਾਸ ਕੀਤੀ ਹੈ। ਇਹ ਸ਼ਲਾਘਾਯੋਗ ਪ੍ਰਾਪਤੀ ਸਰਕਾਰੀ ਸਕੂਲਾਂ ਵਿੱਚ ਪ੍ਰਦਾਨ ਕੀਤੀ ਜਾ ਰਹੀ ਮਿਆਰੀ ਸਿੱਖਿਆ ਦਾ ਪ੍ਰਮਾਣ ਹੈ।

ਸੌਂਦ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਾਲ ਪੰਚਾਇਤਾਂ ਨੂੰ ਜੋੜਨ ਦੀ ਸ਼ੁਰੂਆਤ ਡੇਰਾਬੱਸੀ ਤੋਂ

ਚੰਡੀਗੜ੍ਹ, ਡੇਰਾਬਸੀ (ਕ੍ਰਿਸ਼ਨ ਗਰਗ, ਵਿਨੈ ਕੁਮਾਰ ਜੈਨ) ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਆਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਡੇਰਾਬੱਸੀ ਹਲਕੇ ਦੇ ਸਰਪੰਚਾਂ ਅਤੇ ਪੰਚਾਇਤਾਂ ਨੇ ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਦੀ ਪਹਿਲਕਦਮੀ 'ਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਹਾਜ਼ਰੀ 'ਚ ਮੁਹਿੰਮ ਦਾ ਹਰ ਪੱਖ ਤੋਂ ਸਾਥ ਦੇਣ ਦਾ ਐਲਾਨ ਕੀਤਾ।ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਆਖਿਆ ਕਿ ਪੰਜਾਬ ਦੀ ਨੌਜੁਆਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਲਈ ਹੁਣ ਸਖ਼ਤ ਕਾਰਵਾਈ ਦਾ ਸਮਾਂ ਆ ਗਿਆ ਹੈ। ਉਨ੍ਹਾਂ ਨਸ਼ਾ ਵੇਚਣ ਵਾਲਿਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਾਂ ਤਾਂ ਇਹ ਕੰਮ ਛੱਡ ਦਿਓ ਜਾਂ ਫਿਰ ਪੰਜਾਬ ਦੀ ਧਰਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜੁਆਨੀ ਨੂੰ ਲੱਗੇ ਇਸ ਘੁਣ ਤੋਂ ਖਹਿੜਾ ਛੁਡਵਾ ਕੇ, ਉਨ੍ਹਾਂ ਦਾ ਇਲਾਜ ਅਤੇ ਮੁੜ ਵਸੇਬਾ ਕਰਵਾ ਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ 'ਚ ਲਿਆਂਦਾ ਜਾਵੇਗਾ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਵਿਆਪਕ ਪੱਧਰ 'ਤੇ ਕਾਰਵਾਈ 'ਚ ਹਰ ਇੱਕ ਦਾ ਸਹਿਯੋਗ ਜ਼ਰੂਰੀ ਹੈ। ਐਮ ਐਲ ਏ ਕੁਲਜੀਤ ਸਿੰਘ ਰੰਧਾਵਾ ਨੇ ਆਖਿਆ ਕਿ ਜਦੋਂ ਸਮੁੱਚੇ ਪੰਜਾਬ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤੇਜ਼ੀ ਨਾਲ ਚੱਲ ਰਹੀ ਹੈ ਤਾਂ ਉਸ ਮੌਕੇ ਪੰਚਾਇਤਾਂ ਨੂੰ ਇਸ ਮੁਹਿੰਮ ਨਾਲ ਜੋੜਨ ਦੀ ਇਹ ਪਹਿਲਕਦਮੀ ਹਲਕਾ ਡੇਰਾਬੱਸੀ 'ਚੋਂ ਹੋਣਾ ਸ਼ੁੱਭ ਸੰਕੇਤ ਹੈ।ਇਸ ਮੌਕੇ ਐਸ ਡੀ ਐਮ ਅਮਿਤ ਗੁਪਤਾ ਅਤੇ ਡੀ ਐਸ ਪੀ ਬਿਕਰਮਜੀਤ ਸਿੰਘ ਬਰਾੜ ਨੇ ਵੀ ਸੰਬੋਧਨ ਕੀਤਾ। ਹੋਰਨਾਂ ਤੋਂ ਇਲਾਵਾ ਏ ਡੀ ਸੀ (ਦਿਹਾਤੀ ਵਿਕਾਸ) ਸੋਨਮ ਚੌਧਰੀ, ਡੀ ਡੀ ਪੀ ਓ ਬਲਜਿੰਦਰ ਸਿੰਘ ਗਰੇਵਾਲ, ਬੀ ਡੀ ਪੀ ਓ ਗੁਰਪ੍ਰੀਤ ਸਿੰਘ ਮਾਂਗਟ ਅਤੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਅਤੇ ਹੋਰ ਆਗੂ ਅਤੇ 85 ਦੇ ਕਰੀਬ ਪਿੰਡਾਂ ਦੇ ਸਰਪੰਚ ਮੌਜੂਦ ਸਨ।

ਧਾਲੀਵਾਲ ਵੱਲੋਂ ਐੱਨ.ਆਰ.ਆਈ. ਪੰਜਾਬੀਆਂ ਦੀਆਂ ਸ਼ਿਕਾਇਤਾਂ ਲਈ ਆਨਲਾਈਨ ਮਿਲਣੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)— ਐਨ.ਆਰ.ਆਈ. ਮਾਮਲਿਆਂ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਪੰਜਾਬ ਸਿਵਲ ਸਕੱਤਰੇਤ-1 ਵਿਖੇ ਐਨ.ਆਰ.ਆਈ. ਪੰਜਾਬੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਚੌਥੀ ਆਨਲਾਈਨ ਐਨ.ਆਰ.ਆਈ ਮਿਲਣੀ ਕਰਵਾਈ ਗਈ ਅਤੇ ਇਸ ਮੌਕੇ ਉਨ੍ਹਾਂ ਨੇ ਆਨਲਾਈਨ ਵੀਡੀਓ-ਕਾਨਫਰੰਸਿੰਗ ਰਾਹੀਂ ਨਿੱਜੀ ਤੌਰ 'ਤੇ ਪ੍ਰਵਾਸੀ ਪੰਜਾਬੀਆਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਸੁਣੀਆਂ।ਉਨ੍ਹਾਂ ਦੱਸਿਆ ਕਿ ਇਸ ਚੌਥੀ ਮਾਸਿਕ ਆਨਲਾਈਨ ਐਨ. ਆਰ. ਆਈ. ਮਿਲਣੀ ਦੌਰਾਨ 123 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 98 ਸ਼ਿਕਾਇਤਾਂ ਈਮੇਲ ਰਾਹੀਂ ਅਤੇ ਬਾਕੀ 25 ਸ਼ਿਕਾਇਤਾਂ ਵਟਸਐਪ ਨੰਬਰ 'ਤੇ ਪ੍ਰਾਪਤ ਹੋਈਆਂ ਸਨ। ਪਿਛਲੀਆਂ ਤਿੰਨ ਆਨਲਾਈਨ ਐਨ.ਆਰ.ਆਈ. ਮਿਲਣੀਆਂ ਦੌਰਾਨ 393 ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 343 ਸ਼ਿਕਾਇਤਾਂ ਦਾ ਹੱਲ ਕਰ ਦਿੱਤਾ ਗਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਵੇਗਾ।ਉਨ੍ਹਾਂ ਐਨ.ਆਰ. ਆਈਜ਼. ਨੂੰ ਕਿਹਾ ਕਿ ਉਹ ਆਪਣੀ ਸਹੂਲਤ ਅਨੁਸਾਰ ਕਿਸੇ ਵੀ ਸਮੇਂ ਉਨ੍ਹਾਂ ਨੂੰ ਮਿਲ ਸਕਦੇ ਹਨ।ਇਸ ਮੌਕੇ ਵਧੀਕ ਮੁੱਖ ਸਕੱਤਰ ਦਿਲੀਪ ਕੁਮਾਰ, ਏ.ਡੀ.ਜੀ.ਪੀ. ਪੰਜਾਬ ਪੁਲਸ ਐਨ.ਆਰ.ਆਈ. ਵਿੰਗ ਪ੍ਰਵੀਨ ਕੇ. ਸਿਨਹਾ ਅਤੇ ਐਨ.ਆਰ. ਆਈ. ਮਾਮਲੇ ਵਿਭਾਗ ਦੇ ਹੋਰ ਅਧਿਕਾਰੀ ਸ਼ਾਮਲ ਸਨ।

ਕੁੱਲ ਹਿੰਦ ਕਿਸਾਨ ਸਭਾ ਵੱਲੋਂ ਲੀਡਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਕਰੜੀ ਨਿੰਦਾ

ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)— ਇਥੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਜਬਰੀ ਉਠਾਉਣ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਆਗੂਆਂ ਨੇ ਦੱਸਿਆ ਕਿ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਅਤੇ ਮੀਤ ਪ੍ਰਧਾਨ ਸਰਪੰਚ ਪਵਨ ਕੁਮਾਰ ਸ਼ਰਮਾ, ਸ਼ਮਸ਼ੇਰ ਸਿੰਘ ਸ਼ੇਰਾ, ਆਪ ਦੇ ਸਾਬਕਾ ਪ੍ਰਧਾਨ ਮਾਸਟਰ ਹਰਦਿਆਲ ਸਿੰਘ ਬੈਂਸ ਸਮੇਤ ਹੋਰ ਕਿਸਾਨ ਜੱਥੇਬੰਦੀਆਂ ਦੇ ਆਗੂਆਂ ਨੂੰ ਬੀਤੀ ਦੇਰ ਰਾਤ ਪੁਲਸ ਵੱਲੋਂ ਘਰਾਂ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਜਿਨ੍ਹਾਂ ਨੂੰ ਸਵੇਰੇ 10 ਵਜੇ ਦੇ ਕਰੀਬ ਛੱਡ ਦਿੱਤਾ ਗਿਆ। ਇਨ੍ਹਾਂ ਗ੍ਰਿਫ਼ਤਾਰੀਆਂ ਦੀ ਨਿਖੇਧੀ ਕੀਤੀ ਗਈ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹੱਕ ਸੱਚ ਦੀ ਆਵਾਜ਼ ਨੂੰ ਦਬਾ ਨਹੀਂ ਸਕਦੀ। ਪੰਜਾਬ ਸਰਕਾਰ ਨੇ ਇਸ ਹਰਕਤ ਨਾਲ ਕਿਸਾਨ ਵਿਰੋਧੀ ਹੋਣ ਦਾ ਸਬੂਤ ਦੇ ਦਿੱਤਾ ਅਤੇ ਕਾਰਪੋਰੇਟ ਅਤੇ ਵਿਦੇਸ਼ੀ ਕੰਪਨੀਆਂ ਦੇ ਹੱਕ 'ਚ ਨੀਤੀਆਂ ਲਾਗੂ ਕਰਨ ਲਈ ਤੱਤਪਰ ਹੈ ਅਤੇ ਇਸ ਹਰਕਤ ਨਾਲ ਇਹ ਸਾਬਤ ਕਰ ਦਿੱਤਾ ਹੈ ਕਿ ਉਹ ਕੇਂਦਰ ਵਿੱਚ ਆਰ ਐਸ ਐੱਸ, ਭਾਜਪਾ ਸਰਕਾਰ ਨਾਲ ਸਹਿਯੋਗ ਕਰ ਰਹੀ ਹੈ। ਇਹ ਬਹੁਤ ਹੀ ਚਿੰਤਾਜਨਕ ਹੈ ਕਿ ਇਹ ਕਦਮ ਕਲ ਉਦਯੋਗਪਤੀਆਂ ਨਾਲ ਆਪ ਦੇ ਉੱਚੇ ਨੇਤਾਵਾਂ ਦੀ ਮੀਟਿੰਗ ਤੋਂ ਬਾਅਦ ਚੁੱਕਿਆ ਗਿਆ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨਾਲ ਸੰਯੁਕਤ ਕਿਸਾਨ ਮੋਰਚਾ 26 ਮਾਰਚ ਨੂੰ ਚੰਡੀਗੜ੍ਹ ਟੱਕਰੇਗਾ। ਇਸ ਦਿਨ ਬਜਟ ਸੈਸ਼ਨ ਪੇਸ਼ ਕੀਤਾ ਜਾਵੇਗਾ, ਕਿਸਾਨ ਮਾਰਚ ਕਰਨਗੇ। ਕਿਸਾਨ ਐਮ ਐਸ ਪੀ ਸਮੇਤ ਹੋਰ ਮੰਗਾਂ ਲਈ ਸੰਘਰਸ਼ ਜਾਰੀ ਰੱਖੇਗੀ। ਇਸ ਮੌਕੇ 'ਤੇ ਜਸਵਿੰਦਰ ਸਿੰਘ ਭੰਗਲ, ਗੁਰਦੇਵ ਸਿੰਘ ਬਾਗੀ, ਬਰਜਿੰਦਰ ਸਿੰਘ ਡੋਡ, ਸੋਨੀ ਅਰੋੜਾ, ਨਾਨਕ ਸਿੰਘ ਢਿੱਲੋਂ, ਕੁਲਦੀਪ ਕੌਰ, ਅੰਤਰਜੀਤ ਕੌਰ ਸਮੇਤ ਹੋਰ ਕਿਸਾਨ ਬੀਬੀਆਂ ਵੀ ਹਾਜਰ ਸਨ।

ਹੈਰੋਇਨ ਸਮੇਤ ਕਾਬੂ

ਕਾਲਾ ਸੰਘਿਆਂ (ਮਨਜੀਤ ਮਾਨ) ਸਥਾਨਕ ਕਸਬਾ ਕਾਲਾ ਸੰਘਿਆਂ ਦੇ ਪੁਲਸ ਚੌਕੀ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਵੱਲੋਂ 5.2 ਗ੍ਰਾਮ ਹੈਰੋਇਨ ਸਮੇਤ ਇਕ ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਪੁਲਸ ਚੌਕੀ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਪਿੰਡ ਭੇਟਾਂ ਵੱਲੋਂ ਪਿੰਡ ਬਲ੍ਹੇਰ ਖ਼ਾਨਪੁਰ ਵੱਲ ਨੂੰ ਗਸ਼ਤ ਦੌਰਾਨ ਆ ਰਹੇ ਸਨ। ਜਦੋਂ ਪਿੰਡ ਭੇਟਾਂ ਵਿਖੇ ਬਾਬਾ ਚਸ਼ਮੇ ਸ਼ਾਹ ਦੇ ਦਰਬਾਰ ਨੇੜੇ ਖੜ੍ਹੇ ਇੱਕ ਨੌਜੁਆਨ ਨੂੰ ਕਿਸੇ ਦੀ ਇੰਤਜ਼ਾਰ 'ਚ ਖੜਾ ਦੇਖਿਆ। ਸ਼ੱਕ ਪੈਣ 'ਤੇ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਦੇ ਕੋਲੋਂ 5.2 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ ਪਛਾਣ ਕੁਲਜੀਤ ਸਿੰਘ ਉਰਫ਼ ਕੀਤਾ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਲੱਖਣ ਕਲਾ ਥਾਣਾ ਸਦਰ ਕਪੂਰਥਲਾ ਵਜੋਂ ਹੋਈ ਹੈ, ਜਿਸ ਨੂੰ ਗ੍ਰਿਫ਼ਤਾਰ ਕਰ ਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

ਬਲੇਰਖਾਨਪੁਰ ਦੀ ਅਮਨੀਤ ਕੌਰ ਕੈਨੇਡਾ 'ਚ ਬਣੀ ਬੈਰਿਸਟਰ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ) ਕਪੂਰਥਲਾ ਦੇ ਨਜਦੀਕੀ ਪਿੰਡ ਬਲੇਰ ਖਾਨਪੁਰ ਦੇ ਪਰਵਾਰ ਦੀ ਨੂੰਹ ਅਮਨੀਤ ਕੌਰ ਪਤਨੀ ਈਸ਼ਾਨਪ੍ਰੀਤ ਸਿੰਘ ਕਨੇਡ

22 Mar Page-9.qxd 3/21/2025 11:06 PM Page 1

ਮੈਥਮੈਟਿਕਸ ਕੁਇਜ਼ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ

ਮਾਹਿਲਪੁਰ (ਸਫ਼ਰੀ) ਇਥੋਂ ਦੇ ਸ਼੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗ੍ਰੈਜੂਏਟ ਗਣਿਤ ਵਿਭਾਗ ਵੱਲੋਂ ਇੰਟਰ ਕਾਲਜ ਮੈਥਮਨਿਆ 2025 ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਗਣਿਤ ਵਿਸ਼ੇ ਨਾਲ ਸੰਬੰਧਿਤ ਸਵਾਲ ਜਵਾਬ ਪ੍ਰਤੀਯੋਗਤਾ, ਡੈਕਲਾਮੇਸ਼ਨ ਅਤੇ ਪੋਸਟਰ ਸਿਰਜਨ ਦੇ ਮੁਕਾਬਲੇ ਕਰਵਾਏ ਗਏ।ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਮਨੁੱਖੀ ਜੀਵਨ ਵਿੱਚ ਗਣਿਤ ਵਿਸ਼ੇ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ।ਇਸ ਮੁਕਾਬਲੇ ਵਿੱਚ ਮੋਜ਼ਬਾਨ ਕਾਲਜ ਤੋਂ ਇਲਾਵਾ ਡੀ ਏ ਵੀ ਕਾਲਜ ਹੁਸ਼ਿਆਰਪੁਰ, ਐਸ ਪੀ ਐਨ ਕਾਲਜ ਮੁਕੇਰੀਆਂ, ਜੇ ਸੀ ਡੀ ਏ ਵੀ ਕਾਲਜ ਦਸੂਹਾ, ਜੀ ਜੀ ਡੀ ਐਸ ਡੀ ਕਾਲਜ ਹਰਿਆਣਾ, ਖਾਲਸਾ ਕਾਲਜ ਗੜਸ਼ੰਕਰ, ਖਾਲਸਾ ਕਾਲਜ ਗੜ੍ਹਦੀਵਾਲ ਅਤੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਵਿਦਿਆਰਥੀਆਂ ਦੇ ਮੁਕਾਬਲਿਆਂ ਦੀ ਜੱਜਮੈਂਟ ਰਾਮਗੜ੍ਹੀਆ ਕਾਲਜ ਫਗਵਾੜਾ ਦੇ ਸਹਾਇਕ ਪ੍ਰੋਫੈਸਰ ਵੰਦਨਾ ਬਾਂਸਲ ਨੇ ਕੀਤੀ। ਇਹਨਾਂ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਸਾਰੇ ਕਾਲਜਾਂ ਦੇ ਵਿਦਿਆਰਥੀਆਂ ਨੇ ਵੱਖ-ਵੱਖ ਵੰਨਗੀਆਂ ਵਿੱਚ ਇਨਾਮ ਪ੍ਰਾਪਤ ਕੀਤੇ। ਇਸ ਮੌਕੇ ਵਾਈਸ ਪ੍ਰਿੰਸੀਪਲ ਅਰਾਧਨਾ ਦੁੱਗਲ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ। ਇਸ ਮੌਕੇ ਪ੍ਰੋ ਸੁਖਵਿੰਦਰ ਸਿੰਘ, ਡਾ. ਮੀਨਾਕਸ਼ੀ ਸ਼ਰਮਾ, ਡਾ. ਆਰਤੀ ਸ਼ਰਮਾ, ਪ੍ਰੋ. ਸੁਰਿੰਦਰ ਕੁਮਾਰ, ਪ੍ਰੋ. ਮਨਪ੍ਰੀਤ ਸਿੰਘ, ਪ੍ਰੋ. ਪੰਕਜ,ਪ੍ਰੋ. ਰਜਨੀ ਅਤੇ ਪ੍ਰੋ. ਸੰਜਨਾ ਆਦਿ ਹਾਜ਼ਰ ਸਨ।

ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ ਵੱਲੋਂ ਕਿਸਾਨਾਂ ਨੂੰ ਸੜਕ ਜਾਮ ਨਾ ਕਰਨ ਦੀ ਬੇਨਤੀ

ਚੰਡੀਗੜ੍ਹ (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ (ਆਪ) ਦੇ ਆਗੂ ਅਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ ਨੇ ਤਾਜਾ ਘਟਨਾਕ੍ਰਮ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੀ ਕਿਸਾਨਾਂ ਦੀ ਭਲਾਈ ਲਈ ਵਚਨਬੱਧਤਾ 'ਤੇ ਜੋਰ ਦਿੱਤਾ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਦੇ ਰਾਜ ਮਾਰਗਾਂ 'ਤੇ ਲੱਗੇ ਰੁਕਾਵਟਾਂ ਨੂੰ ਬਿਨਾਂ ਕਿਸੇ ਟਕਰਾਅ ਅਤੇ ਪੂਰੀ ਸੰਜੀਦਗੀ ਅਤੇ ਸਤਿਕਾਰ ਨਾਲ ਹਟਾਇਆ ਗਿਆ ਹੈ। ਸਾਡੀ ਸਰਕਾਰ ਸਾਡੇ ਕਿਸਾਨਾਂ ਦੀ ਕੁਰਬਾਨੀ ਦਾ ਸਤਿਕਾਰ ਕਰਦੀ ਹੈ ਅਤੇ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹੀ ਹੈ। ਹਾਈਵੇਜ ਨੂੰ ਆਮ ਲੋਕਾਂ ਨੂੰ ਦਰਪੇਸ਼ ਭਾਰੀ ਮੁਸਕਿਲਾਂ ਨੂੰ ਘਟਾਉਣ ਲਈ ਹੀ ਸਾਫ ਕੀਤਾ ਗਿਆ ਸੀ, ਜਿਸ ਵਿੱਚ ਐਂਬੂਲੈਂਸਾਂ ਵਿੱਚ ਦੇਰੀ, ਵਿਦਿਆਰਥੀਆਂ ਅਤੇ ਪਰਵਾਸੀ ਭਾਰਤੀਆਂ ਅਤੇ ਪੰਜਾਬ ਦੀ ਆਰਥਿਕਤਾ ਲਈ ਮਹੱਤਵਪੂਰਨ ਵਪਾਰਕ ਰੂਟਾਂ ਵਿੱਚ ਵਿਘਨ ਸ਼ਾਮਲ ਹੈ। ਉਨ੍ਹਾਂ ਨੇ ਅਪਮਾਨਜਨਕ ਭਾਸ਼ਾ ਅਤੇ ਜ਼ਹਿਰੀਲੇ ਭਾਸ਼ਣ ਦੀਆਂ ਉਦਾਹਰਣਾਂ ਦਾ ਹਵਾਲਾ ਦਿੰਦੇ ਹੋਏ ਸੋਸ਼ਲ ਮੀਡੀਆ 'ਤੇ ਜਨਤਾ ਦੇ ਵਿਵਹਾਰ 'ਤੇ ਚਿੰਤਾ ਜਾਹਰ ਕੀਤੀ। ਉਨ੍ਹਾ ਅਪੀਲ ਕੀਤੀ ਕਿ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਕਦਰਾਂ-ਕੀਮਤਾਂ ਲਈ ਜਾਣੇ ਜਾਂਦੇ ਰਾਜ ਵਿੱਚ ਅਜਿਹੀ ਨਕਾਰਾਤਮਕਤਾ ਨੂੰ ਦੇਖਣਾ ਨਿਰਾਸ਼ਾਜਨਕ ਹੈ। ਸਾਨੂੰ ਇੱਕਜੁੱਟ ਹੋਣਾ

ਚਾਹੀਦਾ ਹੈ ਅਤੇ ਆਪਣੇ ਭਾਸ਼ਣ ਦੌਰਾਨ ਮਾਣ-ਮਰਿਆਦਾ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ। ਮੰਤਰੀ ਨੇ ਹਾਈਵੇਅ ਜਾਮ ਕਰਨ ਪਿੱਛੇ ਰਣਨੀਤੀ ਬਾਰੇ ਵੀ ਅਹਿਮ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਲੜਾਈ ਕੇਂਦਰ ਸਰਕਾਰ ਵਿਰੁੱਧ ਹੈ ਪਰ ਪੰਜਾਬ ਦੇ ਹਾਈਵੇਅ ਬੰਦ ਹੋਣ ਕਾਰਨ ਸੂਬੇ ਦੀ ਆਰਥਿਕਤਾ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ ਅਤੇ ਆਮ ਨਾਗਰਿਕਾਂ ਦਾ ਜਿਊਣਾ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਕਿਸਾਨਾਂ ਅਤੇ ਸਮੂਹ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਭਵਿੱਖ ਵਿੱਚ ਸੜਕ ਜਾਮ ਕਰਨ ਤੋਂ ਗੁਰੇਜ ਕਰਨ ਅਤੇ ਇਸ ਤਰ੍ਹਾਂ ਰੋਸ ਪ੍ਰਦਰਸ਼ਨ ਕਰਨ ਤਾਂ ਜੋ ਲੋਕਾਂ ਨੂੰ ਕੋਈ ਦਿੱਕਤ ਨਾ ਹੋਵੇ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਦੇ ਸੁਨਹਿਰੇ ਭਵਿੱਖ ਨੂੰ ਯਕੀਨੀ ਬਣਾਉਣ ਲਈ ਉਦਯੋਗਿਕ ਵਿਕਾਸ ਅਤੇ ਵਪਾਰ ਨੂੰ ਬੜ੍ਹਾਵਾ ਦੇਣ ਦੀ ਮਹੱਤਤਾ 'ਤੇ ਜੋਰ ਦਿੱਤਾ।

ਖ਼ਾਲਸਾ ਕਾਲਜ ਡੁਮੇਲੀ ਵਿਖੇ 'ਨਸ਼ਿਆਂ ਖਿਲਾਫ ਜੰਗ' ਵਿਸ਼ੇ 'ਤੇ ਵਰਕਸ਼ਾਪ

ਫਗਵਾੜਾ (ਜਸਵਿੰਦਰ ਢੱਡਾ) ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਅਤੇ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨਰੂੜ ਪਾਂਸ਼ਟ ਵੱਲੋਂ ਕਾਲਜ ਕੈਂਪਸ ਵਿੱਚ ਨਸ਼ਾ ਮੁਕਤ ਭਵਿੱਖ ਅਤੇ ਨਸ਼ੇ ਖਿਲਾਫ ਜੰਗ: ਔਰਤਾਂ ਦਾ ਖਾਮੋਸ਼ ਦਰਦ, ਭੂਮਿਕਾ, ਚੁਣੌਤੀਆਂ, ਮੁਸ਼ਕਲਾਂ, ਰੋਕਥਾਮ, ਹੱਲ ਅਤੇ ਸਿੱਖਿਆ ਤੇ ਬਹਾਲੀ ਉੱਪਰ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼੍ਰੀ ਜੀਤੇਦਰ ਰੰਜਨ ਸੁਪਰਡੰਟ ਨਾਰਕੋਟਿਕਸ ਸੈਂਟਰਲ ਬਿਊਰੋ ਅੰਮ੍ਰਿਤਸਰ, ਡਾ. ਰੋਹਿਲ ਓਬਰਾਏ, ਡੀ.ਏ.ਵੀ. ਕਾਲਜ ਚੰਡੀਗੜ੍ਹ ਅਤੇ ਮਿਸਿਜ ਵਿਭੂਤੀ ਸ਼ਰਮਾ ਅਰੋੜਾ ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਿਲ, ਪ੍ਰੋ. ਅਵਤਾਰ ਸਿੰਘ ਰਾਮਗੜ੍ਹੀਆ ਕਾਲਜ ਫਗਵਾੜਾ, ਭਗਵੰਤ ਸਿੰਘ ਕੋਚ, ਅਮਰਿੰਦਰਪਾਲ ਸਿੰਘ ਸਿੱਧੂ ਕੋਚ, ਪ੍ਰੋ. ਰਣਜੀਤ ਸੈਣੀ ਸਰਕਾਰੀ ਕਾਲਜ ਹੁਸ਼ਿਆਰਪੁਰ ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਵੱਲੋਂ ਵਿਸ਼ੇਸ਼ ਬੁਲਾਰੇ ਵਜੋਂ ਪਹੁੰਚੇ। ਉਦਘਟਨੀ ਭਾਸ਼ਣ ਵਿੱਚ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨਰੂੜ ਪਾਂਸ਼ਟ ਦੇ ਚੇਅਪਰਸਨ ਸ. ਕਿਰਪਾਲ ਸਿੰਘ ਮਾਇਓਪੱਟੀ ਨੇ ਕਿਹਾ ਕਿ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਐਨ ਜੀ ਓ ਨੂੰ ਆਪਣਾ

ਬਣਦਾ ਯੋਗਦਾਨ ਪਾਉਂਣਾ ਚਾਹੀਦਾ ਹੈ। ਪ੍ਰੋ. ਅਵਤਾਰ ਸਿੰਘ ਜੀ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਨੌਜਵਾਨਾਂ ਦੇ ਨਸ਼ਿਆਂ ਵੱਲ ਜਾਣ ਦੇ ਆਰਥਿਕ ਅਤੇ ਮਾਨਸਿਕ ਕਾਰਨਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਮਿਸਿਜ ਵਿਭੂਤੀ ਸ਼ਰਮਾ ਅਰੋੜਾ ਪਹਿਲੇ ਟੈਕਨੀਕਲ ਸੈਸ਼ਨ ਵਿੱਚ ਬੋਲਦਿਆਂ ਨਸ਼ਿਆਂ ਦੀ ਰੋਕਥਾਮ, ਸੈਕਸੁਅਲ ਹਰਾਸ਼ਮੈਂਟ ਅਤੇ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੀਆਂ ਵੱਖ ਵੱਖ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸ਼੍ਰੀ ਜੀਤੇਦਰ ਰੰਜਨ ,ਡਾ. ਰੋਹਿਲ ਉਬਰਾਏ, ਤੇ ਅਮਰਿੰਦਰਪਾਲ ਸਿੰਘ ਸਿੱਧੂ ਕੋਚ ਸਾਹਿਬ ਨੇ ਕਾਲਜ ਵੱਲੋਂ ਲਗਾਈ ਗਈ ਇਸ ਵਰਕਸ਼ਾਪ ਨੂੰ ਸਾਰਥਿਕ ਦਸਿਆ ਅਤੇ ਰਾਸ਼ਟਰੀ ਮਹਿਲਾ ਕਮਿਸ਼ਨ, ਨਵੀਂ ਦਿੱਲੀ ਅਤੇ ਪੰਜਾਬ ਯੂਨਵਰਸਿਟੀ, ਚੰਡੀਗੜ੍ਹ ਖੁੱਲ੍ਹ ਕੇ ਪ੍ਰਸੰਸਾ ਕੀਤੀ ਗਈ। ਇਸ ਮੌਕੇ ਮੈਡਮ ਰਜਮੀਤ ਕੌਰ ਜੀ, ਪ੍ਰੋ. ਰਣਜੀਤ ਸਿੰਘ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ, ਪ੍ਰੋ. ਕੁਲਵਿੰਦਰ ਕੌਰ ਸਰਕਾਰੀ ਕਾਲਜ ਹੁਸ਼ਿਆਰਪੁਰ, ਪ੍ਰੋ. ਲਖਵਿੰਦਰ ਕੌਰ, ਪ੍ਰੋ. ਕੁਲਵੰਤ ਕੌਰ ਗੁਰੂ ਨਾਨਕ ਖ਼ਾਲਸਾ ਕਾਲਜ ਡਰੋਲੀ ਕਲਾਂ, ਐਡਵੋਕੇਟ ਜਸਵੰਤ ਸਿੰਘ ਫਗਵਾੜਾ, ਪ੍ਰੋ.ਅਮਰਜੀਤ ਸਿੰਘ ਦਿਹਾਣਾ, ਸਰਕਾਰੀ ਕਾਲਜ ਹੁਸ਼ਿਆਰਪੁਰ,ਸ੍ਰ. ਅਵਤਾਰ ਸਿੰਘ ਭੋਗਲ, ਸ੍ਰ. ਸੰਦੀਪ ਸਿੰਘ ਪਰਮਾਰ, ਸ੍ਰੀ ਸੰਦੀਪ ਭਾਰਦਵਾਜ, ਸ੍ਰੀ ਸੰਨੀ ਮਹਿਤਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਪ੍ਰਿੰਸੀਪਲ ਡਾ. ਗੁਰਨਾਮ ਸਿੰਘ ਰਸੂਲਪੁਰ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ । ਸਟੇਜ ਸੈਕਟਰੀ ਦੀ ਭੂਮਿਕਾ ਪ੍ਰੋ. ਅਮਰਪਾਲ ਕੌਰ ਨੇ ਨਿਭਾਈ।

ਸਰਕਾਰੀ ਸਕੂਲਾਂ 'ਚ ਹਰ ਸਹੂਲਤ ਉਪਲੱਬਧ, ਲੋਕ ਇਨ੍ਹਾਂ ਸਕੂਲਾਂ 'ਚ ਪੜ੍ਹਾਉਣ ਬੱਚੇ : ਡਾ. ਰਵਜੋਤ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵਲੋਂ ਸਰਕਾਰੀ ਸਕੂਲਾਂ 'ਚ ਸ਼ੁਰੂ ਕੀਤੀ ਦਾਖਲਾ ਮੁਹਿੰਮ ਦੀ ਇਥੇ ਸਰਕਾਰੀ ਐਲੀਮੈਂਟਰੀ ਸਕੂਲ, ਬਾਗਪੁਰ ਤੋਂ ਸ਼ੁਰੂਆਤ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਰਾਜ ਅੰਦਰ ਪਿਛਲੇ ਤਿੰਨ ਸਾਲਾਂ ਦੌਰਾਨ ਸਿੱਖਿਆ ਅਤੇ ਸਿਹਤ ਕ੍ਰਾਂਤੀ ਲਿਆਂਦੀ ਹੈ ਜਿਸ ਤਹਿਤ ਵਿਦਿਅਕ ਅਤੇ ਸਿਹਤ ਸੰਸਥਾਵਾਂ ਵਿਚ ਵੱਡੇ ਪੱਧਰ 'ਤੇ ਵਿਕਾਸ ਹੋਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੀ ਕਾਇਆਕਲਪ ਲਈ ਪਿਛਲੇ ਕੁਝ ਮਹੀਨਿਆਂ ਦੌਰਾਨ ਹੀ ਸਰਕਾਰ ਵਲੋਂ 40 ਕਰੋੜ ਰੁਪਏ ਤੋਂ ਵੱਧ ਦੇ ਫੰਡ ਮੁਹੱਈਆ ਕਰਵਾਏ ਗਏ ਹਨ ਜਿਸ ਨਾਲ ਆਉਂਦੇ ਸਮੇਂ ਵਿਚ ਸਕੂਲਾਂ ਦਾ ਹਰ ਪੱਖੋਂ ਵਿਕਾਸ ਨਜ਼ਰ ਆਵੇਗਾ। ਸਰਕਾਰੀ ਸਕੂਲਾਂ ਵਿਚ ਬੱਚਿਆਂ ਨੂੰ ਪੜ੍ਹਾਉਣ ਦਾ ਸੱਦਾ ਦਿੰਦਿਆਂ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਮੌਜੂਦਾ ਸਮੇਂ ਦੇ ਹਾਣੀ ਬਣਾਇਆ ਗਿਆ ਹੈ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਦੀ ਸਥਾਪਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦਾਖਲਾ ਮੁਹਿੰਮ ਦਾ ਮਕਸਦ ਬੱਚਿਆਂ ਨੂੰ

ਸਰਕਾਰੀ ਸਕੂਲਾਂ ਵਿਚ ਮਿਲ ਰਹੀਆਂ ਹਰ ਤਰ੍ਹਾਂ ਦੀਆਂ ਸਹੂਲਤਾਂ ਤੋਂ ਜਾਣੂ ਕਰਵਾ ਕੇ ਉਨ੍ਹਾਂ ਨੂੰ ਇਨ੍ਹਾਂ ਸਕੂਲਾਂ ਵਿਚ ਦਾਖਲ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸਦਕਾ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਸਿੰਘਾਪੁਰ ਅਤੇ ਫਿਨਲੈਂਡ ਵਰਗੇ ਮੁਲਕਾਂ ਵਿਚ ਟਰੇਨਿੰਗ ਦੁਆਈ ਗਈ ਹੈ ਜੋ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਬੇਹੱਦ ਲਾਹੇਵੰਦ ਰਹੇਗੀ। ਦਾਖਲਾ ਮੁਹਿੰਮ ਤਹਿਤ ਜਾਗਰੂਕਤਾ ਵੈਨ ਨੂੰ ਝੰਡੀ ਦੇ ਕੇ ਰਵਾਨਾ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿਚ ਸ਼ੁਰੂ ਹੋਈ ਦਾਖਲਾ ਮੁਹਿੰਮ ਤਹਿਤ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਟਾਫ਼ ਵਲੋਂ ਆਪੋ-ਆਪਣੇ ਖੇਤਰਾਂ ਵਿਚ ਦਾਖਲਿਆਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ।

ਸੇਂਟ ਸੋਲਜਰ ਗਰੁੱਪ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਜਲੰਧਰ (ਇਕਬਾਲ ਸਿੰਘ ਉਭੀ)- ਸੇਂਟ ਸੋਲਜਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਆਈਕੇਜੀ ਪੀਟੀਯੂ ਵਿੱਚ ਗਰੁੱਪ ਦਾ ਨਾਂਅ ਰੌਸ਼ਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਵੱਖ-ਵੱਖ ਕੋਰਸਾਂ ਵਿੱਚ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚੋਂ ਅਪਲਾਈਡ ਸਾਇੰਸ ਵਿਭਾਗ ਦੇ ਸ਼ਿਵਮ ਠਾਕੁਰ ਨੇ 8.45 ਸੀਜੀਪੀਏ, ਕੁਨਾਲ ਨੇ 8.10, ਹਰਸ਼ਿਤਾ ਨੇ ਬੀ.ਐਸ.ਸੀ. ਐਮ.ਐਲ.ਐਸ. ਵਿੱਚ 8.38, ਰਵਿੰਦਰ ਕੌਰ ਨੇ 8.19, ਸੁਜਾਤਾ ਦਾਸ ਨੇ 8.0, ਸ਼ੁਭਮ ਤਿਵਾੜੀ ਨੇ 8.44 ਸੀਜੀਪੀਏ, ਕੀਰਤੀ 8.24, ਮਨਸ਼ ਪ੍ਰੀਤ ਕੌਰ ਨੇ 8.02, ਹਰਸ਼ਿਤਾ ਬਾਵਾ ਨੇ 8.00, ਅਨੰਤ ਸਾਗਰ 8.00, ਚਾਰੂ ਸ਼ਰਮਾ 8.24, ਆਂਚਲ 8.05, ਰਿਤਿਕਾ 8.39, ਚਾਹਤ 8.13, ਵਿਕਾਸ 8.00, ਮਹੇਸ਼ ਕੁਮਾਰ 8.13, ਅੰਕਿਤ ਕੁਮਾਰ 8.0, ਸੰਜਨਾ 8.00, ਸੁਖਵਿੰਦਰ ਕੌਰ 8.00, ਨਰਿੰਦਰ ਪਾਲ 8.38, ਬੀਰੋ 8.00, ਆਂਚਲ 8.19, ਮਨਵੀਰ 8.25, ਮਨਿੰਦਰਜੀਤ 8.19 ਸੀਜੀਪੀਏ ਹਾਸਿਲ ਕੀਤੇ। ਜਦੋਂ ਕਿ ਬੀ.ਐਸ.ਸੀ. ਆਈ.ਟੀ., ਬੀ.ਵੋਕ., ਮਲਟੀਮੀਡੀਆ ਵਿੱਚ ਡੌਲੀ ਜੋਸ਼ੀ ਨੇ 8.16, ਕਮਲਪ੍ਰੀਤ ਨੇ 8.30, ਭੂਮਿਕਾ 8.05, ਮਨਵੀਰ ਕੌਰ ਨੇ 8.15, ਪਰਿਕਸ਼ਾ 8.05, ਪੂਜਾ ਦੇਵੀ ਨੇ 8.00, ਰਾਜਵੀਰ ਸਿੰਘ ਨੇ 8.04, ਤਵਲੀਨ ਕੌਰ ਨੇ 8.15 ਸੀਜੀਪੀਏ ਪ੍ਰਾਪਤ ਕੀਤੇ। ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਗਰੁੱਪ ਚੇਅਰਮੈਨ ਅਨਿਲ ਚੋਪੜਾ ਨੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ।

ਨਸ਼ਿਆਂ ਵਿਰੁੱਧ ਲੜਾਈ ਜਨਤਾ ਦੇ ਸਹਿਯੋਗ ਤੋਂ ਬਿਨਾਂ ਜਿੱਤਣੀ ਸੰਭਵ ਨਹੀਂ : ਬਲਤੇਜ ਪੰਨੂ

ਚੰਡੀਗੜ੍ਹ (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ ਦੇ ਆਗੂ ਬਲਤੇਜ ਪੰਨੂ ਨੇ ਕਿਹਾ ਕਿ ਇਸ ਸਮੇਂ ਪੰਜਾਬ ਨਸ਼ਿਆਂ ਵਿਰੁੱਧ ਸਰਬਪੱਖੀ ਲੜਾਈ ਲੜ ਰਿਹਾ ਹੈ। ਇਹ ਲੜਾਈ ਤੁਹਾਡੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੈ। ਇਹ ਜੰਗ ਸਿਰਫ ਕੁਝ ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਜਾਂ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਨ ਨਾਲ ਖਤਮ ਨਹੀਂ ਹੋਵੇਗੀ। ਇਸ ਲਈ ਹੋਰ ਕਦਮ ਚੁੱਕਣ ਦੀ ਲੋੜ ਹੈ। 'ਆਪ' ਆਗੂ ਨੇ ਕਿਹਾ ਕਿ ਪੁਲਸ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਯਕੀਨੀ ਤੌਰ 'ਤੇ ਲੋਕਾਂ 'ਚ ਭਰੋਸਾ ਪੈਦਾ ਕਰ ਰਹੀ

22-MAR-PAGE-10.qxd 3/21/2025 10:58 PM Page 1

ਮਾ. ਵਰਿੰਦਰ ਸੋਨੀ ਨੇ ਮਾਰਕਿਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ

ਭੀਖੀ (ਗੁਰਿੰਦਰ ਸਿੰਘ ਔਲਖ)-ਆਮ ਆਦਮੀ ਪਾਰਟੀ ਦੇ ਆਗੂ ਮਾ. ਵਰਿੰਦਰ ਸੋਨੀ ਨੇ ਮਾਰਕਿਟ ਕਮੇਟੀ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲ ਲਿਆ ਹੈ। ਭਾਵੇਂ ਚੇਅਰਮੈਨ ਵਜੋਂ ਉਨ੍ਹਾਂ ਦਾ ਐਲਾਨ ਕੁਝ ਸਮਾਂ ਪਹਿਲਾਂ ਕਰ ਦਿੱਤਾ ਸੀ, ਪਰ ਅੱਜ ਰਸਮੀ ਤੌਰ 'ਤੇ ਉਨ੍ਹਾਂ ਆਪਣਾ ਆਹੁਦਾ ਸੰਭਾਲਿਆ। ਅਹੁਦਾ ਸੰਭਾਲਣ ਤੋਂ ਪਹਿਲਾਂ ਇੱਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ, ਜਿਸ 'ਚ ਵੱਡੀ ਗਿਣਤੀ 'ਚ ਪਾਰਟੀ ਵਰਕਰਾਂ ਤੇ ਕਸਬੇ ਦੇ ਪਤਵੰਤਿਆਂ ਨੂੰ ਸੱਦਾ ਦਿੱਤਾ ਗਿਆ। ਸਮਾਗਮ ਦੌਰਾਨ ਬੋਲਦਿਆਂ ਹਲਕਾ ਵਿਧਾਇਕ ਡਾ. ਵਿਜੈ ਕੁਮਾਰ ਸਿੰਗਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਮਿਹਨਤੀ ਵਰਕਰਾਂ ਦੀ ਕਦਰ ਕੀਤੀ ਹੈ, ਨਾ ਕਿ ਆਰਥਿਕ ਤੌਰ 'ਤੇ ਵੱਡਾ-ਛੋਟਾ ਦੇਖ ਕੇ ਜਿਸ ਤਹਿਤ ਪਾਰਟੀ ਦੇ ਇਮਾਨਦਾਰ ਵਰਕਰ ਮਾ. ਵਰਿੰਦਰ ਸੋਨੀ ਨੂੰ ਉਸਦੇ ਕੰਮ ਦੇਖ ਕੇ ਇਸ ਆਹੁਦੇ ਲਈ ਚੁਣਿਆ ਗਿਆ। ਇਸ ਮੌਕੇ ਪੀ.ਐੱਸ.ਪੀ.ਸੀ. ਐੱਲ, ਦੇ ਚੇਅਰਮੈਨ ਨੇਮ ਚੰਦ ਚੌਧਰੀ, ਮਾਰਕਿਟ ਕਮੇਟੀ ਮਾਨਸਾ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਤੇ ਪਾਰਟੀ ਦੇ ਹੋਰ ਸੀਨੀਅਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਹੀ ਹੈ, ਜਿਸ ਨੇ ਆਮ ਘਰਾਂ ਤੇ ਮਿਹਨਤੀ ਨੌਜਵਾਨਾਂ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਤੇ ਉੱਚ ਅਹੁਦਿਆ ਨਾਲ ਸਨਮਾਨਿਆ।

ਕਿਸਾਨਾਂ ਨਾਲ ਧੱਕੇਸ਼ਾਹੀ ਦੀ ਨਿੰਦਾ

ਮਾਨਸਾ (ਆਤਮਾ ਸਿੰਘ ਪਮਾਰ)-ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਤੇ ਮਜ਼ਦੂਰ ਮੁਕਤੀ ਮੋਰਚਾ ਦੀ ਮੀਟਿੰਗ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ।ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਕਾ. ਨਛੱਤਰ ਸਿੰਘ ਖੀਵਾ ਤੇ ਮਜ਼ਦੂਰ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਕਾ. ਬਲਵਿੰਦਰ ਸਿੰਘ ਘਰਾਗਣਾਂ ਨੇ ਸ਼ੰਭੂ ਤੇ ਖਨੌਰੀ ਬਾਰਡਰਾਂ ਤੇ ਪੰਜਾਬ ਪੁਲਸ ਵੱਲੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨਾਲ ਕੀਤੀ ਧੱਕੇਸ਼ਾਹੀ ਤੇ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਆਗੂਆਂ ਨੇ ਕਿਹਾ ਕਿ ਕਿਸਾਨਾਂ ਦਾ ਅੰਦੋਲਨ ਕੇਂਦਰ ਸਰਕਾਰ ਨਾਲ ਲਗਾਤਾਰ ਸ਼ਾਂਤਮਈ ਤਰੀਕੇ ਨਾਲ ਚੱਲ ਰਿਹਾ ਸੀ, ਜਿਸ ਦਾ ਹੱਲ ਗੱਲਬਾਤ ਰਾਹੀਂ ਕੱਢਿਆ ਜਾਣਾ ਚਾਹੀਦਾ ਸੀ, ਪ੍ਰੰਤੂ ਪੰਜਾਬ ਸਰਕਾਰ ਨੇ ਜਾਬਰ ਤਰੀਕੇ ਨਾਲ ਇਸ ਅੰਦੋਲਨ ਨੂੰ ਕੁਚਲਣ ਦੀ ਕੋਸ਼ਿਸ਼ ਕੀਤੀ ਹੈ। ਇਸ ਨਾਲ ਆਮ ਲੋਕਾਂ 'ਚ ਬਹੁਤ ਜ਼ਿਆਦਾ ਗੁੱਸੇ ਤੇ ਰੋਸ ਦੀ ਲਹਿਰ ਪਾਈ ਜਾ ਰਹੀ ਹੈ।

ਮਾਡਰਨ ਕਾਲਜ 'ਚ ਮੁਢਲੀ ਸਹਾਇਤਾ ਸੰਬੰਧੀ ਸੈਮੀਨਾਰ

ਚੀਮਾ ਮੰਡੀ (ਰਵਿੰਦਰ ਚੀਮਾ)-ਮਾਡਰਨ ਗਰੁੱਪ ਆਫ ਕਾਲਜ ਬੀਰ ਕਲਾਂ ਵਿਖੇ ਮੁੱਢਲੀ ਸਹਾਇਤਾ ਵਿਸ਼ੇ 'ਤੇ ਇੱਕ ਸੈਮੀਨਾਰ ਕਵਾਇਆ ਗਿਆ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਬੀ ਕੇ ਰਾਏ ਦੀ ਅਗਵਾਈ ਹੇਠ ਸੈਮੀਨਾਰ ਕਰਾਇਆ ਗਿਆ। ਸਮਾਗਮ ਵਿੱਚ ਜੀਰਕਪੁਰ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰ ਜਗਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਐਮਰਜੈਂਸੀ ਸਥਿਤੀਆਂ ਨਾਲ ਨਿਪਟਣ ਲਈ ਵਡਮੁੱਲੀ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸੀਪੀਆਰ ਸੱਪ ਦੇ ਕੱਟਣ ਸੜਕ ਦੁਰਘਟਨਾ ਅਧਰੰਗ ਦਿਲ ਦਾ ਦੌਰਾ ਮਿਰਗੀ ਦਾ ਦੌਰਾ ਅਤੇ ਸ਼ੂਗਰ ਅਟੈਕ ਸਮੇਂ ਪੈਦਾ ਹੋਈ ਐਮਰਜੈਂਸੀ ਹਾਲਤਾਂ ਨਾਲ ਨਿਪਟਣ ਲਈ ਮੁਢਲੀ ਸਹਾਇਤਾ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਅਜਿਹੀ ਐਮਰਜੈਂਸੀ ਸਥਿਤੀ ਨਾਲ ਨਿਪਟਣ ਲਈ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਸਬੰਧੀ ਵੱਖ-ਵੱਖ ਸਮੇਂ ਤੇ ਅਜਿਹੇ ਸੈਮੀਨਾਰਾਂ ਦਾ ਅਯੋਜਨ ਕੀਤਾ ਜਾਂਦਾ ਹੈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸਰਕਾਰ ਕਿਸਾਨਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾ ਰਹੀ : ਪਾਲਮਾਜਰਾ, ਢੀਂਡਸਾ, ਭਰਥਲਾ



ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ, ਮਨਜੀਤ ਸਿੰਘ ਢੀਂਡਸਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਤੇ ਹਰਦੀਪ ਸਿੰਘ ਭਰਥਲਾ ਮੀਤ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਨੇ ਗੈਰ ਰਾਜਨੀਤਿਕ ਮੋਰਚੇ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ, ਸ਼ੰਭੂ ਤੇ ਖਨੌਰੀ ਬਾਰਡਰਾਂ ਨੂੰ ਖਾਲੀ ਕਰਾਉਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਗੱਲ ਸੁਣਨ ਦੀ ਬਜਾਏ ਉਨ੍ਹਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾ ਰਹੀ ਹੈ।ਕਿਸਾਨ ਆਗੂਆਂ ਨੂੰ ਗੱਲਬਾਤ ਦੇ ਬਹਾਨੇ ਸੱਦ ਕੇ ਵਿਸ਼ਵਾਸਘਾਤ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਵੱਲੋਂ ਹਾਈਵੇਅ ਬੰਦ ਕਰਕੇ ਲੋਕਾਂ ਵਾਸਤੇ ਮੁਸੀਬਤ ਖੜੀ ਕਰਨ ਦਾ ਬਹਾਨਾ ਲਾਇਆ ਜਦਕਿ ਹਾਈਵੇਅ ਕਿਸਾਨਾਂ ਨੇ ਨਹੀਂ, ਸਗੋਂ ਹਰਿਆਣਾ ਸਰਕਾਰ ਨੇ ਬੈਰੀਕੇਡ ਲਾ ਕੇ ਰੋਕਿਆ ਗਿਆ ਹੈ।ਉਨ੍ਹਾਂ ਕਿਹਾ ਕਿ ਕਿਸਾਨ ਦਿੱਲੀ ਜਾ ਕੇ ਕੇਂਦਰ ਨਾਲ ਗੱਲ ਕਰਨ ਨੂੰ ਤਿਆਰ ਸਨ, ਪਰ ਸਰਕਾਰਾਂ ਨੇ ਕਿਸਾਨਾਂ ਨੂੰ ਦਿੱਲੀ ਨਹੀਂ ਜਾਣ ਦਿੱਤਾ।ਉਨ੍ਹਾਂ ਅੱਗੇ ਕਿਹਾ ਕਿ ਇਹ ਗੱਲ ਮਾਨਯੋਗ ਹਾਈ ਕੋਰਟ ਨੇ ਵੀ ਸਾਬਤ ਕੀਤੀ ਸੀ ਕਿ ਰਸਤਾ ਬੰਦ ਸਰਕਾਰ ਨੇ ਕੀਤਾ ਹੈ।ਇਸ ਨੂੰ ਖੋਲ੍ਹਣ ਦਾ ਆਦੇਸ਼ ਵੀ ਦਿੱਤਾ ਸੀ, ਨਾ ਕਿ ਕਿਸਾਨ ਉੱਪਰ ਜਬਰ ਜ਼ੁਲਮ ਢਾਹੁਣ ਲਈ ਕਿਹਾ ਸੀ।ਪੰਜਾਬ ਸਰਕਾਰ ਜੋ ਕੇਂਦਰ ਦੇ ਇਸ਼ਾਰਿਆਂ ਉੱਤੇ ਕੰਮ ਕਰਨ ਲੱਗੀ ਹੋਈ ਹੈ, ਕਿੰਨੇ ਕੁ ਕਿਸਾਨਾਂ ਨੂੰ ਜੇਲ੍ਹਾਂ ਵਿੱਚ ਡੱਕ ਦੇਵੇਗੀ, ਪੰਜਾਬ ਦੇ ਕਿਸਾਨ ਸਰਕਾਰ ਦੇ ਜਬਰ ਅੱਗੇ ਨਹੀਂ ਝੁਕਣਗੇ, ਸਗੋਂ ਹੋਰ ਬੁਲੰਦ ਹੋ ਕੇ ਆਪਣੀ ਹੱਕਾਂ ਲਈ ਸੰਘਰਸ਼ ਕਰਨਗੇ।

ਰੁਪਿੰਦਰ ਕੌਰ ਨੇ ਯੂਨੀਵਰਸਿਟੀ 'ਚੋਂ ਪੰਜਵਾਂ ਸਥਾਨ ਹਾਸਲ ਕੀਤਾ

ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਏ. ਐੱਸ. ਕਾਲਜ ਖੰਨਾ ਦੇ ਐੱਮ ਐੱਸਸੀ ਕੈਮਿਸਟਰੀ ਦੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੇ ਇਮਤਿਹਾਨ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਕਾਲਜ ਦੀ ਰੁਪਿੰਦਰ ਕੌਰ ਨੇ ਪਹਿਲੇ ਸਮੈਸਟਰ ਦੀ ਪ੍ਰੀਖਿਆ ਵਿੱਚ 80.2 ਫੀਸਦੀ ਅੰਕ ਲੈ ਕੇ ਪੰਜਾਬ ਯੂਨੀਵਰਸਿਟੀ ਵਿੱਚੋਂ 5ਵਾਂ ਸਥਾਨ ਹਾਸਲ ਕਰਕੇ ਕਾਲਜ ਦਾ ਨਾਂ ਰੌਸ਼ਨ ਕੀਤਾ ਹੈ। ਕਾਲਜ ਪ੍ਰਿੰਸੀਪਲ ਡਾ. ਕੇ. ਕੇ. ਸ਼ਰਮਾ ਨੇ ਇਸ ਸ਼ਾਨਦਾਰ ਮੌਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਤੇ ਵਿਭਾਗ ਦੇ ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ।ਉਨ੍ਹਾਂ ਵਿਭਾਗ ਦੀ ਜੀਵੰਤਤਾ ਤੇ ਲਗਾਤਾਰ ਪ੍ਰਾਪਤੀਆਂ ਲਈ ਪ੍ਰਸੰਸਾ ਕੀਤੀ।ਕਾਲਜ ਸਕੱਤਰ ਸ੍ਰੀ ਅਜੇ ਸੂਦ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਭਾਗ ਦੇ ਫੈਕਲਟੀ ਮੈਂਬਰਾਂ, ਮਾਪਿਆਂ ਤੇ ਵਿਦਿਆਰਥੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ। ਕੈਮਿਸਟਰੀ ਵਿਭਾਗ ਦੇ ਮੁਖੀ ਪ੍ਰੋ. ਰਵਿੰਦਰਜੀਤ ਸਿੰਘ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਰੁਪਿੰਦਰ ਕੌਰ 80.2 ਫ਼ੀਸਦੀ ਅੰਕ ਲੈ ਕੇ ਕਾਲਜ ਵਿੱਚੋਂ ਪਹਿਲੇ, ਕੋਮਲਪ੍ਰੀਤ ਕੌਰ 72.2 ਫ਼ੀਸਦੀ ਅੰਕ ਲੈ ਕੇ ਦੂਜੇ ਤੇ ਨਵਪ੍ਰੀਤ ਕੌਰ 71.6 ਫ਼ੀਸਦੀ ਅੰਕ ਲੈ ਕੇ ਤੀਜੇ ਸਥਾਨ 'ਤੇ ਰਹੀ।ਉਨ੍ਹਾਂ ਵਿਭਾਗ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਆਪਣੀ ਬਿਹਤਰ ਕਾਰਗੁਜ਼ਾਰੀ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।ਪ੍ਰਬੰਧਕੀ ਕਮੇਟੀ ਦੇ ਚੇਅਰਮੈਨ ਵਿਜੇ ਹੀਰਾ, ਉਪ-ਚੇਅਰਮੈਨ ਜਤਿੰਦਰ ਦੇਵਗਨ, ਜਨਰਲ ਸਕੱਤਰ ਰਾਜੇਸ਼ ਡਾਲੀ, ਇੰਟਰਨਲ ਆਡੀਟਰ ਤੇ ਖਜ਼ਾਨਚੀ ਸੰਜੀਵ ਧਮੀਜਾ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਭਾਗ, ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ।

ਸੰਤ ਬਾਬਾ ਗੁਰਦੀਪ ਸਿੰਘ ਵੱਲੋਂ ਸੰਗਤਾਂ ਦਾ ਧੰਨਵਾਦ

ਬਾਘਾ ਪੁਰਾਣਾ (ਮਨੀ ਸਿੰਗਲਾ)-ਉਤਰੀ ਭਾਰਤ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਵਿਖੇ ਹਰ ਸਾਲ ਦੀ ਤਰ੍ਹਾਂ ਮਨਾਏ ਗਏ ਸਾਲਾਨਾ ਸ਼ਹੀਦੀ ਜੋੜ ਮੇਲੇ 'ਤੇ ਜੋ ਦੇਸ਼ਾਂ ਵਿਦੇਸ਼ਾਂ ਵਿੱਚੋਂ ਤੇ ਭਾਰਤ ਦੇ ਕੋਨੇ ਕੋਨੇ ਤੋਂ ਸੰਗਤਾਂ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀਆਂ, ਉਨ੍ਹਾਂ ਦੇ ਪ੍ਰਬੰਧਾਂ ਵਾਸਤੇ ਇਸ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਵੱਲੋਂ ਸਮੂਹ ਸੇਵਾਦਾਰਾਂ ਦੇ ਸਹਿਯੋਗ ਨਾਲ ਸੰਗਤਾਂ ਦੇ ਵਹੀਕਲਾਂ ਵਾਸਤੇ ਪਾਰਕਿੰਗ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਲਾਗਲੇ ਪਿੰਡਾਂ ਦੇ ਨੌਜਵਾਨ ਤੇ ਸੇਵਾਦਾਰਾਂ ਨੇ ਵਧੀਆ ਜ਼ਿੰਮੇਵਾਰੀ ਨਿਭਾਈ। ਵੱਖ ਵੱਖ ਪਿੰਡਾਂ ਦੀਆਂ ਸੰਗਤਾਂ ਵੱਲੋਂ ਛਬੀਲਾਂ, ਚਾਹ, ਪਕੌੜੇ, ਜਲੇਬੀਆਂ ਤੇ ਹੋਰ ਪਦਾਰਥਾਂ ਦੇ ਲੰਗਰ ਲਾਏ ਗਏ। ਸੇਵਾਦਾਰਾਂ ਨੇ ਥਾਂ ਥਾਂ ਡਿਊਟੀਆਂ ਨਿਭਾਈਆਂ। ਉਨ੍ਹਾਂ ਸਾਰੇ ਸੇਵਾਦਾਰਾਂ, ਨੌਜਵਾਨਾਂ ਤੇ ਲੰਗਰ ਲਾਉਣ ਵਾਲੀਆਂ ਕਮੇਟੀਆਂ ਦਾ ਅਤੇ ਵੱਖ ਵੱਖ ਪਿੰਡਾਂ ਤੋਂ ਪਹੁੰਚੀਆਂ ਸੰਗਤਾਂ ਦਾ ਸੰਤ ਬਾਬਾ ਗੁਰਦੀਪ ਸਿੰਘ ਨੇ ਵਿਸ਼ੇਸ਼ ਧੰਨਵਾਦ ਕੀਤਾ।

ਬੀ ਏ ਸਮੈਸਟਰ ਪੰਜਵੇਂ ਦਾ ਨਤੀਜਾ ਸ਼ਾਨਦਾਰ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ, ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ ਏ ਸਮੈਸਟਰ ਪੰਜਵੇਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਵਿਦਿਆਰਥਣ ਗੁਰਲੀਨ ਕੌਰ ਤੇ ਸੁਖਵੀਰ ਕੌਰ 80.5 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਪ੍ਰਭਜੋਤ ਕੌਰ ਨੇ 77.7 ਫੀਸਦੀ ਅੰਕ ਹਾਸਲ ਕਰਕੇ ਦੂਸਰਾ ਤੇ ਸੰਦੀਪ ਕੌਰ ਨੇ 77.1 ਫੀਸਦੀ ਅੰਕ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਤੇ ਸਟਾਫ਼ ਮੈਂਬਰ, ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ੍ਹ, ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।

ਕਰਨਲ ਨਾਲ ਦੁਰਵਿਹਾਰ ਕਰਨ ਵਾਲਿਆਂ ਵਿਰੁੱਧ ਕਾਰਵਾਈ ਸੰਬੰਧੀ ਤਹਿਸੀਲਦਾਰ ਨੂੰ ਮੰਗ ਪੱਤਰ ਸੌਂਪਿਆ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)

ਗਿੱਦੜਬਾਹਾ ਦੇ ਸਾਬਕਾ ਸੈਨਿਕਾਂ ਨੇ ਤਹਿਸੀਲਦਾਰ ਗੁਰਪ੍ਰੀਤ ਸਿੰਘ ਨੂੰ 13-14 ਦੀ ਦਰਮਿਆਨੀ ਰਾਤ ਨੂੰ ਪਟਿਆਲਾ ਦੇ ਕਰਨਲ ਪੁਸ਼ਪਿੰਦਰ ਸਿੰਘ ਬਾਠ ਤੇ ਉਨ੍ਹਾਂ ਦੇ ਪੁੱਤਰ 'ਤੇ ਪੰਜਾਬ ਪੁਲਸ ਦੁਆਰਾ ਕੀਤੇ ਗਏ ਹਮਲੇ ਲਈ ਇਨਸਾਫ ਨਾ ਮਿਲਣ 'ਤੇ ਇੱਕ ਰੋਸ ਮੰਗ ਪੱਤਰ ਸੌਂਪਿਆ।ਇਸ ਦੌਰਾਨ ਅਵਤਾਰ ਸਿੰਘ ਫੱਕਰਸਰ ਨੇ ਦੱਸਿਆ ਕਿ ਹਾਲ ਹੀ ਵਿੱਚ ਫੌਜ ਦੇ ਕਰਨਲ ਪੁਸ਼ਪਿੰਦਰ ਸਿੰਘ ਬਾਠ, ਜੋ ਇਸ ਸਮੇਂ ਭਾਰਤੀ ਫੌਜ ਵਿੱਚ ਸੇਵਾ ਨਿਭਾਅ ਰਹੇ ਹਨ।ਇਸ ਦੌਰਾਨ ਉਸ ਦਾ ਪੁੱਤਰ ਵੀ ਉਸ ਦੇ ਨਾਲ ਸੀ।ਉਨ੍ਹਾਂ ਕਿਹਾ ਕਿ ਕਾਰ ਪਾਰਕਿੰਗ ਦੇ ਮੁੱਦੇ 'ਤੇ ਪਟਿਆਲਾ ਪੁਲਸ ਦੇ ਕੁਝ ਕਰਮਚਾਰੀਆਂ ਨੇ ਉਨ੍ਹਾਂ ਨਾਲ ਗੈਰ-ਸੰਵਿਧਾਨਕ ਤੌਰ 'ਤੇ ਦੁਰਵਿਹਾਰ ਕੀਤਾ, ਜੋ ਬਹੁਤ ਹੀ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਕਰਨਲ ਦੇ ਪਰਿਵਾਰ ਨੇ ਆਜ਼ਾਦੀ ਦੇ ਸਮੇਂ ਮਹੱਤਵਪੂਰਨ ਯੋਗਦਾਨ ਪਾਇਆ ਸੀ।ਇਸ ਦੌਰਾਨ ਉਮੀਦ ਐੱਨਜੀਓ ਦੇ ਪ੍ਰਧਾਨ ਐਡਵੋਕੇਟ ਨਰਾਇਣ ਸਿੰਗਲਾ ਤੇ ਐਡਵੋਕੇਟ ਜਨਜਿੰਦਰ ਸਿੰਘ ਜੋਨੀ ਨੇ ਕਿਹਾ ਕਿ ਜੇਕਰ ਸਰਹੱਦਾਂ 'ਤੇ ਸਾਡੀ ਜਾਨ-ਮਾਲ ਦੀ ਰਾਖੀ ਕਰਨ ਵਾਲਿਆਂ 'ਤੇ ਅਜਿਹੇ ਅੱਤਿਆਚਾਰ ਕੀਤੇ ਜਾ ਰਹੇ ਹਨ, ਤਾਂ ਸਾਡੇ ਦੁਸ਼ਮਣਾਂ ਨੂੰ ਹੱਲਾਸ਼ੇਰੀ ਮਿਲੇਗੀ।ਇਸ ਦੌਰਾਨ ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।ਇਸ ਮੌਕੇ ਅਵਤਾਰ ਸਿੰਘ ਫੱਕਰਸਰ, ਕ੍ਰਿਪਾਲ ਸਿ

22-March-11-Page-Majha-2025.qxd 3/21/2025 11:19 PM Page 1

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਣਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ ਜਾਰੀ

ਦੀਨਾਨਗਰ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਅਣਅਧਿਕਾਰਤ ਕਾਲੋਨੀਆਂ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ।

ਇਸੇ ਕੜੀ ਤਹਿਤ ਅੱਜ ਗੁਰਜਿੰਦਰ ਸਿੰਘ ਸਰੋਆ, ਡਿਊਟੀ ਮੈਜਿਸਟਰੇਟ ਦੀ ਨਿਗਰਾਨੀ ਹੇਠ ਪੁਨੀਤ ਡਿਗਰਾ, ਸਹਾਇਕ ਨਗਰ ਯੋਜਨਾਕਾਰ, ਦਵਿੰਦਰਪਾਲ ਸਿੰਘ ਜੂਨੀਅਰ ਇੰਜੀਨੀਅਰ ਅਤੇ ਜ਼ਿਲ੍ਹਾ ਪ੍ਰਸ਼ਾਸਨ/ਰੈਗੂਲੇਟਰੀ ਦੀ ਸਾਂਝੀ ਟੀਮ ਵੱਲੋਂ ਪਾਪਰਾ ਐਕਟ 1995 ਦੀ ਉਲੰਘਣਾ ਕਰਦੇ ਹੋਏ ਦੀਨਾਨਗਰ ਦੇ ਪਿੰਡ ਅਵਾਂਖਾ ਵਿਖੇ ਹੋਂਦ ਵਿੱਚ ਆਈ ਅਣਅਧਿਕਾਰਤ ਕਲੋਨੀ ਨੂੰ ਢਾਹ ਦਿੱਤਾ ਗਿਆ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਨ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੀਨਾਨਗਰ ਦੇ ਪਿੰਡ ਅਵਾਂਖਾ ਵਿਖੇ ਵਿਕਸਿਤ ਕੀਤੀ ਗਈ ਅਣਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਕੇ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣਅਧਿਕਾਰਤ ਕਾਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ

ਉਡਾਈਆਂ ਜਾ ਰਹੀਆਂ ਹਨ।ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਅਣਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲ੍ਹਾ ਗੁਰਦਾਸਪੁਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈੱਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫ਼ਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਇਸ ਮੌਕੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਬੇਦੀ ਨੇ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਸਰਕਾਰ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਨਾ ਖ਼ਰੀਦਣ ਅਤੇ ਕਿਸੇ ਵੀ ਕਲੋਨੀ ਵਿੱਚ ਪਲਾਟ ਖ਼ਰੀਦਣ ਤੋਂ ਪਹਿਲਾਂ ਸਰਕਾਰ ਦੀ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ-ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਨੇ ਕਿਹਾ ਕਿ ਪੁੱਡਾ ਦੇ ਖੇਤਰ ਵਿੱਚ 19 ਮਾਰਚ 2018 ਤੋਂ ਪਹਿਲਾਂ ਦੀਆਂ ਜੋ ਵੀ ਅਣਅਧਿਕਾਰਤ ਕਲੋਨੀਆਂ ਅਪਲਾਈਡ ਹਨ, ਉਹ ਕਲੋਨਾਈਜ਼ਰ ਲੋੜੀਂਦੇ ਦਸਤਾਵੇਜ਼ ਜਮਾਂ ਕਰਵਾਉਂਦੇ ਹੋਏ ਤੁਰੰਤ ਆਪਣੀਆਂ ਕਲੋਨੀਆਂ ਨੂੰ ਰੈਗੂਲਰ ਕਰਵਾਉਣ ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਕਲੋਨਾਈਜ਼ਰ/ ਪ੍ਰਮੋਟਰ ਵਿਭਾਗ ਦੀ ਝਿਨਾਂ ਪ੍ਰਵਾਨਗੀ ਲਏ ਕੋਈ ਉਸਾਰੀ ਕਰਦਾ ਹੈ ਤਾਂ ਉਨ੍ਹਾਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਸਰਕਾਰੀ ਕੰਮ 'ਚ ਅੜਚਨ, ਕੁੱਟਮਾਰ ਤੇ ਰਿਵਾਲਰ ਦਿਖਾਉਣ 'ਤੇ 7 ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਬਹਾਦਰ ਵਿਖੇ ਬੀ.ਡੀ.ਪੀ.ਓ. ਦੇ ਦਿਸ਼ਾ ਨਿਰਦੇਸ਼ਾਂ ਤਹਿਤ ਗਲੀ ਬਣਾਉਣ ਦਾ ਕੰਮ ਚੱਲ ਰਿਹਾ ਸੀ, ਜਿਸ ਦਾ ਠੇਕਾ ਰਮਨਦੀਪ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਨਵਾਂ ਪਿੰਡ ਬਹਾਦਰ ਨੇ ਲਿਆ ਹੋਇਆ ਸੀ ਅਤੇ 19 ਮਾਰਚ ਨੂੰ ਬਲਵੀਰ ਸਿੰਘ, ਲਖਵੀਰ ਸਿੰਘ ਪੁਤਰਾਨ ਪ੍ਰੀਤਮ ਸਿੰਘ, ਹਰਭਜਨ ਸਿੰਘ, ਬਲਦੇਵ ਸਿੰਘ ਪੁੱਤਰ ਬਹਾਦਰ ਸਿੰਘ, ਕਪੂਰ ਸਿੰਘ ਪੁੱਤਰ ਬੰਤਾ ਸਿੰਘ ਅਤੇ ਸਵਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਨਵਾਂ ਪਿੰਡ ਬਹਾਦਰ ਨੇ ਠੇਕੇਦਾਰ ਨਾਲ ਬਹਿਸਬਾਜ਼ੀ ਸ਼ੁਰੂ ਕਰ ਦਿੱਤੀ। ਇਸੇ ਦੌਰਾਨ ਮੌਜੂਦਾ ਪੰਚਾਇਤ ਮੌਕੇ 'ਤੇ ਆ ਗਈ ਅਤੇ ਉਕਤ ਵਿਅਕਤੀਆਂ ਨੂੰ ਗਲੀ ਬਣਾਉਣ ਲਈ ਮਿਲੀ ਇਜਾਜ਼ਤ ਦੇ ਕਾਗਜ਼ ਵੀ ਵਿਖਾਏ ਗਏ ਪਰ ਉਹ ਮੌਕੇ ਤੋਂ ਚਲੇ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ.ਐਸ.ਆਈ. ਗੁਰਨਾਮ ਸਿੰਘ ਨੇ ਕਿਹਾ ਕਿ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਰਮਨਦੀਪ ਸਿੰਘ ਨੇ ਦੱਸਿਆ ਕਿ ਉਹ ਸ਼ਾਮ 20 ਮਾਰਚ ਨੂੰ 8 ਵਜੇ ਦੇ ਕਰੀਬ ਆਪਣੇ ਮੋਟਰਸਾਈਕਲ 'ਤੇ ਨਵਾਂ ਸ਼ਾਲਾ ਨੂੰ ਜਾ ਰਿਹਾ ਸੀ ਕਿ ਰਸਤੇ ਵਿਚ ਬਲਵੀਰ ਸਿੰਘ ਨੇ ਉਸ ਨੂੰ ਆਵਾਜ਼ ਮਾਰ ਕੇ ਰੋਕ ਲਿਆ, ਜਿਸ ਦੇ ਹੱਥ ਵਿਚ ਪਿਸਟਲ ਸੀ ਅਤੇ ਮੌਕੇ 'ਤੇ ਧਮਕੀ ਦਿੱਤੀ। ਇਸੇ ਦੌਰਾਨ ਬਾਕੀ ਵਿਅਕਤੀਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਪੀੜਤ ਨੂੰ ਜ਼ਖਮੀ ਕਰ ਦਿੱਤਾ ਜੋ ਇਸ ਸਮੇਂ ਸਿਵਲ ਹਸਪਤਾਲ ਬਬਰੀ ਵਿਖੇ ਜ਼ੇਰੇ ਇਲਾਜ ਹੈ। ਸ਼ਾਲਾ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਪਰ ਅਜੇ ਤੀਕ ਪੁਲਸ ਕਿਸੇ ਵੀ ਵਿਅਕਤੀ ਨੂੰ ਗ੍ਰਿਫ਼ਤਾਰ ਨਹੀਂ ਕਰ ਸਕੀ।

ਮਿਲਾਪੜੇ ਸੁਭਾਅ ਦੇ ਮਾਲਕ ਸਨ ਸਾਬਕਾ ਬੈਂਕ ਮੈਨੇਜਰ ਸੁਰਜੀਤ ਸਿੰਘ ਬੇਦੀ

ਭੋਗ 'ਤੇ ਵਿਸ਼ੇਸ਼

ਡੇਰਾ ਬਾਬਾ ਨਾਨਕ- ਮਿੱਠ ਬੋਲੜੇ ਤੇ ਨਿੱਘੇ ਸੁਭਾਅ ਦੇ ਮਾਲਕ ਗਰੀਬ ਪਰਵਾਰਾਂ ਦੇ ਮਸੀਹਾ ਕਹੇ ਜਾਣ ਵਾਲੇ ਸਾਬਕਾ ਬੈਂਕ ਮੈਨੇਜਰ ਅਤੇ (ਅਵਤਾਰ ਸਿੰਘ ਬੇਦੀ ਐਂਡ ਸੰਨਜ਼) ਫਰਮ ਦੇ ਮੁਖੀ ਸੁਰਜੀਤ ਸਿੰਘ ਬੇਦੀ ਦਾ ਜਨਮ 4 ਨਵੰਬਰ 1952 ਨੂੰ ਮਾਤਾ ਸ੍ਰੀਮਤੀ ਇੰਦਰਾ ਵੰਤੀ ਦੀ ਕੁੱਖੋਂ ਅਤੇ ਪਿਤਾ ਉੱਘੇ ਕਾਰੋਬਾਰੀ (ਕਰਿਆਨੇ ਦੇ ਥੋਕ ਵਿਕਰੇਤਾ) ਸਵਰਗਵਾਸੀ ਬਾਬਾ ਅਵਤਾਰ ਸਿੰਘ ਬੇਦੀ ਦੇ ਗ੍ਰਹਿ ਜ਼ਿਲ੍ਹਾ ਗੁਰਦਾਸਪੁਰ ਦੇ ਕਸਬਾ ਡੇਰਾ ਬਾਬਾ ਨਾਨਕ ਵਿਖੇ ਹੋਇਆ। ਮੁੱਢਲੀ ਸਿੱਖਿਆ ਡੇਰਾ ਬਾਬਾ ਨਾਨਕ ਤੋਂ ਸ਼ੁਰੂ ਕਰਨ ਉਪਰੰਤ ਹਾਇਰ ਸੈਕੈਂਡਰੀ ਦੀ ਪੜ੍ਹਾਈ ਵੀ ਸੰਨ 1973 ਵਿੱਚ ਡੇਨ ਹਾਈ ਸਕੂਲ ਡੇਰਾ ਬਾਬਾ ਨਾਨਕ ਅਤੇ ਗ੍ਰੈਜੂਏਸ਼ਨ ਦੀ ਪੜ੍ਹਾਈ ਸੰਨ 1976 ਵਿੱਚ ਗੁਰੂ ਨਾਨਕ ਕਾਲਜ ਬਟਾਲਾ ਤੋਂ ਕੀਤੀ। ਇਸ ਉਪਰੰਤ ਆਪ ਨੂੰ ਸੰਨ 1976 ਵਿੱਚ ਪੰਜਾਬ ਐਂਡ ਸਿੰਧ ਬੈਂਕ ਬਟਾਲਾ ਵਿਖੇ ਬਤੌਰ ਕੈਸ਼ੀਅਰ ਦੀ ਸਰਕਾਰੀ ਨੌਕਰੀ ਮਿਲ ਗਈ। ਐਮ ਏ ਦੀ ਪੜ੍ਹਾਈ ਦੇ ਨਾਲ-ਨਾਲ ਸੰਨ 1978 ਵਿੱਚ ਆਪ ਦਾ ਵਿਆਹ ਬਟਾਲਾ ਦੇ ਨਜ਼ਦੀਕ ਕਸਬਾ ਕਾਦੀਆਂ ਦੇ ਰਹਿਣ ਵਾਲੇ ਅਮਰਜੀਤ ਸਿੰਘ ਦੀ ਸਪੁੱਤਰੀ ਬੀਬੀ ਵਰਿੰਦਰ ਕੌਰ ਨਾਲ ਹੋਇਆ। ਸੰਨ 1978 ਵਿੱਚ ਆਪ ਦੇ ਘਰ ਪੁੱਤਰੀ ਤਰਨਜੀਤ ਕੌਰ ਅਤੇ ਸੰਨ 1981 ਵਿੱਚ ਪੁੱਤਰ ਹਰਪ੍ਰੀਤ ਸਿੰਘ ਬੇਦੀ ਨੇ ਜਨਮ ਲਿਆ। ਆਪ ਨੇ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਗ੍ਰਹਿਣ ਕਰਵਾਈ, ਜਿਸ ਸਦਕਾ ਬੇਟਾ ਹਰਪ੍ਰੀਤ ਸਿੰਘ ਬੇਦੀ ਵਧੀਆ ਕਾਰੋਬਾਰੀ ਖੇਤਰ ਵਿੱਚ ਅੰਮ੍ਰਿਤਸਰ ਵਿਖੇ ਅਤੇ ਨੂੰਹ ਮਨਦੀਪ ਕੌਰ ਸਰਕਾਰੀ ਅਧਿਆਪਕਾ ਵਜੋਂ ਡੇਰਾ ਬਾਬਾ ਨਾਨਕ ਵਿਖੇ ਸੇਵਾ ਨਿਭਾ ਰਹੀ ਹੈ।ਇਸੇ ਤਰ੍ਹਾਂ ਬੇਟੀ ਤਰਨਜੀਤ ਕੌਰ ਬਤੌਰ ਸਰਕਾਰੀ ਅਧਿਆਪਕਾ ਲੁਧਿਆਣਾ ਅਤੇ ਜਵਾਈ ਬਲਬੀਰ ਸਿੰਘ ਨਾਗੀ ਕਾਰੋਬਾਰੀ (ਟਰੇਡਿੰਗ) ਖੇਤਰ ਵਿੱਚ ਵਧੀਆ ਸੇਵਾਵਾਂ ਦੇ ਰਹੇ ਹਨ। ਸੰਯੁਕਤ ਬੇਦੀ ਪਰਵਾਰ ਦੇ ਮੁਖੀ ਹੁੰਦਿਆਂ ਆਪ ਨੇ ਆਪਣੇ ਭਰਾਵਾਂ, ਭਰਜਾਈਆਂ, ਭਤੀਜੇ, ਭਤੀਜੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਆਪ ਦੇ ਵਿਸ਼ੇਸ਼ ਸਹਿਯੋਗ ਸਦਕਾ 1 ਭਤੀਜਾ, 2 ਨੂੰਹਾਂ, 1 ਭਤੀਜੀ, 1 ਜਵਾਈ ਡਾਕਟਰ, 1 ਭਤੀਜੀ ਏਅਰ ਫੋਰਸ ਵਿੱਚ ਵਿੰਗ ਕਮਾਂਡਰ, 1 ਜਵਾਈ ਏਅਰ ਫੋਰਸ ਵਿੱਚ ਫ਼ਾਈਟਰ ਪਾਇਲਟ, 1 ਭਤੀਜਾ ਕਨੇਡਾ ਵਿੱਚ ਕਾਰੋਬਾਰ ਕਰ ਰਿਹਾ ਹੈ। ਆਪ ਨੂੰ ਕਿਰਸਾਨੀ ਦੇ ਖੇਤਰ ਵਿੱਚ ਅਹਿਮ ਰੋਲ ਅਦਾ ਕਰਨ 'ਤੇ ਖੇਤੀਬਾੜੀ ਵਿਭਾਗ ਵੱਲੋਂ 2 ਵਾਰ ਤਹਿਸੀਲ ਪੱਧਰ ਤੇ ਅਗਾਂਹਵਧੂ ਕਿਸਾਨ ਐਵਾਰਡ ਨਾਲ ਨਿਵਾਜਿਆ ਗਿਆ। ਆਪ ਨੇ ਬਤੌਰ ਬੈਂਕ ਮੈਨੇਜਰ ਕਲਾਨੌਰ, ਰਮਦਾਸ, ਡੇਰਾ ਬਾਬਾ ਨਾਨਕ ਵਿਖੇ ਵਧੀਆ ਸੇਵਾਵਾਂ ਪ੍ਰਦਾਨ ਕੀਤੀਆਂ। 60 ਸਾਲ ਦੀ ਉਮਰ ਪੂਰੀ ਹੋਣ ਤੇ ਬੈਂਕ ਵਿਭਾਗ ਵੱਲੋਂ ਆਪ ਨੂੰ ਸੰਨ 2012 ਵਿੱਚ ਸੇਵਾ ਮੁਕਤ ਕਰ ਦਿੱਤਾ ਗਿਆ। ਆਪ ਨੇ ਬੈਂਕ ਮੈਨੇਜਰ ਵਜੋਂ ਆਪਣੀ ਡਿਊਟੀ ਬੜੀ ਵਫਾਦਾਰੀ ਤੇ ਇਮਾਨਦਾਰੀ ਨਾਲ ਨਿਭਾਈ। ਆਪ ਬੈਂਕ ਦੀ ਡਿਊਟੀ ਦੇ ਨਾਲ ਨਾਲ ਖੇਤੀਬਾੜੀ ਅਤੇ ਆਪਣੀ ਦੁਕਾਨ ਤੇ ਕਾਰੋਬਾਰ ਦਾ ਕੰਮਕਾਜ ਵੀ ਸੰਭਾਲਦੇ ਸਨ। 12 ਮਾਰਚ ਨੂੰ ਹੱਸਦੇ ਵੱਸਦੇ ਬੇਦੀ ਪਰਵਾਰ ਅਤੇ ਸੱਜਣਾ ਮਿੱਤਰਾਂ ਦੀ ਦੁਨੀਆਂ ਵਿੱਚ ਉਸ ਵਕਤ ਗਹਿਰਾ ਮਾਤਮ ਛਾ ਗਿਆ ਜਦੋਂ ਆਪਣੇ ਗ੍ਰਹਿ ਪਰਵਾਰਕ ਮੈਂਬਰਾਂ ਨਾਲ ਰਾਤ ਨੂੰ ਪਾਰਟੀ ਕਰਨ ਉਪਰੰਤ 5 ਪਰਵਾਰਕ ਡਾਕਟਰਾਂ ਦੀ ਹਾਜ਼ਰੀ ਵਿੱਚ ਸਾਬਕਾ ਬੈਂਕ ਮੈਨੇਜਰ ਸੁਰਜੀਤ ਸਿੰਘ ਬੇਦੀ ਅਚਾਨਕ ਇਸ ਫ਼ਾਨੀ ਦੁਨੀਆ ਨੂੰ ਸਦਾ ਲਈ ਅਲਵਿਦਾ ਕਹਿ ਕੇ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ। ਉਨ੍ਹਾਂ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 22 ਮਾਰਚ ਨੂੰ ਉਹਨਾਂ ਦੇ ਗ੍ਰਹਿ ਬਟਾਲਾ ਰੋਡ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਵਿਖੇ ਪੈਣਗੇ, ਉਪਰੰਤ ਗੁਰਬਾਣੀ ਤੇ ਕੀਰਤਨ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਸਾਹਮਣੇ ਯੁਵਰਾਜ ਗਾਰਡਨ ਡੇਰਾ ਬਾਬਾ ਨਾਨਕ ਵਿਖੇ ਹੋਵੇਗਾ। ਇਸ ਮੌਕੇ ਵੱਖ-ਵੱਖ ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਭਰੀ ਜਾਵੇਗੀ। ਰਮੇਸ਼ ਸ਼ਰਮਾ

ਕਿਸਾਨਾਂ ਨੇ 26 ਦੇ ਚੰਡੀਗੜ੍ਹ ਰੋਸ ਧਰਨੇ ਲਈ ਕੀਤੀਆਂ ਤਿਆਰੀਆਂ

ਬਾਬਾ ਬਕਾਲਾ ਸਾਹਿਬ, (ਜਸਪਾਲ ਸਿੰਘ)- ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਇਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਉਮਰਾਜ ਸਿੰਘ ਧਰਦਿਉ ਦੀ ਅਗਵਾਈ ਹੇਠ ਹੋਈ। ਇਸ ਮੌਕੇ ਜਥੇਬੰਦੀ ਵੱਲੋਂ ਸੂਬਾ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਦੀ ਅਗਵਾਈ ਹੇਠ 26 ਮਾਰਚ ਨੂੰ ਚੰਡੀਗੜ੍ਹ ਵਿਖੇ ਹੱਕੀ ਮੰਗਾਂ ਨੂੰ ਲੈ ਕੇ ਦਿੱਤੇ ਜਾਣ ਵਾਲੇ ਰੋਸ ਧਰਨੇ ਦੀਆਂ ਤਿਆਰੀਆਂ ਕੀਤੀਆਂ ਗਈਆਂ ਅਤੇ ਧਰਨੇ ਨੂੰ ਕਾਮਯਾਬ ਕਰਨ ਲਈ ਪਿੰਡ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਉਮਰਾਜ ਸਿੰਘ ਧਰਦਿਉ, ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ, ਜਸਵੰਤ ਸਿੰਘ ਕਾਲੇਕੇ, ਜਗਜੀਤ ਸਿੰਘ ਕਾਲੇਕੇ, ਰਤਨ ਸਿੰਘ ਗੱਗੜਭਾਣਾ, ਜਸਬੀਰ ਸਿੰਘ ਬਦੇਸ਼ਾ ਧਰਮ ਸਿੰਘ ਗੱਗੜਭਾਣਾ, ਅਨੋਖ ਸਿੰਘ ਧਰਦਿਉ, ਹਰਿੰਦਰ ਸਿੰਘ ਬੁਟੱਰ, ਗੁਰਦੇਵ ਸਿੰਘ ਬੋਝਾ, ਲਖਵਿੰਦਰ ਸਿੰਘ ਕਾਲੇਕੇ, ਸੁਰਜੀਤ ਸਿੰਘ ਧਰਦਿਉ, ਮਨਜਿੰਦਰ ਸਿੰਘ ਹੀਰਾ, ਹਰਜੀਤ ਸਿੰਘ ਰਜਧਾਨ, ਗੁਰਮੇਜ ਸਿੰਘ ਗੱਗੜਭਾਣਾ, ਅਤੇ ਹੋਰ ਹਾਜ਼ਰ ਸਨ।

ਸਟੇਟ ਐਵਾਰਡੀ ਪ੍ਰਿੰ. ਸਵਿੰਦਰ ਸਿੰਘ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸੁਖਮਨੀ ਇੰਟਰਨੈਸ਼ਨਲ ਸਕੂਲ ਚਾਕਾਂਵਾਲੀ ਡੇਰਾ ਬਾਬਾ ਨਾਨਕ ਦੇ ਐਮ ਡੀ ਸਟੇਟ ਐਵਾਰਡੀ ਪ੍ਰਿੰਸੀਪਲ ਸਵਿੰਦਰ ਸਿੰਘ ਜੋ ਬੀਤੇ ਦਿਨੀਂ ਅਚਾਨਕ ਗੁਰ ਚਰਨਾਂ ਵਿੱਚ ਜਾ ਬਿਰਾਜੇ ਸਨ, ਉਹਨਾਂ ਨਮਿਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਉਹਨਾਂ ਦੇ ਗ੍ਰਹਿ ਛੱਤੀ ਗਲੀ ਡੇਰਾ ਬਾਬਾ ਨਾਨਕ ਵਿਖੇ ਪਾਏ ਗਏ, ਉਪਰੰਤ ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸੁਖਮਨੀ ਇੰਟਰਨੈਸ਼ਨਲ ਸਕੂਲ ਚਾਕਾਂਵਾਲੀ ਵਿਖੇ ਕਰਵਾਇਆ ਗਿਆ। ਇਸ ਮੌਕੇ ਭਾਈ ਜਸਵਿੰਦਰ ਸਿੰਘ ਤੇ ਭਾਈ ਮਨਜਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਧਾਰਮਿਕ ਸਮਾਜ ਸੇਵੀ ਤੇ ਸਿਆਸੀ ਆਗੂਆਂ ਵੱਲੋਂ ਸਵ. ਪ੍ਰਿੰਸੀਪਲ ਸਵਿੰਦਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਸ਼ਰਧਾਂਜਲੀ ਸਮਾਗਮ ਮੌਕੇ ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਮੈਂਬਰ ਐਸਜੀਪੀਸੀ, ਸਾਬਕਾ ਚੇਅਰਮੈਨ ਮਨਮੋਹਨ ਸਿੰਘ ਪੱਖੋਕੇ, ਡਾ. ਅਨੂਪ ਸਿੰਘ, ਮਾਸਟਰ ਸਤਨਾਮ ਸਿੰਘ ਧਾਰੋਵਾਲੀ, ਹਰਪਾਲ ਸਿੰਘ ਰਾਮਦਵਾਲੀ, ਮਾਸਟਰ ਰਘਬੀਰ ਸਿ

22 Mar Page-12.qxd 3/21/2025 11:03 PM Page 1

ਯੁੱਧ ਨਸ਼ਿਆਂ ਵਿਰੁੱਧ : ਭਾਰਗਵ ਕੈਂਪ 'ਚ ਤਿੰਨ ਤਸਕਰ ਭਰਾਵਾਂ ਦੀ ਗੈਰ-ਕਾਨੂੰਨੀ ਉਸਾਰੀ ਢਾਹੀ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ) ਨਸ਼ਾ ਤਸਕਰਾਂ ਵੱਲੋਂ ਕੀਤੇ ਗਏ ਗੈਰ-ਕਾਨੂੰਨੀ ਕਬਜ਼ਿਆਂ ਖਿਲਾਫ਼ ਚੱਲ ਰਹੀ ਕਾਰਵਾਈ ਤਹਿਤ ਨਗਰ ਨਿਗਮ ਜਲੰਧਰ ਵੱਲੋਂ ਕਮਿਸ਼ਨਰੇਟ ਪੁਲਸ ਜਲੰਧਰ ਨਾਲ ਮਿਲ ਕੇ ਸ਼ੁੱਕਰਵਾਰ ਨੂੰ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ ਇੱਕ ਦੋ ਮੰਜ਼ਿਲਾ ਜਾਇਦਾਦ ਨੂੰ ਢਾਹ ਦਿੱਤਾ ਗਿਆ, ਜੋ ਕਿ ਕਬਜ਼ੇ ਦੇ ਚੱਲਦਿਆਂ ਬਣਾਈ ਜਾ ਰਹੀ ਸੀ। ਡਰੱਗ ਮਨੀ ਨਾਲ ਸਰਕਾਰੀ ਜ਼ਮੀਨ 'ਤੇ ਉਸਾਰੇ ਕਬਜ਼ੇ ਵਾਲੇ ਢਾਂਚੇ ਨੂੰ ਭਾਰਗਵ ਕੈਂਪ ਇਲਾਕੇ ਵਿੱਚ ਢਾਹਿਆ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਜਲੰਧਰ ਮੈਡਮ ਧਨਪ੍ਰੀਤ ਕੌਰ ਨੇ ਦੱਸਿਆ ਕਿ ਨਗਰ ਨਿਗਮ ਨੂੰ ਬਦਨਾਮ ਨਸ਼ਾ ਤਸਕਰਾਂ ਵਰਿੰਦਰ ਉਰਫ਼ ਮੌਲਾ, ਜਤਿੰਦਰ ਉਰਫ਼ ਜਿੰਦਰ ਅਤੇ ਰੋਹਿਤ ਕੁਮਾਰ ਉਰਫ਼ ਕਾਕਾ ਤਿੰਨੇ ਭਰਾਵਾਂ ਵੱਲੋਂ ਸਰਕਾਰੀ ਜ਼ਮੀਨ 'ਤੇ ਗੈਰ ਕਾਨੂੰਨੀ ਉਸਾਰੀ ਬਾਰੇ ਜਾਣਕਾਰੀ ਮਿਲੀ ਸੀ।ਇਹ ਤਿੰਨੇ ਭਰਾ ਮੌਜੂਦਾ ਸਮੇਂ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਕਿਹਾ ਕਿ ਇਹ ਜਾਇਦਾਦ ਕਥਿਤ ਤੌਰ 'ਤੇ ਨਸ਼ਿਆਂ ਦੇ ਨਜਾਇਜ਼ ਧੰਦੇ ਤੋਂ ਪ੍ਰਾਪਤ ਪੈਸੇ ਤੋਂ ਬਣਾਈ ਗਈ ਸੀ।ਨਗਰ ਨਿਗਮ ਅਤੇ ਪੁਲਸ ਟੀਮਾਂ ਨੇ ਤੁਰੰਤ ਕਾਰਵਾਈ ਕਰਦਿਆਂ ਕਬਜ਼ੇ ਵਾਲੇ ਢਾਂਚੇ ਨੂੰ ਢਾਹ ਦਿੱਤਾ, ਜਿਸ ਨਾਲ ਇੱਕ ਸਖ਼ਤ ਸੰਦੇਸ਼ ਗਿਆ ਹੈ ਕਿ ਜਲੰਧਰ ਸ਼ਹਿਰ ਵਿੱਚ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਕਿਹਾ ਕਿ ਮੁਲਜ਼ਮ ਆਦਤਨ ਅਪਰਾਧੀ ਹਨ, ਜਿਨ੍ਹਾਂ ਵਿਰੁੱਧ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੇਂਸਿਸ (ਐਨ ਡੀ ਪੀ ਐਸ.) ਐਕਟ, ਐਕਸਾਈਜ਼ ਐਕਟ ਅਤੇ ਹੋਰ ਅਪਰਾਧਿਕ ਧਾਰਾਵਾਂ ਤਹਿਤ ਕੁੱਲ 15 ਮਾਮਲੇ ਦਰਜ ਹਨ।ਇਹ ਕਾਰਵਾਈ ਨਸ਼ਾ ਤਸਕਰਾਂ ਦੇ ਵਿੱਤੀ ਨੈੱਟਵਰਕ ਨੂੰ ਖ਼ਤਮ ਕਰਨ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਣ ਕਦਮ ਹੈ।ਉਨ੍ਹਾਂ ਦੱਸਿਆ ਕਿ ਵਰਿੰਦਰ ਵਿਰੁੱਧ 7 ਮਾਮਲੇ ਦਰਜ ਹਨ, ਜਦਕਿ ਰੋਹਿਤ ਅਤੇ ਜਤਿੰਦਰ ਖਿਲਾਫ਼ ਕ੍ਰਮਵਾਰ 6 ਅਤੇ 2 ਮਾਮਲੇ ਦਰਜ ਹਨ। 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਲਗਾਤਾਰ ਤੇਜ਼ੀ ਫੜਦੀ ਜਾ ਰਹੀ ਹੈ ਅਤੇ ਅਧਿਕਾਰੀਆਂ ਨੇ ਨਸ਼ਿਆਂ ਨਾਲ ਸਬੰਧਤ ਅਪਰਾਧਾਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦਾ ਤਹੱਈਆ ਕੀਤਾ ਹੋਇਆ ਹੈ। ਜ਼ਿਕਰਯੋਗ ਹੈ ਕਿ ਪਹਿਲਾਂ ਵੀ ਅਜਿਹੀਆਂ ਕਾਰਵਾਈਆਂ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਇਸ ਮਹੀਨੇ ਦੇ ਸ਼ੁਰੂ ਵਿੱਚ ਫਿਲੌਰ ਖੇਤਰ ਅਤੇ ਧੰਕੀਆ ਮੁਹੱਲਾ ਵਿੱਚ ਨਸ਼ਾ ਤਸਕਰੀ ਨਾਲ ਜੁੜੇ ਗੈਰ-ਕਾਨੂੰਨੀ ਢਾਂਚਿਆਂ ਨੂੰ ਢਾਹੁਣਾ ਸ਼ਾਮਲ ਹੈ।ਕਮਿਸ਼ਨਰੇਟ ਪੁਲਿਸ ਨੇ ਸਮਾਜ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਦੀ ਆਪਣੀ ਵਚਨਬੱਧਤਾ ਦਹੁਰਾਉਂਦਿਆਂ ਨਾਗਰਿਕਾਂ ਨੂੰ ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਦੇ ਯਤਨਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।

ਤਿੰਨੇ ਭਰਾ ਹਨ ਜੇਲ੍ਹ 'ਚ ਨਜ਼ਰਬੰਦ

ਬੇਨਿਯਮੀਆਂ ਕਾਰਨ ਕਾਨੂੰਨਗੋ ਮੁਅੱਤਲ, ਜਾਂਚ ਸ਼ੁਰੂ

ਜਲੰਧਰ, (ਇਕਬਾਲ ਸਿੰਘ ਉਭੀ, ਸੈਲੀ ਐਲਬਰਟ) ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵਲੋਂ ਪਟਵਾਰੀ ਤੋਂ ਕਾਨੂੰਨਗੋ ਪਦਉਨੱਤ ਹੋਏ ਵਰਿੰਦਰ ਕੁਮਾਰ ਖਿਲਾਫ਼ ਸਖ਼ਤ ਕਾਰਵਾਈ ਕਰਦਿਆਂ ਕਾਨੂੰਨਗੋ ਨੂੰ ਮੁਅੱਤਲ ਕਰਕੇ ਉਸ ਪਾਸੋਂ ਸ਼ਾਹਕੋਟ ਦੇ ਸਬ-ਰਜਿਸਟਰਾਰ ਦਾ ਚਾਰਜ ਵੀ ਵਾਪਸ ਲੈ ਲਿਆ ਗਿਆ ਹੈ।ਇਹ ਕਾਰਵਾਈ ਬੇਨਿਯਮੀਆਂ ਕਰਨ ਸਬੰਧੀ ਸ਼ਿਕਾਇਤ ਮਿਲਣ ਉਪਰੰਤ ਕੀਤੀ ਗਈ ਹੈ। ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁਅੱਤਲੀ ਸਮੇਂ ਦੌਰਾਨ ਤਹਿਸੀਲ ਸ਼ਾਹਕੋਟ ਵਰਿੰਦਰ ਕੁਮਾਰ ਦਾ ਹੈਡਕੁਆਰਟਰ ਹੋਵੇਗਾ। ਉਨ੍ਹਾਂ ਦੱਸਿਆ ਕਿ ਦੋਸ਼ਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਡਾ. ਅਗਰਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭ੍ਰਿਸ਼ਟਾਚਾਰ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਅਧਿਕਾਰੀਆਂ ਵਲੋਂ ਕੀਤੀਆਂ ਜਾਣ ਵਾਲੀਆਂ ਅਜਿਹੀਆਂ ਗੈਰ-ਜਿੰਮੇਵਾਰਾਨਾ ਕਾਰਵਾਈਆਂ ਸਹਿਣਯੋਗ ਨਹੀਂ ਹਨ। ਉਨ੍ਹਾਂ ਭਰੋਸਾ ਦੁਆਇਆ ਕਿ ਬੇਨਿਯਮੀਆਂ ਦੇ ਦੋਸ਼ੀਆਂ ਖਿਲਾਫ਼ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

'ਜਿਉਂਦੇ ਜੀਅ ਖ਼ੂਨਦਾਨ, ਜਾਂਦੇ ਹੋਏ ਨੇਤਰਦਾਨ' ਸੰਦੇਸ਼ ਦੇ ਪ੍ਰੇਰਕ ਬਣੇ ਹਰਦੇਵ ਸਿੰਘ ਦੁਪਾਲਪੁਰੀ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) 'ਜਿਉਂਦੇ ਜੀਅ ਖ਼ੂਨਦਾਨ, ਜਾਂਦੇ ਹੋਏ ਨੇਤਰਦਾਨ' ਜਾਗਰੂਕਤਾ ਸੰਦੇਸ਼ ਲਈ ਨੇਤਰਦਾਨੀ ਸਵ: ਹਰਦੇਵ ਸਿੰਘ ਇੱਕ ਪ੍ਰੇਰਕ ਬਣ ਗਏ ਹਨ। ਇਹ ਸ਼ਬਦ ਜਥੇਦਾਰ ਤ੍ਰਲੋਚਨ ਸਿੰਘ ਦੁਪਾਲਪੁਰੀ ਨੇ ਸਥਾਨਕ ਗੁਰੂ ਨਾਨਕ ਨਗਰ ਦੇ ਗੁਰਦੁਆਰਾ ਸਾਹਿਬ ਵਿਖੇ ਹਰਦੇਵ ਸਿੰਘ ਨਮਿੱਤ ਅੰਤਿਮ ਅਰਦਾਸ ਉਪ੍ਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਆਖੇ। ਉਹਨਾਂ ਕਿਹਾ ਕਿ ਉਹਨਾਂ ਦੀ ਨੂੰਹ ਸੁਖਵਿੰਦਰ ਕੌਰ ਨੇ 36 ਵਾਰ ਖ਼ੂਨਦਾਨ ਕੀਤਾ ਹੈ। ਇਸ ਤਰ੍ਹਾਂ ਇਹ ਪਰਵਾਰ ਖ਼ੂਨਦਾਨ ਤੇ ਨੇਤਰਦਾਨ ਸੇਵਾ ਲਈ ਮਿਸਾਲ ਬਣਿਆ ਹੈ। ਉਹਨਾਂ ਆਖਿਆ ਕਿ ਸਾਨੂੰ ਆਪਣੇ ਪ੍ਰਲੋਕ ਨੂੰ ਸੁਧਾਰਨ ਦੀ ਇੱਛਾ ਰੱਖਦਿਆਂ ਆਪਣੇ ਵਰਤਮਾਨ ਨੂੰ ਸੁਧਾਰਨ ਦੇ ਯਤਨ ਵੀ ਜਾਰੀ ਰੱਖਣੇ ਚਾਹੀਦੇ ਹਨ। ਬੀ ਡੀ ਸੀ ਅਤੇ ਉਪਕਾਰ ਸੋਸਾਇਟੀ ਵੱਲੋਂ ਜੇ ਐਸ ਗਿੱਦਾ ਨੇ ਖ਼ੂਨਦਾਨ ਨੂੰ ਉਤੱਮ ਦਾਨ ਦੱਸਿਆ। ਨੇਤਰਦਾਨ ਸੰਸਥਾ ਰੋਪੜ ਦੇ ਪ੍ਰਧਾਨ ਮਨਜੀਤ ਸਿੰਘ ਨੇ ਦੱਸਿਆ ਕਿ ਜਿਉਂਦੇ ਜੀਅ ਜਾਗਰੂਕ ਪ੍ਰਾਣੀ ਇੱਕ ਪ੍ਰਣ-ਪੱਤਰ ਰਾਹੀਂ ਇਹ ਵਾਅਦਾ ਕਰਦੇ ਹਨ ਕਿ ਉਹ ਦੁਨੀਆਂ ਤੋਂ ਜਾਣ ਉਪ੍ਰੰਤ ਨੇਤਰ ਦਾਨ ਕਰਨ ਲਈ ਸਹਿਮਤੀ ਦਿੰਦੇ ਹਨ।ਇਸ ਦਾਨ ਨਾਲ੍ਹ ਸਬੰਧਤ ਪਰਵਾਰ ਦੀ ਜਾਗਰੂਕਤਾ ਜ਼ਰੂਰੀ ਹੈ, ਕਿਉਂਕਿ ਵਿਛੜੇ ਪ੍ਰਾਣੀ ਬਾਰੇ ਸੰਸਥਾ ਨੂੰ ਸੂਚਨਾ ਪਰਵਾਰ ਵੱਲੋਂ ਹੀ ਸੰਭਵ ਹੁੰਦੀ ਹੈ। ਉਹਨਾਂ ਕਿਹਾ ਕਿ ਸਾਡੇ ਦੇਸ਼ ਵਿੱਚ ਕਰੀਬ ਇੱਕ ਕਰੋੜ ਲੋਕ ਅੱਖਾਂ ਦੀ ਰੌਸ਼ਨੀ ਤੋਂ ਵਾਂਝੇ ਹਨ ਪਰ ਅਸੀਂ ਅਗਿਆਨਤਾ ਵੱਸ ਮ੍ਰਿਤਕ ਦੀਆਂ ਕੀਮਤੀ ਅੱਖਾਂ ਅਗਨ ਭੇਟ ਕਰ ਦਿੰਦੇ ਹਾਂ। ਪਰ ਨੇਤਰਦਾਨੀਆਂ ਦੇ ਦਾਨ ਨਾਲ ਕੁੱਝ ਲੋੜਵੰਦਾਂ ਨੂੰ ਰੌਸ਼ਨੀ ਵੀ ਮਿਲ ਰਹੀ ਹੈ ਜਿਵੇਂ ਸਵ: ਹਰਦੇਵ ਸਿੰਘ ਨੇ ਦੁਨੀਆ ਤੋਂ ਜਾਂਦਿਆਂ ਦੋ ਵਿਅਕਤੀਆਂ ਦੀਆਂ ਅੱਖਾਂ ਨੂੰ ਰੌਸ਼ਨੀ ਦੇਣ ਦਾ ਪੁੰਨ ਕਮਾਇਆ ਹੈ।ਇਸ ਮੌਕੇ ਸੰਸਥਾ ਵਲੋਂ ਨੇਤਰਦਾਨੀ ਹਰਦੇਵ ਸਿੰਘ ਦੇ ਸਪੁੱਤਰ ਭੁਪਿੰਦਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸੰਗਤਾਂ ਵਿੱਚ ਸਟੇਜ ਸਕੱਤਰ ਸੁਖਵਿੰਦਰ ਸਿੰਘ, ਗੁਰਿੰਦਰ ਕੌਰ, ਬਲਵੀਰ ਕੌਰ, ਸੁਖਵਿੰਦਰ ਕੌਰ, ਗੁਰਦੇਵ ਸਿੰਘ ਪਾਬਲਾ ਸਰਪੰਚ ਲੰਗੜੋਆ, ਸਿਹਤ ਮੰਤਰੀ ਪੰਜਾਬ ਦੇ ਭਾਈ ਜਸਵੀਰ ਸਿੰਘ ਭੌਰਾ, ਮਨਮੀਤ ਸਿੰਘ ਮੈਨੇਜਰ ਬੀ.ਡੀ.ਸੀ., ਸੁਮੀਤ ਗਿੱਲ ਹੁਸ਼ਿਆਰਪੁਰ ਤੇ ਮਲਵਿੰਦਰ ਸਿੰਘ ਲੁਧਿਆਣਾ ਆਦਿ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਅਨਾਇਆ ਮੂਮ
ਪਿਤਾ : ਰਜਿੰਦਰ ਮੂਮ
ਮਾਤਾ : ਨੀਲਮ ਮੂਮ
ਵਾਸੀ : ਨਵਾਂਸ਼ਹਿਰ

ਅਸਤਿਤਵ ਜੈਨ
ਵਾਸੀ : ਮਲੋਟ

ਵਰਕਰਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ : ਨਛੱਤਰ ਸਿੰਘ

ਕਾਲਾ ਸੰਘਿਆਂ (ਮਨਜੀਤ ਮਾਨ) ਪੰਜਾਬ ਸਟੇਟ ਰੋਡ ਟਰਾਂਸਪੋਰਟ ਵਰਕਰ ਫੈਡਰੇਸ਼ਨ (ਸੀਟੂ) ਦੀ ਅਹਿਮ ਮੀਟਿੰਗ ਚੇਅਰਮੈਨ ਬਾਈ ਨਛੱਤਰ ਸਿੰਘ ਦੀ ਅਗਵਾਈ ਵਿੱਚ ਢਿਲਵਾਂ ਟੋਲ ਪਲਾਜਾ ਵਿਖੇ ਹੋਈ,ਜਿਸ ਵਿੱਚ ਟੋਲ ਪਲਾਜਾ ਵਰਕਰਾਂ ਦੀ 21 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਅਹੁਦੇਦਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਜਥੇਬੰਦੀ ਪ੍ਰਤੀ ਵਫਾਦਾਰ ਰਹਿ ਕੇ ਕੰਮ ਕਰਨਗੇ। ਇਸ ਮੌਕੇ ਜੁਗਰਾਜ ਸਿੰਘ ਚੇਅਰਮੈਨ, ਜਸਦੀਪ ਸਿੰਘ ਮੀਤ ਪ੍ਰਧਾਨ ਸਿਮਰਨਜੀਤ ਸਿੰਘ ਸ਼ੇਰੂ ਪ੍ਰਧਾਨ, ਵਿਸ਼ਾਲਦੀਪ ਸਿੰਘ ਜਨਰਲ ਸਕੱਤਰ, ਕੇਬਲ ਸਿੰਘ ਖਜਾਨਚੀ, ਰੇਸ਼ਮ ਸਿੰਘ ਸਹਾਇਕ ਖਜਾਨਚੀ, ਭੁਪਿੰਦਰ ਸਿੰਘ ਮੀਡੀਆ ਐਡਵਾਈਜ਼ਰ ਨਿਯੁਕਤ ਕੀਤੇ ਗਏ, ਇਸ ਮੌਕੇ ਚੇਅਰਮੈਨ ਬਾਈ ਨਛੱਤਰ ਸਿੰਘ ਨੇ ਕਿਹਾ ਕਿ ਜਥੇਬੰਦੀ ਜਿਸ ਤਰ੍ਹਾਂ ਪਹਿਲਾਂ ਵਰਕਰਾਂ ਦੇ ਹੱਕਾਂ ਦੇ ਲਈ ਲੜਦੀ ਆ ਰਹੀ ਹੈ,ਉਸੇ ਤਰ੍ਹਾਂ ਵਰਕਰਾਂ ਦੇ ਨਾਲ ਚੱਟਾਨ ਵਾਂਗ ਖੜੀ ਰਹੇਗੀ। ਉਹਨਾਂ ਕਿਹਾ ਕਿ ਵਰਕਰਾਂ ਨੂੰ ਤਨਖਾਹ ਸਬੰਧੀ ਆ ਰਹੀਆਂ ਮੁਸ਼ਕਿਲਾਂ ਨੂੰ ਜਲਦੀ ਪਹਿਲ ਦੇ ਅਧਾਰ ਤੇ ਹੱਲ ਕਰਵਾਇਆ ਜਾਵੇਗਾ। ਉਹਨਾਂ ਨੇ ਕੰਪਨੀ ਨੂੰ ਵੱਧ ਤੋਂ ਵੱਧ ਪੰਜਾਬੀ ਨੌਜਵਾਨ ਵਰਕਰਾਂ ਨੂੰ ਭਰਤੀ ਕਰਨ ਦੀ ਅਪੀਲ ਵੀ ਕੀਤੀ। ਉਹਨਾਂ ਕਿਹਾ ਕਿ ਵਰਕਰਾਂ ਦੇ ਨਾਲ ਕਿਸੇ ਵੀ ਤਰ੍ਹਾਂ ਦਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਹਰਜੀਤ ਸਿੰਘ ਪੱਡਾ ਜ਼ਿਲਾ ਪ੍ਰਧਾਨ ਕਪੂਰਥਲਾ ਬੀਕੇਯੂ ਕ੍ਰਾਂਤੀਕਾਰੀ, ਲਖਵਿੰਦਰ ਸਿੰਘ ਸਰਪੰਚ ਮੰਡੇਰ ਬੇਟ, ਅਮਰਿੰਦਰ ਸਿੰਘ ਖੰਡੂਰ, ਹਰਚੰਦ ਸਿੰਘ, ਬਲਵਿੰਦਰ ਸਿੰਘ, ਲਵਪ੍ਰੀਤ ਸਿੰਘ ਢਿੱਲਵਾਂ ਜ਼ੋਨ ਜਨਰਲ ਸਕੱਤਰ, ਬੂਟਾ ਸਿੰਘ ਬਿਜਲੀ ਨੰਗਲ, ਮੰਗੀ ਸਿੰਘ ਖਾਲਸਾ, ਜਤਿੰਦਰ ਸਿੰਘ ਸੋਨੂੰ ਆਦਿ ਹਾਜ਼ਰ ਸਨ।

ਖ਼ੂਨਦਾਨ ਕੈਂਪ ਭਲਕੇ

ਲੋਹੀਆਂ ਖਾਸ (ਯੋਗੇਸ਼ਵਰ ਸ਼ਰਮਾ) : ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਨਦਰਿ ਕਰਮਿ ਸੇਵਾ ਦਲ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਮਰੀਕਾ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ 23 ਮਾਰਚ ਦਿਨ ਐਤਵਾਰ ਦੇਸ਼ ਦੇ ਸਮੂੱਚੇ ਸ਼ਹੀਦਾਂ ਨੂੰ ਸਮਰਪਿਤ ਲੋੜਵੰਦ ਮਰੀਜ਼ਾਂ ਦੀ ਮਦਦ ਵਾਸਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ੍ਹ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਦੇ ਪ੍ਰਬੰਧਾਂ ਸਬੰਧੀ ਤਿਆਰੀ ਮੀਟਿੰਗ ਦੌਰਾਨ ਸਲਵਿੰਦਰ ਸਿੰਘ ਜਾਲਫ਼, ਧਰਮਵੀਰ ਕੰਡਾ, ਰਿਟਾ: ਥਾਣੇਦਾਰ ਸੁਖਵਿੰਦਰਜੀਤ ਸਿੰਘ ਚੰਦੀ, ਸਤਿੰਦਰ ਸਿੰਘ ਖ਼ਾਲਸਾ ਨੇਂ ਦੱਸਿਆ ਕਿ ਇਹ ਗਿਆਰਵਾਂ ਖ਼ੂਨਦਾਨ ਕੈਂਪ ਸ਼ਹੀਦ ਭਗਤ ਸਿੰਘ ਚੌਕ ਲੋਹੀਆਂ ਦੇ ਨੇੜੇ ਜੰਝਘਰ ਵਿਖ਼ੇ ਲੱਗੇਗਾ ਜਿਸ ਵਿੱਚ ਦੁਆਬਾ ਬਲੱਡ ਸੈਂਟਰ ਕਪੂਰਥਲਾ ਦੀ ਮੈਡੀਕਲ ਟੀਮ ਸੇਵਾਵਾਂ ਦੇਵੇਗੀ ਲੋਹੀਆਂ ਸ਼ਹਿਰ ਅਤੇ ਇਲਾਕੇ ਵਿੱਚ ਕਿਸੇ ਵੀ ਮਰੀਜ਼ ਨੂੰ ਖ਼ੂਨ ਦੀ ਲੋੜ ਪੈਣ 'ਤੇ ਖ਼ੂਨ ਉਪਲੱਬਧ ਵੀ ਕਰਵਾਇਆ ਜਾਂਦਾ ਹੈ। ਇਸ ਮੌਕੇ ਦਵਿੰਦਰ ਸਿੰਘ ਬਿੱਲਾ, ਦਵਿੰਦਰ ਸਿੰਘ ਹੈਪੀ, ਮਾਸਟਰ ਪਰਮਿੰਦਰ ਸਿੰਘ ਪਨੇਸਰ, ਹਰਵਿੰਦਰ ਸਿੰਘ ਧੰਜੂ, ਅਮਨਦੀਪ ਸਿੰਘ ਦੇਵਗੁਣ, ਮੋਤੀ ਲਾਲ ਕਾਲੀਆ, ਸਾਹਿਬਜੋਤ ਸਿੰਘ ਕੰਗ ਅਤੇ ਜੋਤਪ੍ਰਕਾਸ਼ ਸਿੰਘ ਬਬਰਾਹ ਹਾਜ਼ਰ ਸਨ।

ਸ਼ਹੀਦ ਬਾਬਾ ਮਤੀ ਜੀ ਮੈਮੋਰੀਅਲ ਹਾਈ ਸਕੂਲ ਦਾ ਸਾਲਾਨਾ ਸਮਾਗਮ

ਆਦਮਪੁਰ (ਪਰਮਜੀਤ ਸਿੰਘ): ਵਿਧਾਨ ਸਭਾ ਹਲਕਾ ਆਦਮਪੁਰ ਦੇ ਇਤਿਹਾਸਿਕ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾ ਦੀ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਚੱਲ ਰਹੇ ਸ਼ਹੀਦ ਬਾਬਾ ਮਤੀ ਮੈਮੋਰੀਅਲ ਹਾਈ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਅਗਵਾਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਸਮਾਗਮ ਵਿੱਚ ਮੁੱਖ ਮੁੱਖ ਮਹਿਮਾਨ ਵਜੋਂ ਪ੍ਰਧਾਨ ਮਨੋਹਰ ਨੇ ਸ਼ਿਰਕਤ ਕੀਤੀ।ਇਸ ਮੌਕੇ ਪ੍ਰਧਾਨ ਮਨੋਹਰ ਸਿੰਘ, ਸੈਕਟਰੀ ਨਰਿੰਦਰ ਸਿੰਘ ਨਿੰਦੀ, ਸਰਪੰਚ ਰਸਪਾਲ ਸਿੰਘ, ਰਣਵੀਰ ਪਾਲ ਸਿੰਘ, ਪ੍ਰਿੰਸੀਪਲ ਤੇਜਾ ਸਿੰਘ, ਸਤਨਾਮ ਸਿੰਘ ਸਾਬਕਾ ਇੰਸਪੈਕਟਰ, ਮੱਖਣ ਸਿੰਘ, ਜਰਨੈਲ ਸਿੰਘ, ਕਰਮ ਸਿੰਘ, ਡਾਕਟਰ ਰਣਧੀਰ ਸਿੰਘ ਰੰਧਾਵਾ, ਡਾਕਟਰ ਦੀਪ ਸਿੰਘ, ਜਸਪਾਲ ਸਿੰਘ ਸਾਭਾ, ਹਰਚਰਨ ਸਿੰਘ, ਮਾਸਟਰ ਸੁਰਜੀਤ ਸਿੰਘ, ਕਿਰਨਜੋਤ ਕੌਰ, ਰਣਜੀਤ ਕੌਰ, ਰਾਜਵੀਰ ਕੌਰ, ਗੁਰਪ੍ਰੀਤ ਕੌਰ, ਹਰਪ੍ਰੀਤ ਕੌਰ, ਬਿਕਰਮ ਸਿੰਘ ਹਰਪ੍ਰੀਤ ਕੌਰ, ਪਰਮਿੰਦਰ ਕੌਰ, ਜਸਦੀਪ ਕੌਰ, ਪਰਮਿੰਦਰ ਕੌਰ, ਗੀਨਾ ਰਾਣੀ, ਗੁਰਪ੍ਰੀਤ ਕੌਰ, ਪ੍ਰਦੀਪ ਸਿੰਘ, ਪਰਮਜੀਤ ਕੌਰ, ਸੰਤੋਸ਼ ਕੁਮਾਰੀ, ਰਵਿੰਦਰ ਸਿੰਘ ਕਾਲਾ, ਕਰਨੈਲ ਸਿੰਘ, ਜਸਪਾਲ ਸਿੰਘ, ਕੁਲਦੀਪ ਸਿੰਘ ਸਤਨਾਮ, ਸਤਿਨਾਮ ਸਿੰਘ, ਸੁਖਵਿੰਦਰ ਸਿੰਘ ਲੱਕੀ, ਬਲਬੀਰ ਸਿੰਘ ਸਮੇਤ ਸਟਾਫ ਤੇ ਗੁਰਦੁਆਰਾ ਸ਼ਹੀਦ ਬਾਬਾ ਮਤੀ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ